ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7l

**International Daily Newspaper & WEB TV**

awazeqaumtvpunjab@gmail.com

ਮੰਗਲਵਾਰ, 20 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੪ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243





Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 20 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੪ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਮਾਣਹਾਨੀ ਮਾਮਲੇ 'ਚ ਸਾਬਕਾ ਵਿਧਾਇਕ ਸਿਮਰਜੀਤ ਸਿੰਘ ਬੈਂਸ ਦੋਸ਼ੀ ਕਰਾਰ, ਇਕ ਸਾਲ ਦੀ ਸੁਣਾਈ ਸਜ਼ਾ

**ਪਟਿਆਲਾ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-



ਪਟਿਆਲਾ ਦੀ ਅਦਾਲਤ ਨੇ ਸਾਬਕਾ ਵਿਧਾਇਕ ਸਿਮਰਜੀਤ ਸਿੰਘ ਬੈਂਸ ਨੂੰ ਮਾਣਹਾਨੀ ਦੇ ਕੇਸ ਵਿੱਚ ਇੱਕ ਸਾਲ ਦੀ ਸਜ਼ਾ ਸੁਣਾਈ ਹੈ। ਮਾਨਹਾਣੀ ਦਾ ਕੇਸ ਕਾਂਗਰਸ ਦੇ ਸਾਬਕਾ ਮੰਤਰੀ ਬ੍ਰਹਮ ਮਹਿੰਦਰਾ ਵੱਲੋਂ ਦਾਇਰ ਕੀਤਾ ਗਿਆ ਸੀ। ਇਸ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਬ੍ਰਹਮ ਮਹਿੰਦਰਾ ਦੇ ਵਕੀਲ ਐਡਵੋਕੇਟ ਗੁਰਪ੍ਰੀਤ ਸਿੰਘ ਭਸੀਨ ਨੇ ਦੱਸਿਆ ਕਿ ਸਾਬਕਾ ਵਿਧਾਇਕ ਸਿਮਰਜੀਤ ਸਿੰਘ ਬੈਂਸ ਨੂੰ ਪਟਿਆਲਾ ਦੀ ਅਦਾਲਤ ਨੇ ਮਾਣਹਾਨੀ ਦੇ ਕੇਸ ਵਿੱਚ ਇਕ ਸਾਲ ਦੀ ਸਜ਼ਾ ਸੁਣਾਈ ਹੈ ਇਥੇ ਇਹ ਦੱਸਣ ਯੋਗ ਹੈ ਕਿ ਜਦੋਂ ਸਾਲ 2017 ਤੋਂ 22 ਤੱਕ ਦੀ ਸਰਕਾਰ ਵਿੱਚ ਬ੍ਰਹਮ ਮਹਿੰਦਰਾ ਸਿਹਤ ਮੰਤਰੀ ਸਨ, ਉਦੋਂ ਸਿਮਰਜੀਤ ਸਿੰਘ ਬੈਂਸ ਨੇ ਉਨ੍ਹਾਂ ਦੀ ਕੁਝ ਦਵਾਈ ਵਾਲੇ ਕੰਪਨੀਆਂ ਨਾਲ ਸਾਂਝ ਹੋਣ ਦਾ ਦਾਅਵਾ ਕੀਤਾ ਸੀ, ਜਿਸ ਦਾ ਵਿਰੋਧ ਕਰਦੇ ਹੋਏ ਬ੍ਰਹਮ ਮਹਿੰਦਰਾ ਵੱਲੋਂ ਮਾਨਯੋਗ ਅਦਾਲਤ ਵਿੱਚ ਮਾਣਹਾਨੀ ਦਾ ਕੇਸ ਦਾਇਰ ਕੀਤਾ ਗਿਆ ਸੀ ਤੇ ਕੇਸ ਪਿਛਲੇ ਅੱਠ ਸਾਲ ਤੋਂ ਪਟਿਆਲਾ ਦੀ ਅਦਾਲਤ ਵਿੱਚ ਚੱਲ ਰਿਹਾ ਸੀ।

## ਐਕਸ਼ਨ ਕਮੇਟੀ ਨੇ ਵਿਧਾਇਕਾਂ ਦੇ

# ਘਰਾਂ ਮੂਹਰੇ ਚਿਪਕਾਏ 'ਲਾਹਨਤ ਪੱਤਰ'



**ਮਾਨਸਾ/ਚੰਡੀਗੜ੍ਹ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਰਵਿੰਦਰ ਸਿੰਘ ਝੋਟਾ ਕਤਲ ਮਾਮਲੇ ਨੂੰ ਲੈ ਕੇ ਅੱਜ ਐਕਸ਼ਨ ਕਮੇਟੀ ਅਤੇ ਝੋਟਾ ਦੇ ਸਮਰਥਕਾਂ ਵੱਲੋਂ ਪੂਰੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੇ ਘਰਾਂ ਦਾ ਘਿਰਾਓ ਕੀਤਾ ਜਾ ਰਿਹਾ ਹੈ। ਇਸੇ ਕੜੀ ਤਹਿਤ ਅੱਜ ਮਾਨਸਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਡਾ. ਵਿਜੈ ਸਿੰਗਲਾ ਦੇ ਘਰ ਦੇ ਬਾਹਰ ਵੀ ਪ੍ਰਦਰਸ਼ਨਕਾਰੀਆਂ ਨੇ ਘਿਰਾਓ ਕਰਕੇ ਆਪਣਾ ਰੋਸ ਜ਼ਾਹਰ ਕੀਤਾ। ਇਸ ਤੋਂ ਇਲਾਵਾ ਸਰਦੂਲਗੜ੍ਹ ਤੋਂ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਅਤੇ ਬੁਢਲਾਡਾ ਤੋਂ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਦੇ ਘਰਾਂ ਦਾ ਵੀ ਘਿਰਾਓ ਕੀਤਾ ਗਿਆ। ਪ੍ਰਦਰਸ਼ਨ ਦੌਰਾਨ ਐਕਸ਼ਨ ਕਮੇਟੀ ਅਤੇ ਝੋਟਾ ਦੇ ਸਮਰਥਕਾਂ ਵੱਲੋਂ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੇ ਘਰਾਂ ਦੇ ਬਾਹਰ 'ਲਾਹਨਤ ਪੱਤਰ' ਵੀ ਚਿਪਕਾਏ ਗਏ। ਇਸ ਕਾਰਵਾਈ ਰਾਹੀਂ ਪ੍ਰਦਰਸ਼ਨਕਾਰੀਆਂ ਨੇ ਸਰਕਾਰ ਅਤੇ ਸੱਤਾਧਾਰੀ ਪਾਰਟੀ ਦੇ ਵਿਧਾਇਕਾਂ ਪ੍ਰਤੀ ਆਪਣਾ ਵਿਰੋਧ ਜ਼ਾਹਰ ਕੀਤਾ।ਪਰਵਿੰਦਰ ਸਿੰਘ ਝੋਟਾ ਕਤਲ ਮਾਮਲੇ ਵਿੱਚ ਪਰਿਵਾਰ ਅਤੇ ਸਮਰਥਕਾਂ ਵੱਲੋਂ ਲਗਾਤਾਰ ਇਨਸਾਫ਼ ਦੀ ਮੰਗ ਕੀਤੀ ਜਾ ਰਹੀ ਹੈ। ਇਸੇ ਦੇ ਚੱਲਦਿਆਂ ਹੁਣ ਵਿਰੋਧ ਪ੍ਰਦਰਸ਼ਨਾਂ ਦਾ ਰੁਖ਼ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੇ ਘਰਾਂ ਤੱਕ ਪਹੁੰਚ ਗਿਆ ਹੈ।

## ਪਰਵਿੰਦਰ ਝੋਟਾ ਦੇ ਪਰਿਵਾਰ ਤੇ ਐਕਸ਼ਨ ਕਮੇਟੀ ਦੀ ਪ੍ਰਸ਼ਾਸਨ ਨਾਲ ਮੀਟਿੰਗ ਬੇਸਿੱਟਾ

**ਮਾਨਸਾ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ ਪ੍ਰਸ਼ਾਸਨ ਵੱਲੋਂ ਬਣਾਈ ਗਈ ਕਮੇਟੀ ਤੇ ਪਰਿਵਾਰ ਨਾਲ ਸੰਘਰਸ਼ ਕਰ ਰਹੀਆਂ ਧਿਰਾਂ ਵਿਚਾਲੇ ਹੋਈ ਮੀਟਿੰਗ ਬੇਸਿੱਟਾ ਰਹੀ ਹੈ। ਪ੍ਰਸ਼ਾਸਨ ਵੱਲੋਂ ਗੱਲਬਾਤ ਲਈ ਉੱਚ ਅਧਿਕਾਰੀਆਂ ਨੂੰ ਭੇਜਿਆ ਗਿਆ ਸੀ



ਪਰ ਮੰਗਾਂ ਉੱਤੇ ਸਹਿਮਤੀ ਨਹੀਂ ਬਣ ਸਕੀ। ਮੀਟਿੰਗ ਤੋਂ ਬਾਅਦ ਕਮੇਟੀ ਮੈਂਬਰਾਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜਦੋਂ ਤੱਕ ਮੰਗਾਂ 'ਤੇ ਸਹਿਮਤੀ ਨਹੀਂ ਬਣਦੀ, ਉਦੋਂ ਤੱਕ ਪਰਵਿੰਦਰ ਝੋਟਾ ਦਾ ਸਸਕਾਰ ਨਹੀਂ ਕੀਤਾ ਜਾਵੇਗਾ। ਇਸ ਮੀਟਿੰਗ ਦੌਰਾਨ ਮਾਮਲਾ ਗਰਮਾ-ਗਰਮ ਵੀ ਹੋਇਆ ਪਰ ਬਾਅਦ 'ਚ ਸਾਰਿਆਂ ਨੂੰ ਸ਼ਾਂਤ ਕਰਵਾਇਆ ਗਿਆ। ਜ਼ਿਕਰਯੋਗ ਹੈ ਕਿ ਪਰਵਿੰਦਰ ਝੋਟਾ ਦੇ ਕਤਲ ਤੋਂ ਬਾਅਦ ਪਰਿਵਾਰ ਅਤੇ ਸਮਰਥਕ ਇਨਸਾਫ਼ ਦੀ ਮੰਗ ਨੂੰ ਲੈ ਕੇ ਲਗਾਤਾਰ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਦੀ ਮੁੱਖ ਮੰਗ ਮਾਮਲੇ ਦੀ ਸੀਬੀਆਈ ਜਾਂਚ ਕਰਵਾਉਣਾ ਹੈ, ਜਿਸ ਕਾਰਨ ਹਾਲੇ ਤੱਕ ਮ੍ਰਿਤਕ ਦਾ ਸਸਕਾਰ ਨਹੀਂ ਕੀਤਾ ਗਿਆ। ਪਰਿਵਾਰ ਦਾ ਕਹਿਣਾ ਹੈ ਕਿ ਜਦੋਂ ਤੱਕ ਮੰਗਾਂ ਬਾਰੇ ਕੋਈ ਠੋਸ ਫ਼ੈਸਲਾ ਨਹੀਂ ਹੁੰਦਾ, ਉਹ ਪਿੱਛੇ ਨਹੀਂ ਹਟਣਗੇ।

## ਮੁੜ ਵਿਵਾਦ 'ਚ ਘਿਰੇ ਵਿਧਾਇਕ ਦੇਵ ਮਾਨ, 'ਆਪ' ਵਿਧਾਇਕ ਵੱਲੋਂ ਨੌਜਵਾਨ ਨਾਲ ਕੁੱਟਮਾਰ ਦੀ ਵੀਡੀਓ ਵਾਇਰਲ



**ਪਟਿਆਲਾ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋਣ ਤੋਂ ਬਾਅਦ ਸਿਆਸੀ ਵਿਵਾਦ ਖੜ੍ਹਾ ਹੋ ਗਿਆ ਹੈ। ਵੀਡੀਓ ਵਿੱਚ ਵਿਧਾਇਕ ਇੱਕ ਨੌਜਵਾਨ ਨਾਲ ਕੁੱਟਮਾਰ ਕਰਦੇ ਦਿਖਾਈ ਦੇ ਰਹੇ ਹਨ। ਵੀਡੀਓ 'ਚ ਦੇਖਿਆ ਜਾ ਸਕਦਾ ਹੈ ਕਿ ਵਿਧਾਇਕ ਸਾਹਮਣੇ ਤੋਂ ਆ ਰਹੇ ਇੱਕ ਨੌਜਵਾਨ ਨੂੰ ਫ਼ਿਲਮੀ ਅੰਦਾਜ਼ 'ਚ ਲੱਤ ਮਾਰਦੇ ਹਨ, ਜਿਸ ਤੋਂ ਬਾਅਦ ਉਕਤ ਨੌਜਵਾਨ ਹੇਠਾਂ ਡਿੱਗ ਜਾਂਦਾ ਹੈ। ਇਸ ਬਾਅਦ ਮੁੜ ਵਿਧਾਇਕ ਵਲੋਂ ਉਸਦੇ ਲੱਤਾਂ ਮਾਰੀਆਂ ਜਾਂਦੀਆਂ ਹਨ। ਇਸ ਸਭ ਦੇ ਦੌਰਾਨ ਪੁਲਿਸ ਵਾਲਾ ਇੱਕ ਪੁਲਿਸ ਕਰਮਚਾਰੀ ਵੀ ਉਥੇ ਨਾਲ ਹੀ ਮੌਜੂਦ ਦਿਖ ਰਿਹਾ ਜੋ ਉਸ ਨੌਜਵਾਨ ਦੇ ਥੱਪੜ ਮਾਰਦਾ ਦਿਖ ਰਿਹਾ ਹੈ। ਇਸ ਵੀਡੀਓ ਦੇ ਸਾਹਮਣੇ ਆਉਣ ਤੋਂ ਬਾਅਦ ਵਿਰੋਧੀ ਧਿਰ ਦੇ ਆਗੂਆਂ ਨੇ ਇਸ ਨੂੰ ਸਾਂਝਾ ਕਰਦਿਆਂ ਸਰਕਾਰ ਅਤੇ ਵਿਧਾਇਕ ਦੀ ਭੂਮਿਕਾ 'ਤੇ ਸਵਾਲ ਚੁੱਕੇ ਹਨ। ਵਿਧਾਇਕ ਦੇਵ ਮਾਨ ਮੁਤਾਬਕ ਇੱਕ ਮੋਟਰਸਾਈਕਲ ਉਨ੍ਹਾਂ ਦੀ ਗੱਡੀ ਨਾਲ ਟਕਰਾਉਣ ਤੋਂ ਬਚ ਗਿਆ। ਜਦੋਂ ਉਨ੍ਹਾਂ ਨੇ ਰੁਕ ਕੇ ਦੇਖਿਆ ਤਾਂ ਨੌਜਵਾਨ ਉੱਥੋਂ ਭੱਜਣ ਲੱਗ ਪਿਆ। ਦੇਵ ਮਾਨ ਨੇ ਕਿਹਾ ਕਿ ਪੁਲਿਸ ਵੀ ਉਸ ਦੇ ਪਿੱਛੇ ਲੱਗੀ ਹੋਈ ਸੀ ਅਤੇ ਬਾਅਦ ਵਿੱਚ ਚਾਰੇ ਪਾਸਿਓਂ ਘੇਰਾਬੰਦੀ ਕਰਕੇ ਉਸ ਨੂੰ ਕਾਬੂ ਕਰ ਲਿਆ ਗਿਆ। ਉਨ੍ਹਾਂ ਆਪਣੀ ਸਫ਼ਾਈ ਵਿੱਚ ਦਾਅਵਾ ਕੀਤਾ ਕਿ ਉਹ ਸਵੇਰੇ ਸੜਕ ਤੋਂ ਲੰਘ ਰਹੇ ਸਨ, ਜਦੋਂ ਇੱਕ ਨੌਜਵਾਨ ਬਿਨਾਂ ਨੰਬਰ ਪਲੇਟ ਵਾਲੇ ਮੋਟਰਸਾਈਕਲ 'ਤੇ ਉਨ੍ਹਾਂ ਦੀ ਗੱਡੀ ਦੇ ਨੇੜੇ ਆ ਗਿਆ। ਵਿਧਾਇਕ ਨੇ ਆਪਣੇ ਬਿਆਨ ਵਿੱਚ ਵਿਰੋਧੀ ਆਗੂਆਂ ਨੂੰ ਨਿਸ਼ਾਨੇ 'ਤੇ ਲੈਂਦਿਆਂ ਕਿਹਾ ਕਿ ਕਿਸੇ ਵੀ ਘਟਨਾ ਦੀ ਪੂਰੀ ਜਾਣਕਾਰੀ ਲਏ ਬਿਨਾਂ ਵੀਡੀਓ ਸਾਂਝੀ ਕਰਕੇ ਸਿਆਸੀ ਸਵਾਲ ਖੜ੍ਹੇ ਕਰਨਾ ਸਹੀ ਨਹੀਂ ਹੈ। ਦੇਵ ਮਾਨ ਨੇ ਵਿਰੋਧੀ ਪਾਰਟੀਆਂ ਨੂੰ ਨਸ਼ਿਆਂ ਦੇ ਮੁੱਦੇ 'ਤੇ ਆਪਣਾ ਰੁਖ਼ ਸਪੱਸ਼ਟ ਕਰਨ ਦੀ ਚੁਣੌਤੀ ਵੀ ਦਿੱਤੀ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਨਸ਼ਾ ਵੇਚਦਾ ਹੈ, ਤਾਂ ਇਸ ਦੀ ਜਾਣਕਾਰੀ ਪੁਲਿਸ ਨੂੰ ਦਿੱਤੀ ਜਾਣੀ ਚਾਹੀਦੀ ਹੈ ਅਤੇ ਅਜਿਹੇ ਮਾਮਲਿਆਂ ਵਿੱਚ ਕਾਨੂੰਨ ਅਨੁਸਾਰ ਕਾਰਵਾਈ ਹੋਣੀ ਚਾਹੀਦੀ ਹੈ।

## ਪੰਜਾਬ 'ਚ 36,000 ਤੋਂ ਵੱਧ ਪ੍ਰਚੂਨ ਤੇ ਥੋਕ ਦਵਾਈ ਡੀਲਰ, ਨਿਗਰਾਨੀ ਕਰਨ ਲਈ ਸਿਰਫ 51 ਅਧਿਕਾਰੀ

### ਪਿਛਲੇ 6 ਸਾਲਾਂ ਤੋਂ ਨਹੀਂ ਹੋਈ ਕੋਈ ਭਰਤੀ

**ਚੰਡੀਗੜ੍ਹ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦਾ ਨਸ਼ੇ ਦੀਆਂ ਦਵਾਈਆਂ ਦਾ ਬਾਜ਼ਾਰ ਹਜ਼ਾਰਾਂ ਦੁਕਾਨਾਂ ਤੱਕ ਫੈਲਿਆ ਹੋਇਆ ਹੈ, ਫਿਰ ਵੀ ਇਸਦੀ ਨਿਗਰਾਨੀ ਕਰਨ ਲਈ ਸਿਰਫ਼ 51 ਡਰੱਗ ਕੰਟਰੋਲ ਅਧਿਕਾਰੀ ਹਨ। ਇਹ ਸੀਮਤ ਫੋਰਸ ਸੂਬੇ ਦੇ 36,112 ਪ੍ਰਚੂਨ ਅਤੇ ਥੋਕ ਡਰੱਗ ਡੀਲਰਾਂ ਦੀ ਨਿਗਰਾਨੀ ਕਰਨ, ਡਰੱਗ ਦੀ ਗੁਣਵੱਤਾ ਦੀ ਜਾਂਚ ਕਰਨ ਅਤੇ ਪਾਬੰਦੀਸ਼ੁਦਾ ਦਵਾਈਆਂ ਦੀ ਗੈਰ-ਕਾਨੂੰਨੀ ਵਿਕਰੀ ਨੂੰ ਰੋਕਣ ਲਈ ਜ਼ਿੰਮੇਵਾਰ ਹੈ। ਅਜਿਹੀ ਸਥਿਤੀ ਵਿੱਚ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਨੂੰ ਰੋਕਣ ਅਤੇ ਨਸ਼ੀਲੇ ਪਦਾਰਥਾਂ ਦੀ ਵਿਕਰੀ ਨਾਲ




ਸਬੰਧਤ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਦੀ ਪ੍ਰਣਾਲੀ 'ਤੇ ਸਵਾਲ ਉਠ ਰਹੇ ਹਨ। ਵਿਭਾਗ ਵਿੱਚ 6 ਸਾਲਾਂ ਤੋਂ ਵੱਧ ਸਮੇਂ ਤੋਂ ਕੋਈ ਨਵੀਂ ਭਰਤੀ ਨਹੀਂ ਹੋਈ ਹੈ, ਜਦੋਂ ਕਿ ਕਾਰਵਾਈਆਂ ਦੌਰਾਨ ਕਰੋੜਾਂ ਰੁਪਏ ਦੇ ਨਸ਼ੀਲੇ ਪਦਾਰਥ ਜ਼ਬਤ ਕੀਤੇ ਗਏ ਹਨ। ਪੰਜਾਬ ਵਿੱਚ ਡਰੱਗ ਕੰਟਰੋਲ ਵਿਭਾਗ ਫਾਰਮੇਸੀ ਸਟੋਰਾਂ ਦਾ ਨਿਰੀਖਣ ਕਰਨ, ਲਾਇਸੈਂਸਿੰਗ ਮੁੱਦਿਆਂ ਨੂੰ ਸੰਭਾਲਣ, ਦਵਾਈਆਂ ਦੇ ਨਮੂਨੇ ਲੈਣ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਰਵਾਈ ਕਰਨ ਲਈ ਜ਼ਿੰਮੇਵਾਰ ਹੈ। ਸੂਬੇ ਵਿੱਚ ਗਿਆਰਾਂ ਖੇਤਰੀ ਲਾਇਸੈਂਸਿੰਗ ਅਥਾਰਟੀਆਂ ਵੀ ਡਰੱਗ ਮਾਰਕੀਟ ਦੀ ਨਿਗਰਾਨੀ ਕਰਦੀਆਂ ਹਨ। ਹਾਲਾਂਕਿ, ਸੀਮਤ ਗਿਣਤੀ ਵਿੱਚ ਅਧਿਕਾਰੀ ਨਿਯਮਤ ਨਿਰੀਖਣ ਅਤੇ ਪ੍ਰਭਾਵਸ਼ਾਲੀ ਕਾਰਵਾਈ ਲਈ ਇੱਕ ਮਹੱਤਵਪੂਰਨ ਚੁਣੌਤੀ ਪੇਸ਼ ਕਰਦੇ ਹਨ। ਲੁਧਿਆਣਾ ਵਿੱਚ ਛੇ, ਅੰਮ੍ਰਿਤਸਰ ਵਿੱਚ ਪੰਜ, ਅਤੇ ਜਲੰਧਰ, ਮੋਹਾਲੀ ਅਤੇ ਪਟਿਆਲਾ ਵਿੱਚ ਚਾਰ-ਚਾਰ ਡਰੱਗ ਕੰਟਰੋਲ ਅਧਿਕਾਰੀ ਹਨ। ਇਸ ਦੌਰਾਨ ਫਤਿਹਗੜ੍ਹ ਸਾਹਿਬ, ਕਪੂਰਥਲਾ, ਨਵਾਂਸ਼ਹਿਰ ਅਤੇ ਪਠਾਨਕੋਟ ਸਮੇਤ ਕਈ ਜ਼ਿਲ੍ਹਿਆਂ ਵਿੱਚ ਸਿਰਫ਼ ਇੱਕ ਅਧਿਕਾਰੀ ਹੈ। 2020 ਵਿੱਚ ਵਿਭਾਗ ਵਿੱਚ 11 ਅਧਿਕਾਰੀਆਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ ਸਨ। ਉਦੋਂ ਤੋਂ ਛੇ ਸਾਲਾਂ ਤੋਂ ਵੱਧ ਸਮੇਂ ਤੋਂ ਕੋਈ ਨਵੀਂ ਭਰਤੀ ਨਹੀਂ ਹੋਈ ਹੈ। ਨਵੀਆਂ ਅਸਾਮੀਆਂ ਬਣਾਉਣ ਲਈ ਵੀ ਕੋਈ ਠੋਸ ਪਹਿਲ ਨਹੀਂ ਕੀਤੀ ਗਈ ਹੈ। ਵਿਭਾਗ ਨੇ 1 ਅਪ੍ਰੈਲ 2025 ਤੋਂ 30 ਸਤੰਬਰ 2026 ਦੇ ਵਿਚਕਾਰ 16,788 ਛਾਪੇ ਮਾਰੇ। ਇਸ ਸਮੇਂ ਦੌਰਾਨ ਡਰੱਗਜ਼ ਐਂਡ ਕਾਸਮੈਟਿਕਸ ਐਕਟ, 1940 ਅਤੇ ਡਰੱਗਜ਼ ਰੂਲਜ਼, 1945 ਦੀ ਉਲੰਘਣਾ ਦੇ ਮਾਮਲਿਆਂ ਵਿੱਚ ਲਾਇਸੰਸਸ਼ੁਦਾ ਅਤੇ ਗੈਰ-ਲਾਇਸੰਸਸ਼ੁਦਾ ਫਰਮਾਂ ਤੋਂ 20.64 ਕਰੋੜ ਰੁਪਏ ਦੇ ਨਸ਼ੇ ਜ਼ਬਤ ਕੀਤੇ ਗਏ। ਹਾਲਾਂਕਿ, ਜ਼ਬਤ ਕੀਤੀਆਂ ਗਈਆਂ ਦਵਾਈਆਂ ਦੀ ਪੂਰੀ ਮਾਤਰਾ ਨੂੰ ਫਾਰਮਾ ਡਰੱਗ ਦੀ ਦੁਰਵਰਤੋਂ ਲਈ ਜ਼ਿੰਮੇਵਾਰ ਨਹੀਂ ਠਹਿਰਾਇਆ ਜਾ ਸਕਦਾ। ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਸਾਬਕਾ ਪੰਜਾਬ ਪ੍ਰਧਾਨ ਡਾ. ਸੁਨੀਲ ਕਟਾਰੀਆ ਦੇ ਅਨੁਸਾਰ ਸੀਮਤ ਗਿਣਤੀ ਦੇ ਅਧਿਕਾਰੀਆਂ ਲਈ ਹਜ਼ਾਰਾਂ ਦੁਕਾਨਾਂ ਦਾ ਨਿਯਮਤ ਤੌਰ 'ਤੇ ਨਿਰੀਖਣ ਕਰਨਾ ਮੁਸ਼ਕਲ ਹੈ। ਉਨ੍ਹਾਂ ਨੂੰ ਹੋਰ ਜ਼ਿੰਮੇਵਾਰੀਆਂ ਵੀ ਨਿਭਾਉਣੀਆਂ ਪੈਂਦੀਆਂ ਹਨ। ਇਸ ਲਈ ਸੰਯੁਕਤ ਟੀਮਾਂ ਬਣਾ ਕੇ ਨਿਗਰਾਨੀ ਵਧਾਉਣ ਅਤੇ ਪਾਬੰਦੀਸ਼ੁਦਾ ਦਵਾਈਆਂ ਵਿਰੁੱਧ ਤਾਲਮੇਲ ਵਾਲੀ ਕਾਰਵਾਈ ਕਰਨ ਦੀ ਲੋੜ ਹੈ।

## ਲੁਧਿਆਣਾ ਦੇ ਸ਼ਾਹੀ ਇਮਾਮ ਉਸਮਾਨ ਰਹਿਮਾਨੀ ਨੂੰ ਮਿਲੀ ਧਮਕੀ, ਅਣਜਾਣ ਨੰਬਰ ਤੋਂ ਆਇਆ ਫੋਨ

**ਲੁਧਿਆਣਾ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸ਼ਾਹੀ ਇਮਾਮ, ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੂੰ ਜਾਨੋਂ ਮਾਰਨ ਦੀ ਧਮਕੀ ਮਿਲੀ ਹੈ। ਬਠਿੰਡਾ ਫੇਰੀ ਦੌਰਾਨ, ਉਨ੍ਹਾਂ ਨੂੰ ਇੱਕ ਅਣਜਾਣ ਨੰਬਰ ਤੋਂ ਫੋਨ ਆਇਆ, ਜਿਸ ਵਿੱਚ ਫੋਨ ਕਰਨ ਵਾਲੇ ਨੇ ਕਿਹਾ, "ਅਸੀਂ ਤੈਨੂੰ ਖਤਮ ਕਰ ਦੇਵਾਂਗੇ—ਭਾਵੇਂ ਤੂੰ ਆਪਣੇ ਨਾਲ ਕਿੰਨੇ ਵੀ ਪੁਲਿਸ ਮੁਲਾਜ਼ਮ ਕਿਉਂ ਨਾ ਰੱਖ ਲਵੇਂ।" ਇਸ ਸਬੰਧ ਵਿੱਚ, ਲੁਧਿਆਣਾ ਜਾਮਾ ਮਸਜਿਦ ਦੇ ਪ੍ਰਧਾਨ ਅਤੇ ਸ਼ਾਹੀ ਇਮਾਮ ਦੇ ਕਰੀਬੀ ਸਾਥੀ, ਮੁਹੰਮਦ ਮੁਸਤਕੀਮ ਨੇ ਸੋਮਵਾਰ ਨੂੰ ਵਧੀਕ



ਕਮਿਸ਼ਨਰ ਰੁਪਿੰਦਰ ਸਿੰਘ ਨਾਲ ਮੁਲਾਕਾਤ ਕੀਤੀ। ਇਸ ਮਾਮਲੇ ਦੀ ਜਾਂਚ ਡਿਵੀਜ਼ਨ ਨੰਬਰ 2 ਥਾਣੇ ਦੀ ਪੁਲਿਸ ਨੂੰ ਸੌਂਪ ਦਿੱਤੀ ਗਈ ਹੈ। ਸ਼ਾਹੀ ਇਮਾਮ ਕੱਲ੍ਹ ਬਠਿੰਡਾ ਵਿੱਚ ਇੱਕ ਧਾਰਮਿਕ ਸਮਾਗਮ ਵਿੱਚ ਸ਼ਾਮਲ ਹੋਏ ਸਨ। ਮੁਹੰਮਦ ਮੁਸਤਕੀਮ ਨੇ ਦੱਸਿਆ ਕਿ ਸ਼ਾਹੀ ਇਮਾਮ ਨੂੰ ਪਿਛਲੇ ਕੁਝ ਸਮੇਂ ਤੋਂ ਲਗਾਤਾਰ ਧਮਕੀਆਂ ਮਿਲ ਰਹੀਆਂ ਹਨ। ਇਸ ਤੋਂ ਪਹਿਲਾਂ, ਉਨ੍ਹਾਂ ਨੂੰ ਇੱਕ ਪੱਤਰ ਰਾਹੀਂ ਵੀ ਧਮਕੀ ਮਿਲੀ ਸੀ ਅਤੇ ਸੋਸ਼ਲ ਮੀਡੀਆ 'ਤੇ ਵੀ ਧਮਕੀ ਭਰੇ ਸੰਦੇਸ਼ ਸਾਹਮਣੇ ਆਏ ਹਨ। ਮੁਹੰਮਦ ਮੁਸਤਕੀਮ ਨੇ ਦੱਸਿਆ ਕਿ ਇਨ੍ਹਾਂ ਲਗਾਤਾਰ ਮਿਲ ਰਹੀਆਂ ਧਮਕੀਆਂ ਬਾਰੇ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਅਤੇ ਲੁਧਿਆਣਾ ਦੇ ਪੁਲਿਸ ਕਮਿਸ਼ਨਰ ਨੂੰ ਕਈ ਲਿਖਤੀ ਸ਼ਿਕਾਇਤਾਂ ਅਤੇ ਈਮੇਲਾਂ ਭੇਜੀਆਂ ਗਈਆਂ ਹਨ। ਇਹ ਬਹੁਤ ਜ਼ਰੂਰੀ ਹੈ ਕਿ ਇਸ ਮਾਮਲੇ ਨੂੰ ਪੂਰੀ ਗੰਭੀਰਤਾ ਨਾਲ ਲਿਆ ਜਾਵੇ ਅਤੇ ਧਮਕੀਆਂ ਦੇਣ ਵਾਲਿਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਜਵਾਬਦੇਹ ਠਹਿਰਾਇਆ ਜਾਵੇ। ਮੁਸਤਕੀਮ ਨੇ ਜ਼ੋਰ ਦੇ ਕੇ ਕਿਹਾ ਕਿ ਹਾਲਾਂਕਿ ਉਹ ਅਜਿਹੀਆਂ ਧਮਕੀਆਂ ਤੋਂ ਡਰਨ ਵਾਲੇ ਨਹੀਂ ਹਨ, ਪਰ ਸ਼ਰਾਰਤੀ ਅਨਸਰਾਂ ਅਤੇ ਸਾਜ਼ਿਸ਼ਕਰਤਾਵਾਂ ਦੀਆਂ ਹਰਕਤਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਇਹ ਬਹੁਤ ਜ਼ਰੂਰੀ ਹੈ ਕਿ ਧਮਕੀਆਂ ਦੇਣ ਵਾਲਿਆਂ ਦਾ ਪਰਦਾਫਾਸ਼ ਕੀਤਾ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਉਨ੍ਹਾਂ ਨੂੰ ਕਾਨੂੰਨ ਅਨੁਸਾਰ ਸਜ਼ਾ ਮਿਲੇ। ਜਾਮਾ ਮਸਜਿਦ ਦੇ ਪ੍ਰਧਾਨ ਨੇ ਕਿਹਾ ਕਿ ਲੁਧਿਆਣਾ ਜਾਮਾ ਮਸਜਿਦ ਦੀ ਟੀਮ, ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ, ਇਸ ਮਾਮਲੇ ਨੂੰ ਬਹੁਤ ਗੰਭੀਰਤਾ ਨਾਲ ਲੈ ਰਹੀ ਹੈ। ਸ਼ਾਹੀ ਇਮਾਮ ਦੀ ਸੁਰੱਖਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

ਆਵਾਜ਼ਿ ਕੌਮ

Daily Newspaper from U.K.


Publisher/Chief Editor
**Raghbir Singh Walsal**
E-mail : awazeqaumtv@gmail.com


www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404

DHAN DHAN SRI GURU NANAK DEV JI
PARKASH PURAB

SANDWELL

# NAGAR KIRTAN

# ਨਗਰ ਕੀਰਤਨ



## SUNDAY 1ST NOVEMBER 2026

| | | | |
|---|---|---|---|
| **GURDWARA GURU HAR RAI SAHIB JI**<br>George Street, West Bromwich | START 9:00AM | ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ<br>ਜਰੋਜ ਸਟਰੀਟ, ਵੈਸਟ ਬ੍ਰਮਮਿਚ | ਅਰੰਭਤਾ: ੯:00 ਵਜੇ |
| **GURU NANAK GURDWARA**<br>Edward Street, West Bromwich | 11:00AM | ਗੁਰੂ ਨਾਨਕ ਗੁਰਦੁਆਰਾ<br>ਏਡਵਰਡ ਸਟਰੀਟ, ਵੈਸਟ ਬ੍ਰਮਮਿਚ | ੧੧:00 ਵਜੇ |
| **GURDWARA AMRIT PARCHAR DHARMIK DIWAN**<br>Birmingham Road, Oldbury | 1:00PM | ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ<br>ਬ੍ਰਮਿੰਘਮ ਰੋਡ, ਓਲਡਬਰੀ | ੧:00 ਵਜੇ |
| **GURDWARA GURU MANEYO GRANTH**<br>Popes Lane, Oldbury | 2:00PM | ਗੁਰਦੁਆਰਾ ਗੁਰੂ ਮਾਨਯੋ ਗ੍ਰੰਥ<br>ਪੋਪਸ ਲੇਨ, ਓਲਡਬਰੀ | ੨:00 ਵਜੇ |
| **GURDWARA BABA SANG**<br>St. Paul's Road, Smethwick | 3:15PM | ਗੁਰਦੁਆਰਾ ਬਾਬਾ ਸੰਗ ਜੀ<br>ਸਟ, ਪੋਲਜ਼ ਰੋਡ, ਸਮੇਦਿਕ | ੩:੧੫ ਵਜੇ |
| **GURU NANAK GURDWARA SMETHWICK**<br>High Street, Smethwick | 4:00PM | ਗੁਰੂ ਨਾਨਕ ਗੁਰਦੁਆਰਾ<br>ਸਮੇਦਿਕ | ੪:00 ਵਜੇ |

**GURDWARA GURU HAR RAI SAHIB - 0121 553 7219**
**GURU NANAK GURDWARA SMETHWICK - 0121 558 2527**

ਆਵਾਜ਼ਿ ਕੌਮ AWAZE QAUM
International Newspaper & WEB TV


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar


ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:-
25, ਅਤੇ 26 ਅਕਤੂਬਰ
ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ
ਦੀਵਾਨ
27 ਅਕਤੂਬਰ ਨੂੰ
ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ
ਸਮਾਗਮ
ਬਾਬਾ ਸੁਖਵਿੰਦਰ ਸਿੰਘ ਜੀ
(ਘੱਗੇ ਵਾਲੇ)
ਗਿਆਨੀ ਰਵਿੰਦਰ ਸਿੰਘ
(ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ
(ਹੈੱਡ ਗ੍ਰੰਥੀ ਗੁ: ਨਾਢਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ
(ਖਤਰ)
ਬਾਬਾ ਬਲਜੀਤ ਸਿੰਘ ਜੀ
(ਫੱਕਰ)
ਬਾਬਾ ਦਰਸ਼ਨ ਸਿੰਘ ਜੀ
ਗਿਆਨੀ ਦਰਿਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ
(ਹਜ਼ੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ
(ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ


7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ
23 ਅਕਤੂਬਰ 2026 ਸਵੇਰ 10 ਵਜੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ
25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ
ਮੁਫਤ
ਲਗਾਈ ਜਾਵੇਗੀ
ਗੁਰੂ ਕਾ ਲੰਗਰ
ਅਤੁੱਟ ਵਰਤੇਗਾ
ਖੂਨਦਾਨ ਕੈਂਪ
23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ
5 ਦਿਨ
DARVESH TV
LIVE ON
ਸੰਪਰਕ :-
62845-76824
94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ
ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ
ਸੰਤ ਬਾਬਾ ਗੁਲਾਬ ਸਿੰਘ ਜੀ
ਸ੍ਰੀ ਚਮਕੌਰ ਸਾਹਿਬ ਵਾਲੇ
ਬੇਨਤੀ ਕਰਤਾ :- ਬਾਬਾ ਇਸ਼ਰ ਸਿੰਘ ਜੀ ਸੰਗਤਪੁਰੇ ਵਾਲੇ ਅਤੇ ਸਮੂਹ ਇਲਾਕਾ ਨਿਵਾਸੀ ਪਿੰਡ ਸੰਗਤਪੁਰਾ





## ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ

# ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਕਿੱਤਾ-ਮੁਖੀ ਕਲਾਸਾਂ ਦੀ ਸ਼ੁਰੂਆਤ

### ਹਰ ਵਿਦਿਆਰਥੀ ਦੀ ਰੁਚੀ ਅਤੇ ਯੋਗਤਾ ਵੱਖਰੀ ਹੁੰਦੀ ਹੈ, ਇਸ ਲਈ ਉਨ੍ਹਾਂ ਨੂੰ ਆਪਣੀ ਪਸੰਦ ਦੇ ਖੇਤਰ ਵਿੱਚ ਸਿੱਖਣ ਅਤੇ ਅੱਗੇ ਵਧਣ ਦੇ ਮੌਕੇ ਮਿਲਣੇ ਚਾਹੀਦੇ ਹਨ

**ਚੌਕ ਮਹਿਤਾ,19 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ ਵਿਦਿਆਰਥੀਆਂ ਨੂੰ ਕਿੱਤਾ-ਮੁਖੀ ਸਿੱਖਿਆ ਵੱਲ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਹਰ ਸ਼ਨੀਵਾਰ ਵੱਖ-ਵੱਖ ਹੁਨਰ-

ਆਵਾਜ਼ਿ ਕੌਮ AWAZE QAUM International Newspaper & WEB TV

ਅਧਾਰਿਤ ਕਲਾਸਾਂ ਸ਼ੁਰੂ ਕੀਤੀਆਂ ਗਈਆਂ ਹਨ। ਇਸ ਉਪਰਾਲੇ ਤਹਿਤ ਵਿਦਿਆਰਥੀਆਂ ਦੀਆਂ ਰੁਚੀਆਂ, ਸ਼ੌਕ ਅਤੇ ਯੋਗਤਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਆਰਟ ਐਂਡ ਕਰਾਫਟ, ਕੁਕਿੰਗ, ਸਿਲਾਈ-ਕਢਾਈ, ਪੇਂਟਿੰਗ, ਕੰਪਿਊਟਰ ਅਤੇ ਮਲਟੀਮੀਡੀਆ ਐਜੂਕੇਸ਼ਨ ਵਰਗੇ ਵਿਸ਼ਿਆਂ ਨਾਲ ਸੰਬੰਧਿਤ ਵਿਸ਼ੇਸ਼ ਕਲਾਸਾਂ ਲਗਾਈਆਂ ਜਾ ਰਹੀਆਂ ਹਨ। ਵਿਦਿਆਰਥੀਆਂ ਨੂੰ ਆਪਣੀ ਪਸੰਦ ਦੇ ਖੇਤਰਾਂ ਵਿੱਚ ਵਿਹਾਰਕ ਗਿਆਨ ਅਤੇ ਨਵੇਂ ਹੁਨਰ ਸਿੱਖਣ ਦੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਿਰਫ਼ ਕਿਤਾਬੀ ਗਿਆਨ ਤੱਕ ਸੀਮਤ ਨਾ ਰੱਖ ਕੇ ਉਨ੍ਹਾਂ ਦੀਆਂ ਰੁਚੀਆਂ ਅਤੇ ਪ੍ਰਤਿਭਾ ਅਨੁਸਾਰ ਵਿਹਾਰਕ ਸਿੱਖਿਆ ਪ੍ਰਦਾਨ ਕਰਨਾ ਹੈ।ਅਜਿਹੀਆਂ ਕਲਾਸਾਂ ਰਾਹੀਂ ਵਿਦਿਆਰਥੀਆਂ ਵਿੱਚ ਸਿਰਜਣਾਤਮਕਤਾ, ਆਤਮ-ਵਿਸ਼ਵਾਸ ਅਤੇ ਨਵੇਂ ਹੁਨਰ ਵਿਕਸਿਤ ਕਰਨ ਦੇ ਨਾਲ-ਨਾਲ ਭਵਿੱਖ ਵਿੱਚ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਮੌਕਿਆਂ




ਲਈ ਤਿਆਰ ਕਰਨ ਵਿੱਚ ਵੀ ਮਦਦ ਮਿਲੇਗੀ। ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਰਵਾਇਤੀ ਸਿੱਖਿਆ ਦੇ ਨਾਲ-ਨਾਲ ਹੁਨਰ-ਅਧਾਰਿਤ ਅਤੇ ਕਿੱਤਾ-ਮੁਖੀ ਸਿੱਖਿਆ ਵੀ ਬਹੁਤ ਜ਼ਰੂਰੀ ਹੈ। ਹਰ ਵਿਦਿਆਰਥੀ ਦੀ ਰੁਚੀ ਅਤੇ ਯੋਗਤਾ ਵੱਖਰੀ ਹੁੰਦੀ ਹੈ, ਇਸ ਲਈ ਉਨ੍ਹਾਂ ਨੂੰ ਆਪਣੀ ਪਸੰਦ ਦੇ ਖੇਤਰ ਵਿੱਚ ਸਿੱਖਣ ਅਤੇ ਅੱਗੇ ਵਧਣ ਦੇ ਮੌਕੇ ਮਿਲਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕਲਾਸਾਂ ਦਾ ਉਦੇਸ਼ ਵਿਦਿਆਰਥੀਆਂ ਦੇ ਸ਼ੌਕ ਨੂੰ ਹੁਨਰ ਵਿੱਚ ਬਦਲਣਾ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਆਤਮ-ਨਿਰਭਰ ਬਣਨ ਲਈ ਤਿਆਰ ਕਰਨਾ ਹੈ।ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਮਨਦੀਪ ਕੌਰ ਮੈਡਮ, ਮੈਡਮ ਸੁਖਵੰਤ ਕੌਰ, ਮੈਡਮ ਕਿਰਨਪ੍ਰੀਤ ਕੌਰ, ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸੀ।

### ਦੀ ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ ਦੀ ਹੋਈ ਅਹਿਮ ਮੀਟਿੰਗ

# ਪਰਵਿੰਦਰ ਸਿੰਘ ਝੋਟਾ ਨੂੰ ਸ਼ਰਧਾਂਜਲੀ ਦੇ ਕੇ ਪਰਿਵਾਰ ਲਈ ਇਨਸਾਫ਼ ਦੀ ਕੀਤੀ ਮੰਗ



ਤਲਵੰਡੀ ਸਾਬੋ, 19 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ ਦੀ ਇੱਕ ਅਹਿਮ ਮੀਟਿੰਗ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ ਦੀ ਪ੍ਰਧਾਨਗੀ ਹੇਠ ਤਲਵੰਡੀ ਸਾਬੋ ਵਿਖੇ ਹੋਈ। ਇਸ ਮੀਟਿੰਗ ਦੌਰਾਨ ਵੱਖ-ਵੱਖ ਅਹਿਮ ਮੁੱਦਿਆਂ ’ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਮਾਨਸਾ ਦੇ ਪਰਵਿੰਦਰ ਸਿੰਘ ਝੋਟਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਵੱਲੋਂ ਇਨਸਾਫ਼ ਦੀ ਮੰਗ ਨੂੰ ਲੈ ਕੇ ਲਗਾਏ ਗਏ ਧਰਨੇ ਦੇ ਸਬੰਧ ਵਿੱਚ ਸਰਕਾਰ ਤੋਂ ਇਨਸਾਫ਼ ਦੀ ਮੰਗ ਵੀ ਕੀਤੀ ਗਈ। ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ‘ਯੁੱਧ ਨਸ਼ਿਆਂ ਵਿਰੁੱਧ’ ਸਬੰਧੀ ਵੀ ਵਿਚਾਰ-ਚਰਚਾ ਹੋਈ। ਬਲਾਕ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ ਨੇ ਸਾਰੇ ਕੈਮਿਸਟ ਸਾਥੀਆਂ ਨੂੰ ਸਖ਼ਤ ਸ਼ਬਦਾਂ ਵਿੱਚ ਹਦਾਇਤ ਕੀਤੀ ਕਿ ਕੋਈ ਵੀ ਸਾਥੀ ਨਸ਼ੇ ਵਜੋਂ ਵਰਤੀਆਂ ਜਾਣ ਵਾਲੀਆਂ ਦਵਾਈਆਂ ਦੀ ਗਲਤ ਵਰਤੋਂ ਨਾ ਕਰੇ ਅਤੇ ਨਾ ਹੀ ਅਜਿਹੀਆਂ ਦਵਾਈਆਂ ਦੀ ਗੈਰ-ਕਾਨੂੰਨੀ ਵਿਕਰੀ ਵਿੱਚ ਸ਼ਾਮਲ ਹੋਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਕੋਈ ਵੀ ਸਾਥੀ ਨਸ਼ਿਆਂ ਵਜੋਂ ਵਰਤੀਆਂ ਜਾਣ ਵਾਲੀਆਂ ਦਵਾਈਆਂ ਦੀ ਗਲਤ ਵਰਤੋਂ ਜਾਂ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਪਾਇਆ ਜਾਂਦਾ ਹੈ ਤਾਂ ਉਸ ਦੀ ਜ਼ਿੰਮੇਵਾਰੀ ਖ਼ੁਦ ਉਸ ਦੀ ਹੋਵੇਗੀ ਅਤੇ ਯੂਨੀਅਨ ਅਜਿਹੇ ਮਾਮਲੇ ਵਿੱਚ ਉਸ ਦਾ ਸਾਥ ਨਹੀਂ ਦੇਵੇਗੀ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਸਾਰੇ ਕੈਮਿਸਟਾਂ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਸਰਕਾਰ ਅਤੇ ਪ੍ਰਸ਼ਾਸਨ ਦਾ ਸਹਿਯੋਗ ਕਰਨਾ ਚਾਹੀਦਾ ਹੈ। ਇਸ ਮੌਕੇ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ, ਪ੍ਰੈਸ ਸਕੱਤਰ ਬਲਕਾਰ ਸਿੰਘ ਜੱਜਲ, ਨਵਦੀਪ ਸਿੰਘ ਨਥੇਹਾ, ਮੰਦਰ ਸਿੰਘ ਫੁੱਲੋਖਾਰੀ, ਗਗਨਦੀਪ ਸਿੰਘ ਸੀਂਗੋ, ਇਕਬਾਲ ਸਿੰਘ ਸੀਂਗੋ, ਅਵਤਾਰ ਸਿੰਘ ਕੌਰੇਆਣਾ, ਸੁਖਮੰਦਰ ਸਿੰਘ ਲਹਿਰੀ, ਬੂਟਾ ਸਿੰਘ ਜੀਵਨ ਸਿੰਘ ਵਾਲਾ, ਹਨੀ ਕੁਮਾਰ ਮਲਕਾਣਾ, ਵੀਰਦਵਿੰਦਰ ਸਿੰਘ ਚੱਕ ਹੀਰਾ ਸਿੰਘ ਵਾਲਾ, ਪਰਮਜੀਤ ਸਿੰਘ ਚੱਠੇ ਵਾਲਾ, ਪਰਮਜੀਤ ਸਿੰਘ ਮਾਹੀਨੰਗਲ ਅਤੇ ਮਹਿੰਦਰ ਸਿੰਘ ਮਲਕਾਣਾ ਹਾਜ਼ਰ ਸਨ।

### ਭਾਈ ਪਰਮਿੰਦਰ ਸਿੰਘ ਝੋਟਾ ਦੇ ਕਾਤਲਾਂ ਨੂੰ ਸਖ਼ਤ ਸਜ਼ਾਵਾਂ ਦੇ ਕੇ ਪੀੜਤ ਪਰਿਵਾਰ ਨੂੰ

# ਤੁਰੰਤ ਇਨਸਾਫ਼ ਦੇਵੇ ਪੰਜਾਬ ਸਰਕਾਰ- ਜਥੇਦਾਰ ਬਲਜੀਤ ਸਿੰਘ ਦਾਦੂਵਾਲ



**ਤਲਵੰਡੀ ਸਾਬੋ/ ਮਾਨਸਾ, 19 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਨੌਜਵਾਨ ਆਗੂ ਭਾਈ ਪਰਮਿੰਦਰ ਸਿੰਘ ਝੋਟਾ ਦੇ ਹੋਏ ਦਰਦਨਾਕ ਕਤਲ ਦੇ ਰੋਸ ਵਜੋਂ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਪਰਿਵਾਰਕ ਮੈਂਬਰਾਂ ਅਤੇ ਐਕਸ਼ਨ ਕਮੇਟੀ ਵੱਲੋਂ ਮਾਨਸਾ ਵਿਖੇ ਲਗਾਏ ਗਏ ਧਰਨੇ ਵਿੱਚ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਆਪਣੇ ਸਾਥੀਆਂ ਸਮੇਤ ਵਿਸ਼ੇਸ਼ ਤੌਰ ’ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਜਥੇਦਾਰ ਦਾਦੂਵਾਲ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਭਾਈ ਪਰਮਿੰਦਰ ਸਿੰਘ ਝੋਟਾ ਦੇ ਕਤਲ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਅਤੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਆਵਾਜ਼ ਉਠਾਉਣ ਵਾਲੇ ਨੌਜਵਾਨ ਦਾ ਇਸ ਤਰ੍ਹਾਂ ਕਤਲ ਹੋਣਾ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਘਟਨਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਲੜਨ ਵਾਲੇ ਨੌਜਵਾਨ ਸਮਾਜ ਦੇ ਅਸਲ ਰਾਖੇ ਹਨ ਅਤੇ ਅਜਿਹੇ ਨੌਜਵਾਨਾਂ ਦੀ ਸੁਰੱਖਿਆ ਕਰਨਾ ਸਰਕਾਰ ਅਤੇ ਪ੍ਰਸ਼ਾਸਨ ਦੀ ਮੁੱਢਲੀ ਜ਼ਿੰਮੇਵਾਰੀ ਹੈ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਨਸ਼ਿਆਂ ਦੀ ਗੰਭੀਰ ਸਮੱਸਿਆ ਨਾਲ ਜੂਝ ਰਿਹਾ ਹੈ। ਅਜਿਹੇ ਹਾਲਾਤ ਵਿੱਚ ਜੇਕਰ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਨੂੰ ਹੀ ਨਿਸ਼ਾਨਾ ਬਣਾਇਆ ਜਾਵੇਗਾ ਤਾਂ ਇਹ ਸਮੁੱਚੇ ਸਮਾਜ ਲਈ ਬਹੁਤ ਵੱਡੀ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਭਾਈ ਪਰਮਿੰਦਰ ਸਿੰਘ ਝੋਟਾ ਦੀ ਕੁਰਬਾਨੀ ਨੂੰ ਅਜਾਈਂ ਨਹੀਂ ਜਾਣ ਦਿੱਤਾ ਜਾਵੇਗਾ ਅਤੇ ਇਨਸਾਫ਼ ਦੀ ਇਸ ਲੜਾਈ ਵਿੱਚ ਪੀੜਤ ਪਰਿਵਾਰ ਨੂੰ ਇਕੱਲਾ ਨਹੀਂ ਛੱਡਿਆ ਜਾਵੇਗਾ। ਇਸ ਮੌਕੇ ਜਥੇਦਾਰ ਦਾਦੂਵਾਲ ਨੇ ਮ੍ਰਿਤਕ ਨੌਜਵਾਨ ਦੇ ਪਿਤਾ ਭਾਈ ਭੀਮ ਸਿੰਘ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਹਰ ਤਰ੍ਹਾਂ ਦੇ ਨੈਤਿਕ, ਸਮਾਜਿਕ ਅਤੇ ਲੋੜੀਂਦੇ ਸਹਿਯੋਗ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਇੱਕ ਮਾਤਾ ਪਿਤਾ ਲਈ ਆਪਣੇ ਜਵਾਨ ਪੁੱਤਰ,ਪਤਨੀ ਨੂੰ ਪਤੀ ਅਤੇ ਬੱਚਿਆਂ ਨੂੰ ਬਾਪ ਗੁਆਉਣ ਦਾ ਦੁੱਖ ਅਸਹਿ ਹੈ ਅਤੇ ਇਸ ਦੁੱਖ ਦੀ ਘੜੀ ਵਿੱਚ ਸਮੁੱਚੇ ਸਮਾਜ ਨੂੰ ਪੀੜਤ ਪਰਿਵਾਰ ਦੇ ਨਾਲ ਖੜ੍ਹਨਾ ਚਾਹੀਦਾ ਹੈ। ਜਥੇਦਾਰ ਦਾਦੂਵਾਲ ਨੇ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਸਖ਼ਤ ਤਾਕੀਦ ਕਰਦਿਆਂ ਕਿਹਾ ਕਿ ਭਾਈ ਪਰਮਿੰਦਰ ਸਿੰਘ ਝੋਟਾ ਦੇ ਕਤਲ ਵਿੱਚ ਸ਼ਾਮਲ ਦੋਸ਼ੀਆਂ ਅਤੇ ਸਾਜ਼ਿਸ਼ਕਾਰਾਂ ਦੀ ਪਛਾਣ ਕਰਕੇ ਉਨ੍ਹਾਂ ਵਿਰੁੱਧ ਤੁਰੰਤ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਅਦਾਲਤੀ ਪ੍ਰਕਿਰਿਆ ਰਾਹੀਂ ਮਿਸਾਲੀ ਸਜ਼ਾਵਾਂ ਯਕੀਨੀ ਬਣਾਈਆਂ ਜਾਣ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਪੀੜਤ ਪਰਿਵਾਰ ਨੂੰ ਜਲਦੀ ਤੋਂ ਜਲਦੀ ਇਨਸਾਫ਼ ਮਿਲ ਸਕੇ। ਉਨ੍ਹਾਂ ਅੱਗੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਕਿਸੇ ਇੱਕ ਵਿਅਕਤੀ, ਪਰਿਵਾਰ ਜਾਂ ਜਥੇਬੰਦੀ ਦੀ ਨਹੀਂ, ਸਗੋਂ ਸਮੁੱਚੇ ਪੰਜਾਬ ਦੀ ਸਾਂਝੀ ਲੜਾਈ ਹੈ। ਇਸ ਲਈ ਧਾਰਮਿਕ, ਸਮਾਜਿਕ ਅਤੇ ਇਨਸਾਫ਼ਪਸੰਦ ਜਥੇਬੰਦੀਆਂ ਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਨਸ਼ਿਆਂ ਦੇ ਖ਼ਾਤਮੇ ਲਈ ਇਕਜੁੱਟ ਹੋਣਾ ਚਾਹੀਦਾ ਹੈ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਪੰਜਾਬ ਦੀ ਧਰਤੀ ਗੁਰੂਆਂ, ਪੀਰਾਂ, ਸ਼ਹੀਦਾਂ ਅਤੇ ਸੂਰਬੀਰਾਂ ਦੀ ਧਰਤੀ ਹੈ। ਇਸ ਧਰਤੀ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਾਡਾ ਸਾਰਿਆਂ ਦਾ ਸਾਂਝਾ ਫ਼ਰਜ਼ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਾਲ-ਨਾਲ ਨਸ਼ਿਆਂ ਦਾ ਵਿਰੋਧ ਕਰਨ ਵਾਲੇ ਸਮਾਜ ਸੇਵੀਆਂ ਅਤੇ ਨੌਜਵਾਨ ਆਗੂਆਂ ਦੀ ਸੁਰੱਖਿਆ ਵੀ ਯਕੀਨੀ ਬਣਾਈ ਜਾਵੇ। ਅੰਤ ਵਿੱਚ ਜਥੇਦਾਰ ਦਾਦੂਵਾਲ ਨੇ ਭਾਈ ਪਰਮਿੰਦਰ ਸਿੰਘ ਝੋਟਾ ਦੇ ਪਰਿਵਾਰ ਅਤੇ ਐਕਸ਼ਨ ਕਮੇਟੀ ਵੱਲੋਂ ਇਨਸਾਫ਼ ਲਈ ਕੀਤੇ ਜਾ ਰਹੇ ਸੰਘਰਸ਼ ਦਾ ਪੂਰਨ ਸਮਰਥਨ ਕਰਦਿਆਂ ਕਿਹਾ ਕਿ ਜਦੋਂ ਤੱਕ ਪੀੜਤ ਪਰਿਵਾਰ ਨੂੰ ਇਨਸਾਫ਼ ਨਹੀਂ ਮਿਲਦਾ, ਉਦੋਂ ਤੱਕ ਉਹ ਪਰਿਵਾਰ ਦੇ ਨਾਲ ਡਟ ਕੇ ਖੜ੍ਹੇ ਰਹਿਣਗੇ। ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਇਨਸਾਫ਼ ਦੀ ਇਸ ਲੜਾਈ ਵਿੱਚ ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਆਪਣਾ ਸਹਿਯੋਗ ਦੇਣ। ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਗੁਰਪਾਲ ਸਿੰਘ ਗੋਰਾ ਐਲਨਾਬਾਦ, ਐਡਵੋਕੇਟ ਗੁਰਤੇਜ ਸਿੰਘ ਅੰਬਾਲਾ ਮੈਂਬਰ, ਸਰਪੰਚ ਭੁਪਿੰਦਰ ਸਿੰਘ ਲਾਡੀ ਸੌਂਕੜਾ ਮੈਂਬਰ ਪ੍ਰਤੀਨਿਧ ਨੀਲੋਖੇੜੀ, ਬਾਬਾ ਪ੍ਰਦੀਪ ਸਿੰਘ ਕੋਟ ਸ਼ਮੀਰ ਪੰਥਕ ਸੇਵਾ ਲਹਿਰ ਦਾਦੂ ਸਾਹਿਬ, ਭਾਈ ਗੁਰਸੇਵਕ ਸਿੰਘ ਰੰਗੀਲਾ, ਭਾਈ ਅਰਵਿੰਦਰ ਸਿੰਘ ਬਿੱਟੂ ਸੋਢੀ ਵੀ ਉਨਾਂ ਦੇ ਨਾਲ ਸਨ।

### ਮਾਨਸਾ ਵਿਖੇ ਇਨਸਾਫ਼ ਲਈ ਚੱਲ ਰਹੇ ਧਰਨੇ ਵਿੱਚ ਸਾਥੀਆਂ ਸਮੇਤ ਕੀਤੀ ਸ਼ਮੂਲੀਅਤ, ਪਿਤਾ ਭੀਮ ਸਿੰਘ ਨਾਲ ਮੁਲਾਕਾਤ ਕਰਕੇ ਹਰ ਤਰ੍ਹਾਂ ਦੇ ਸਹਿਯੋਗ ਦਾ ਦਿੱਤਾ ਭਰੋਸਾ



# ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਹੋਏ ਨਤਮਸਤਕ, ਪੰਜਾਬ ਦੀ ਖ਼ੁਸ਼ਹਾਲੀ ਲਈ ਕੀਤੀ ਅਰਦਾਸ





ਨਵੀਂ ਦਿੱਲੀ, 19 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਆਪਣੇ ਪਰਿਵਾਰ ਸਮੇਤ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਨਤਮਸਤਕ ਹੋਣ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਗੁਰੂ ਦਰਬਾਰ ਵਿੱਚ ਸ਼ਰਧਾਪੂਰਵਕ ਮੱਥਾ ਟੇਕਿਆ ਅਤੇ ਗੁਰਬਾਣੀ ਕੀਰਤਨ ਸਰਵਣ ਕਰਕੇ ਗੁਰੂ ਘਰ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਮਾਣਯੋਗ ਰਾਜਪਾਲ ਨੇ ਤਖ਼ਤ ਸਾਹਿਬ ਵਿਖੇ ਸੁਸ਼ੋਭਿਤ ਪਵਿੱਤਰ ਸ਼ਸਤਰਾਂ ਅਤੇ ਗੁਰੂ ਮਹਾਰਾਜ ਦੇ ਜੋੜਾ ਸਾਹਿਬ ਦੇ ਵੀ ਦਰਸ਼ਨ ਕੀਤੇ ਅਤੇ ਪੰਜਾਬ ਦੀ ਖ਼ੁਸ਼ਹਾਲੀ ਲਈ ਅਰਦਾਸ ਕੀਤੀ। ਇਸ ਮੌਕੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਨੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਗੁਰੂ ਸਾਹਿਬ ਦੇ ਚੋਲਾ ਸਾਹਿਬ ਦੇ ਦਰਸ਼ਨ ਕਰਵਾਏ। ਇਸ ਮੌਕੇ ਰਾਜਪਾਲ ਨੇ ਤਖ਼ਤ ਸ੍ਰੀ ਪਟਨਾ ਸਾਹਿਬ ਦੀ ਧਾਰਮਿਕ ਅਤੇ ਇਤਿਹਾਸਕ ਪੱਤਰਿਕਾ ‘ਗੋਬਿੰਦ ਪ੍ਰਕਾਸ਼’ ਦਾ ਵਿਮੋਚਨ ਵੀ ਕੀਤਾ। ਇਹ ਪੱਤਰਿਕਾ ਸਿੱਖ ਇਤਿਹਾਸ, ਗੁਰਮਤਿ ਵਿਚਾਰਧਾਰਾ ਅਤੇ ਗੁਰੂ ਸਾਹਿਬਾਨ ਦੀਆਂ ਮਹਾਨ ਸਿੱਖਿਆਵਾਂ ਨੂੰ ਜਨ-ਜਨ ਤੱਕ ਪਹੁੰਚਾਉਣ ਦਾ ਇੱਕ ਮਹੱਤਵਪੂਰਨ ਮਾਧਿਅਮ ਹੈ। ਇਸ ਮੌਕੇ ਤਖ਼ਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ, ਜਨਰਲ ਸਕੱਤਰ ਸਰਦਾਰ ਇੰਦਰਜੀਤ ਸਿੰਘ ਅਤੇ ਮੀਡੀਆ ਇੰਚਾਰਜ ਸਰਦਾਰ ਸੁਦੀਪ ਸਿੰਘ ਨੇ ਰਾਜਪਾਲ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਕਿਰਪਾਨ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਤਖ਼ਤ ਸਾਹਿਬ ਦੇ ਸੁਪਰਡੈਂਟ ਦਲਜੀਤ ਸਿੰਘ, ਮੈਨੇਜਰ ਹਰਜੀਤ ਸਿੰਘ ਅਤੇ ਜੈਨ ਮੰਦਰ ਕਮੇਟੀ ਦੇ ਪ੍ਰਧਾਨ ਪਵਨ ਜੈਨ ਵੀ ਮੌਜੂਦ ਸਨ। ਤਖ਼ਤ ਸਾਹਿਬ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਸਿੱਖ ਧਰਮ ਦੇ ਪੰਜ ਤਖ਼ਤਾਂ ਵਿੱਚੋਂ ਇੱਕ ਹੈ ਅਤੇ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਪਾਵਨ ਜਨਮਭੂਮੀ ਹੋਣ ਕਰਕੇ ਦੁਨੀਆ ਭਰ ਦੀ ਸਿੱਖ ਸੰਗਤ ਲਈ ਵਿਸ਼ੇਸ਼ ਸ਼ਰਧਾ ਅਤੇ ਆਸਥਾ ਦਾ ਕੇਂਦਰ ਹੈ। ਉਨ੍ਹਾਂ ਨੇ ਰਾਜਪਾਲ ਦੇ ਤਖ਼ਤ ਸਾਹਿਬ ਵਿਖੇ ਆਗਮਨ ’ਤੇ ਖ਼ੁਸ਼ੀ ਪ੍ਰਗਟਾਈ। ਰਾਜਪਾਲ ਦੀ ਇਸ ਧਾਰਮਿਕ ਯਾਤਰਾ ਦੌਰਾਨ ਤਖ਼ਤ ਸਾਹਿਬ ਦੇ ਅਹੁਦੇਦਾਰਾਂ ਵੱਲੋਂ ਉਨ੍ਹਾਂ ਨੂੰ ਤਖ਼ਤ ਸ੍ਰੀ ਪਟਨਾ ਸਾਹਿਬ ਦੀ ਇਤਿਹਾਸਕ ਅਤੇ ਧਾਰਮਿਕ ਮਹੱਤਤਾ ਬਾਰੇ ਵੀ ਜਾਣੂ ਕਰਵਾਇਆ ਗਿਆ।

# “ਅਮਿਤ ਸ਼ਾਹ ਜੀ ਜਵਾਬ ਦਿਓ, ਪੰਜਾਬ ਦੇ ਨੌਜਵਾਨਾਂ ਨੂੰ ਚਿੱਟਾ ਕਿੱਥੋਂ ਮਿਲ ਰਿਹਾ ਹੈ:ਭਾਈ ਰਤਿੰਦਰ ਸਿੰਘ ਇੰਦੌਰ

## ਚਿੱਟਾ ਬੰਦ ਕਰੋ ਨਹੀਂ ਤਾਂ ਪੰਜਾਬ ਮਨਾਏਗਾ ਕਾਲੀ ਦੀਵਾਲੀ

**ਨਵੀਂ ਦਿੱਲੀ 19 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:-ਸਿੱਖ ਚਿੰਤਕ ਭਾਈ ਰਤਿੰਦਰ ਸਿੰਘ ਇੰਦੌਰ ਨੇ ਮੀਡੀਆ



ਸੂਤਰਾਂ ਦੇ ਹਵਾਲੇ ਨਾਲ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਪੰਜਾਬ ਦੌਰੇ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਦੇ ਲੋਕ ਉਨ੍ਹਾਂ ਤੋਂ ਨਸ਼ੇ ਦੇ ਮੁੱਦੇ ’ਤੇ ਸਿੱਧੇ ਜਵਾਬ ਮੰਗਣਗੇ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਸਰਕਾਰ ਦਾ ਦਾਅਵਾ ਹੈ ਕਿ ਪੰਜਾਬ ਵਿੱਚ ਹੈਰੋਇਨ ਅਤੇ ਚਿੱਟਾ ਪਾਕਿਸਤਾਨ ਤੋਂ ਡਰੋਨਾਂ ਰਾਹੀਂ ਆ ਰਿਹਾ ਹੈ ਤਾਂ ਸਰਕਾਰ ਇਹ ਵੀ ਦੱਸੇ ਕਿ ਮੱਧ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਕਾਨੂੰਨੀ ਤੇ ਗੈਰ-ਕਾਨੂੰਨੀ ਤੌਰ ’ਤੇ ਕਿੰਨੀ ਅਫੀਮ ਪੈਦਾ ਹੁੰਦੀ ਹੈ ਅਤੇ ਦੇਸ਼ ਅੰਦਰ ਨਸ਼ੇ ਦੀ ਪੂਰੀ ਸਪਲਾਈ ਚੇਨ ਦੇ ਵੱਡੇ ਖਿਡਾਰੀ ਕੌਣ ਹਨ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਸਿਰਫ਼ ਛੋਟੇ ਤਸਕਰਾਂ ਦੀਆਂ ਗ੍ਰਿਫ਼ਤਾਰੀਆਂ ਨਹੀਂ, ਸਗੋਂ ਨਸ਼ੇ ਦੇ ਵੱਡੇ ਸਪਲਾਈ ਹੱਬ ਅਤੇ ਪੈਸੇ ਦੇ ਨੈੱਟਵਰਕ ’ਤੇ ਨਿਰਣਾਇਕ ਕਾਰਵਾਈ ਚਾਹੀਦੀ ਹੈ। ਭਾਈ ਇੰਦੌਰ ਨੇ ਕਿਹਾ ਕਿ ਦੇਸ਼ ਕੋਲ ਅਗਨੀ ਮਿਜ਼ਾਈਲਾਂ, ਰਫਾਲ ਅਤੇ ਦੁਨੀਆ ਦੀਆਂ ਆਧੁਨਿਕ ਫੌਜੀ ਸਮਰੱਥਾਵਾਂ ਹਨ ਅਤੇ ਸਰਕਾਰ ਪਾਕਿਸਤਾਨ ਨੂੰ ਜਵਾਬ ਦੇਣ ਦੀ ਸਮਰੱਥਾ ਦੇ ਵੱਡੇ ਦਾਅਵੇ ਕਰਦੀ ਹੈ, ਪਰ ਪੰਜਾਬ ਦਾ ਸਵਾਲ ਹੈ ਕਿ ਸਰਹੱਦ ਪਾਰੋਂ ਆ ਰਹੇ ਨਸ਼ਿਆਂ ਦੇ ਖ਼ਤਰੇ ਨੂੰ ਖ਼ਤਮ ਕਰਨ ਲਈ ਉਹੀ ਦ੍ਰਿੜਤਾ ਕਦੋਂ ਦਿਖਾਈ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਚਿੱਟੇ ਦੀ ਮਾਰ ਹੇਠ ਆ ਰਹੀ ਹੈ ਅਤੇ ਹੁਣ ਸਿਰਫ਼ ਬਿਆਨਾਂ ਨਾਲ ਲੋਕਾਂ ਦਾ ਗੁੱਸਾ ਸ਼ਾਂਤ ਨਹੀਂ ਹੋਵੇਗਾ। ਭਾਈ ਰਤਿੰਦਰ ਸਿੰਘ ਇੰਦੌਰ ਨੇ ਤਿੱਖੇ ਲਹਿਜ਼ੇ ਵਿੱਚ ਕਿਹਾ ਕਿ ਜੇਕਰ ਸਰਕਾਰ ਪੰਜਾਬ ਦੇ ਨੌਜਵਾਨਾਂ ਨੂੰ ਚਿੱਟੇ ਤੋਂ ਬਚਾਉਣ ਅਤੇ ਨਸ਼ੇ ਦੇ ਵੱਡੇ ਨੈੱਟਵਰਕ ਨੂੰ ਤੋੜਨ ਵਿੱਚ ਨਾਕਾਮ ਰਹਿੰਦੀ ਹੈ ਤਾਂ ਇਸ ਦੀਵਾਲੀ ਪੰਜਾਬ ਦੇ ਲੋਕ ਸਰਕਾਰ ਅਤੇ ਸਿਆਸਤਦਾਨਾਂ ਖ਼ਿਲਾਫ਼ “ਕਾਲੀ ਦੀਵਾਲੀ” ਮਨਾਉਣ ਦਾ ਸੱਦਾ ਦੇਣ ਲਈ ਮਜਬੂਰ ਹੋਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਖੋਖਲੇ ਦਾਅਵੇ ਨਹੀਂ, ਨਸ਼ੇ ਦੇ ਸਰੋਤਾਂ ’ਤੇ ਨਿਰਣਾਇਕ ਕਾਰਵਾਈ ਅਤੇ ਉਸਦਾ ਨਤੀਜਾ ਦੇਖਣਾ ਚਾਹੁੰਦੇ ਹਨ।

## ਪੰਜਾਬ ਨੂੰ ਰੰਗਲਾ ਬਣਾਉਣ ਦੀ ਥਾਂ

# ਜੰਗਲ ਰਾਜ ਵੱਲ ਧੱਕ ਦਿੱਤੈ ‘ਆਪ’ ਸਰਕਾਰ ਨੇ- ਗੁਰਬਾਜ਼ ਸਿੰਘ ਸਿੱਧੂ





**ਤਲਵੰਡੀ ਸਾਬੋ, 19 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੇ ਨਾਂ ’ਤੇ ਸੱਤਾ ’ਤੇ ਕਾਬਿਜ਼ ਹੋਈ ਆਮ ਆਦਮੀ ਪਾਰਟੀ ਸਰਕਾਰ ਦਾ ਕਾਰਜਕਾਲ ਹੁਣ ਜਦੋਂ ਆਪਣੇ ਆਖਰੀ ਪੜਾਅ ਤੇ ਹੈ ਤਾਂ ਸਰਕਾਰ ਦੀ ਪੜਚੋਲ ਉਪਰੰਤ ਨਚੋੜ ਇਹ ਨਿਕਲਦਾ ਹੈ ਕਿ ਇਸ ਸਰਕਾਰ ਨੇ ਪੰਜਾਬ ਨੂੰ ਰੰਗਲਾ ਬਣਾਉਣ ਦੀ ਥਾਂ ਜੰਗਲ ਰਾਜ ਵੱਲ ਧੱਕ ਦਿੱਤਾ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ ’ਚ ਕਾਂਗਰਸ ਵੱਲੋਂ ਸਰਗਰਮ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਗੱਲਬਾਤ ਕਰਦਿਆਂ ਕੀਤਾ। ਸਿੱਧੂ ਜੋ ਕਿ ਸੀਂਗੋ ਇਲਾਕੇ ਦੇ ਪਿੰਡਾਂ ’ਚ ਕਾਂਗਰਸੀ ਵਰਕਰਾਂ ਤੇ ਆਮ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ ’ਚ ਹਾਜ਼ਰੀ ਭਰਨ ਪੁੱਜੇ ਸਨ ਨੇ ਇਸ ਦੌਰਾਨ ਲੋਕਾਂ ਨਾਲ ਮੁਲਾਕਾਤ ਕਰਦਿਆਂ ਮੁਸ਼ਿਕਲਾਂ ਵੀ ਸੁਣੀਆਂ। ਬਾਅਦ ’ਚ ਗੱਲਬਾਤ ਕਰਦਿਆਂ ਉਨਾਂ ਕਿਹਾ ਕਿ ਜਿੱਥੇ ਨਸ਼ਿਆਂ ਦੇ ਪਾਸਾਰ ਨੇ ਹਰ ਪੰਜਾਬੀ ਦੇ ਮੱਥੇ ’ਤੇ ਚਿੰਤਾ ਦੀ ਲਕੀਰ ਨੂੰ ਹੋਰ ਡੂੰਘਾ ਕੀਤਾ ਹੈ ਉੱਥੇ ਅਮਨ ਕਾਨੂੰਨ ਦੀ ਹਾਲਤ ਦਾ ਤਾਂ ਪਹਿਲਾ ਹੀ ਪਤਾ ਲੱਗ ਚੁੱਕਾ ਹੈ ਕਿ ਉਹ ਬਦਤਰ ਹਾਲਤ ’ਚ ਪਹੁੰਚ ਚੁੱਕੀ ਹੈ। ਸਿੱਧੂ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਸਰਕਾਰ ਬਨਣ ਤੋਂ ਪਹਿਲਾਂ ਜੋ ਵਾਇਦੇ ਕੀਤੇ ਸਨ ਉਹ ਸਿਰਫ ਕਾਗਜ਼ਾਂ ’ਚ ਪੂਰੇ ਹੋਏ ਜਦੋਂਕਿ ਪੰਜਾਬ ਦੇ ਮੁੱਖ ਮਸਲਿਆਂ ਦੇ ਹੱਲ ਵੱਲ ਸਰਕਾਰ ਨੇ ਭੋਰਾ ਭਰ ਵੀ ਧਿਆਨ ਨਹੀ ਦਿੱਤਾ। ਉਨਾਂ ਦਾਅਵਾ ਕੀਤਾ ਕਿ 2027 ਵਿਧਾਨ ਸਭਾ ਚੋਣਾਂ ’ਚ ਲੋਕ ਇਸ ਸਰਕਾਰ ਨੂੰ ਚਲਦਾ ਕਰ ਦੇਣਗੇ। ਇਸ ਮੌਕੇ ਸਿੱਧੂ ਨਾਲ ਯੂਥ ਕਾਂਗਰਸ ਜਿਲ੍ਹਾ ਮੀਤ ਪ੍ਰਧਾਨ ਹੈਪੀ ਬਹਿਮਣ, ਗੁਰਦਿੱਤਾ ਸਿੰਘ ਸੀਂਗੋ, ਡੂੰਗਰ ਸਿੰਘ ਸੀਂਗੋ, ਟਹਿਲ ਸਿੰਘ ਲਹਿਰੀ, ਸੁਰਜੀਤ ਸ਼ਰਮਾਂ ਜਗਾ, ਹਰਪਾਲ ਪੰਚ ਗਾਟਵਾਲੀ ਆਦਿ ਆਗੂ ਮੌਜੂਦ ਸਨ।

## ਭਾਈ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੇ ਰੋਸ ਵਜੋਂ ਅਕਾਲੀ ਦਲ ਨੇ ਯੁੱਧ ਨਸ਼ਿਆ ਵਿਰੁੱਧ ਦੇ

# ਜਿਲਾ ਕੋਆਰਡੀਨੇਟਰ ਵਿੱਕੀ ਥਿੰਦ ਨੂੰ ਸੌਂਪਿਆ ਲਾਹਨਤ ਪੱਤਰ



ਜਗਰਾਉਂ, (ਵਰਿਆਮ ਹਠੂਰ) ਭਾਈ ਪਰਵਿੰਦਰ ਸਿੰਘ ਝੋਟਾ ਦੀ ਦਿਨ-ਦਿਹਾੜੇ ਗੋਲੀਆਂ ਮਾਰ ਕੇ ਕੀਤੀ ਗਈ ਹੱਤਿਆ ਦੇ ਰੋਸ ਵਜੋਂ ਪੰਜਾਬ ਭਰ ਵਿੱਚ ਰੋਸ ਪ੍ਰਦਰਸ਼ਨ ਕੀਤੇ ਜਾ ਰਹੇ ਹਨ ਅਤੇ ਇਨਸਾਫ਼ ਦੀ ਮੰਗ ਨੂੰ ਲੈ ਕੇ ਵੱਖ-ਵੱਖ ਜਥੇਬੰਦੀਆਂ ਵੱਲੋਂ ਆਵਾਜ਼ ਬੁਲੰਦ ਕੀਤੀ ਜਾ ਰਹੀ ਹੈ। ਇਸੇ ਲੜੀ ਤਹਿਤ ਅੱਜ ਦਿੱਤੇ ਗਏ ਸੱਦੇ ਅਨੁਸਾਰ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ, ਸਾਬਕਾ ਵਿਧਾਇਕ ਸ੍ਰੀ ਐੱਸ. ਆਰ. ਕਲੇਰ ਦੀ ਅਗਵਾਈ ਹੇਠ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਰੋਸ ਪ੍ਰਗਟਾਇਆ ਗਿਆ। ਇਸ ਮੌਕੇ ਅਕਾਲੀ ਦਲ ਦੇ ਵਰਕਰਾਂ ਦਾ ਵੱਡਾ ਕਾਫ਼ਲਾ ਇਕੱਠਾ ਹੋਇਆ। ਵਰਕਰਾਂ ਵੱਲੋਂ ਸਭ ਤੋਂ ਪਹਿਲਾਂ ਹਲਕਾ ਜਗਰਾਉਂ ਤੋਂ ਆਮ ਆਦਮੀ ਪਾਰਟੀ ਦੀ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਦੇ ਘਰ ’ਤੇ ਲਾਹਨਤ ਪੱਤਰ ਲਗਾਇਆ ਗਿਆ। ਇਸ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਯੁੱਧ ਨਸ਼ਿਆ ਵਿਰੁੱਧ ਦੇ ਜ਼ਿਲ੍ਹਾ ਕੋਆਰਡੀਨੇਟਰ ਵਿਕਰਮਜੀਤ ਸਿੰਘ ਥਿੰਦ (ਵਿੱਕੀ) ਨੂੰ ਲਾਹਨਤ ਪੱਤਰ ਸੌਂਪਿਆ ਗਿਆ। ਅਕਾਲੀ ਆਗੂਆਂ ਨੇ ਭਾਈ ਪਰਮਿੰਦਰ ਸਿੰਘ ਝੋਟਾ ਦੀ ਹੱਤਿਆ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਦਿਨ-ਦਿਹਾੜੇ ਵਾਪਰੀ ਇਸ ਘਟਨਾ ਨੇ ਸੂਬੇ ਦੀ ਕਾਨੂੰਨ ਵਿਵਸਥਾ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਜਾਂਚ ਕਰਵਾ ਕੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਇਆ ਜਾਵੇ।

ਆਗੂਆਂ ਨੇ ਕਿਹਾ ਕਿ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਅਮਨ-ਸ਼ਾਂਤੀ ਅਤੇ ਸੁਰੱਖਿਅਤ ਮਾਹੌਲ ਦੀ ਉਮੀਦ ਕਰਦੇ ਹਨ, ਇਸ ਲਈ ਸਰਕਾਰ ਨੂੰ ਅਜਿਹੀਆਂ ਘਟਨਾਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਠੋਸ ਕਦਮ ਚੁੱਕਣੇ ਚਾਹੀਦੇ ਹਨ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।

## ਕੇਜਰੀਵਾਲ ਦੱਸਣ, ਜਦੋਂ ਪੰਜਾਬ ਵਿੱਚ ਲਾਰੈਂਸ ਬਿਸ਼ਨੋਈ ਦੀ ਇੰਟਰਵਿਊ ਕਰਵਾਈ ਗਈ, ਉਦੋਂ ਉਹ ਕਿਸ ਦਾ ‘ਜਵਾਈ’ ਸੀ ? : ਪ੍ਰੋ. ਸਰਚਾਂਦ ਸਿੰਘ ਖਿਆਲਾ

### 47 ਮਾਮਲਿਆਂ ਵਾਲੇ ਗੈਂਗਸਟਰ ਗੁਰਪ੍ਰੀਤ ਸੇਖੋਂ ਨੂੰ ‘ਆਪ’ ਵਿੱਚ ਸ਼ਾਮਲ ਕਰਕੇ ਹਲਕਾ ਇੰਚਾਰਜ ਬਣਾਉਣ ’ਤੇ ਵੀ ਦੇਣ ਜਵਾਬ; ਪਰਵਿੰਦਰ ਝੋਟਾ ਦੇ ਪਿਤਾ ਦੇ ਭਰੋਸੇ ਨੂੰ ਭਾਜਪਾ ਕਾਇਮ ਰੱਖੇਗੀ



**ਅੰਮ੍ਰਿਤਸਰ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ‘ਆਪ’ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਲਾਰੈਂਸ ਬਿਸ਼ਨੋਈ ਨੂੰ ਭਾਜਪਾ ਦਾ ‘ਜਵਾਈ’ ਕਹਿਣ ’ਤੇ ਪਲਟਵਾਰ ਕਰਦਿਆਂ ਪੁੱਛਿਆ ਕਿ ਸਤੰਬਰ 2022 ਦੌਰਾਨ ਜਦੋਂ ਪੰਜਾਬ ਪੁਲਿਸ ਦੀ ਹਿਰਾਸਤ ਦੌਰਾਨ ਬਿਸ਼ਨੋਈ ਦੀ ਇੰਟਰਵਿਊ ਕਰਾਈ ਗਈ, ਉਦੋਂ ਉਹ ਕਿਸ ਦਾ ‘ਜਵਾਈ’ ਸੀ ? ਉਨ੍ਹਾਂ ਕਿਹਾ ਕਿ ਕੇਜਰੀਵਾਲ ਬੁਖਲਾਹਟ ਵਿੱਚ ਭਾਸ਼ਾ ਦੀ ਮਰਿਆਦਾ ਭੁੱਲ ਰਹੇ ਹਨ। ਉਨ੍ਹਾਂ ਵਰਗੇ ਆਗੂ ਨੂੰ ਜਨਤਕ ਜੀਵਨ ਵਿੱਚ ਸਿਆਸੀ ਸ਼ਿਸ਼ਟਾਚਾਰ ਦਾ ਖ਼ਿਆਲ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਲਾਰੈਂਸ ਬਿਸ਼ਨੋਈ ਦੀ ਇੰਟਰਵਿਊ ਸਬੰਧੀ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਪੇਸ਼ ਐੱਸ.ਆਈ.ਟੀ. ਦੀ ਰਿਪੋਰਟ ਵਿੱਚ ਸੀ ਆਈ ਏ ਸਟਾਫ਼ ਖਰੜ ਵਿਖੇ ਹਿਰਾਸਤ ਦੌਰਾਨ ਇੰਟਰਵਿਊ ਲਈ ਸਟੂਡੀਓ ਵਰਗਾ ਮਾਹੌਲ ਬਣਾਉਣ ਅਤੇ ਵਾਈ-ਫਾਈ ਤੇ ਮੋਬਾਈਲ ਫੋਨ ਵਰਗੀਆਂ ਸਹੂਲਤਾਂ ਮਿਲਣ ਦੇ ਤੱਥ ਸਾਹਮਣੇ ਆਏ ਸਨ। ਅਦਾਲਤ ਨੇ ਅਜਿਹੇ ਇੰਟਰਵਿਊਆਂ ਰਾਹੀਂ ਅਪਰਾਧੀਆਂ ਨੂੰ ਪ੍ਰਮੋਟ ਕਰਨ ’ਤੇ ਵੀ ਚਿੰਤਾ ਜਤਾਈ ਸੀ। ਪ੍ਰੋ. ਖਿਆਲਾ ਨੇ ਸਵਾਲ ਕੀਤਾ ਕਿ ਜੇ ਬਿਸ਼ਨੋਈ ਭਾਜਪਾ ਦਾ ‘ਜਵਾਈ’ ਹੈ ਤਾਂ ਪੰਜਾਬ ਪੁਲਿਸ ਦੀ ਹਿਰਾਸਤ ਦੌਰਾਨ ਉਸ ਨੂੰ ਮਿਲੀਆਂ ਸਹੂਲਤਾਂ ਲਈ ਕੌਣ ਜ਼ਿੰਮੇਵਾਰ ਸੀ ? ਪੰਜਾਬ ਦਾ ਗ੍ਰਹਿ ਵਿਭਾਗ ਮੁੱਖ ਮੰਤਰੀ ਭਗਵੰਤ ਮਾਨ ਕੋਲ ਹੈ। ਕੇਜਰੀਵਾਲ ਦੂਜਿਆਂ ’ਤੇ ਉਂਗਲ ਚੁੱਕਣ ਦੀ ਬਜਾਏ ਆਪਣੀ ਸਰਕਾਰ ਦੀ ਜਵਾਬਦੇਹੀ ਤੈਅ ਕਰਨ। ਉਨ੍ਹਾਂ ਕਿਹਾ ਕਿ ਕੇਜਰੀਵਾਲ ਇਹ ਵੀ ਦੱਸਣ ਕਿ ਗੰਭੀਰ ਅਪਰਾਧਿਕ ਪਿਛੋਕੜ ਵਾਲੇ ਦੱਸੇ ਜਾਂਦੇ ਗੈਂਗਸਟਰ ਗੁਰਪ੍ਰੀਤ ਸੇਖੋਂ ਨੂੰ ‘ਆਪ’ ਵਿੱਚ ਸ਼ਾਮਲ ਕਰਕੇ ਹਲਕਾ ਇੰਚਾਰਜ ਬਣਾਉਣ ਪਿੱਛੇ ਕੀ ਤਰਕ ਸੀ ? ਸੇਖੋਂ ਵਿਰੁੱਧ 47 ਅਪਰਾਧਿਕ ਮਾਮਲੇ ਦਰਜ ਹੋਣ ਅਤੇ ਜੇਲ੍ਹ ਬਰੇਕ ਰਾਹੀਂ ਇੱਕ ਅੱਤਵਾਦੀ ਦੇ ਫ਼ਰਾਰ ਹੋਣ ਵਿੱਚ ਉਸ ਦੀ ਭੂਮਿਕਾ ਬਾਰੇ ਉੱਠੇ ਸਵਾਲਾਂ ਦਾ ਜਵਾਬ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਪੁੱਛਿਆ ਕਿ ਪੰਜਾਬ ਸਰਕਾਰ ਅਤੇ ‘ਆਪ’ ਦੇ ਸੰਗਠਨ ਵਿੱਚ ਗੈਂਗਸਟਰਾਂ ਦੇ ਰਿਸ਼ਤੇਦਾਰਾਂ ਜਾਂ ਨਜ਼ਦੀਕੀਆਂ ਨੂੰ ਕਿਹੜੇ ਅਹੁਦੇ ਦਿੱਤੇ ਗਏ ਹਨ। ਗੈਂਗਸਟਰਵਾਦ ਦੇ ਖ਼ਾਤਮੇ ਦੇ ਦਾਅਵਿਆਂ ਅਤੇ ਅਜਿਹੇ ਸਿਆਸੀ ਫ਼ੈਸਲਿਆਂ ਵਿਚਲਾ ਵਿਰੋਧਾਭਾਸ ਸਪੱਸ਼ਟ ਹੋਣਾ ਚਾਹੀਦਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਨਸ਼ਿਆਂ ਅਤੇ ਅਮਨ ਕਾਨੂੰਨ ਦੀ ਗੰਭੀਰ ਸਮੱਸਿਆ ਨਾਲ ਜੂਝ ਰਿਹਾ ਹੈ, ਪਰ ਮੁੱਖ ਮੰਤਰੀ ਭਗਵੰਤ ਮਾਨ ਸੂਬੇ ਦੀਆਂ ਸਮੱਸਿਆਵਾਂ ਦੇ ਹੱਲ ਦੀ ਬਜਾਏ ਫਰਾਂਸ ਦੀ ਸੈਰ ’ਤੇ ਮਸਤ ਹਨ। ਸਿਆਸੀ ਬਿਆਨਬਾਜ਼ੀ ਦੀ ਬਜਾਏ ਪੰਜਾਬ ਨੂੰ ਠੋਸ ਕਾਰਵਾਈ ਅਤੇ ਜਵਾਬਦੇਹੀ ਦੀ ਲੋੜ ਹੈ। ਪਰਵਿੰਦਰ ਝੋਟਾ ਦੇ ਪਰਿਵਾਰ ਨੂੰ ਇਨਸਾਫ਼ ਦਿਵਾਉਣਾ ਭਾਜਪਾ ਦੀ ਤਰਜੀਹ ਪ੍ਰੋ. ਖਿਆਲਾ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਵਾਲੇ ਮਰਹੂਮ ਪਰਵਿੰਦਰ ਸਿੰਘ ਝੋਟਾ ਦੇ ਪਿਤਾ ਅਤੇ ਸਾਬਕਾ ਫ਼ੌਜੀ ਸ. ਭੀਮ ਸਿੰਘ ਵੱਲੋਂ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ’ਤੇ ਪ੍ਰਗਟਾਏ ਭਰੋਸੇ ਦਾ ਭਾਜਪਾ ਪੂਰਾ ਸਤਿਕਾਰ ਕਰਦੀ ਹੈ ਅਤੇ ਇਸ ਭਰੋਸੇ ਨੂੰ ਕਾਇਮ ਰੱਖਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸ. ਭੀਮ ਸਿੰਘ ਨੇ ਪਰਵਿੰਦਰ ਝੋਟਾ ਦੀ ਹੱਤਿਆ ’ਤੇ ਸਿਆਸਤ ਕਰਨ ਵਾਲਿਆਂ ਨੂੰ ਕਰਾਰਾ ਜਵਾਬ ਦੇ ਕੇ ਸਪੱਸ਼ਟ ਕੀਤਾ ਹੈ ਕਿ ਅਮਿਤ ਸ਼ਾਹ ਦੇ ਪੰਜਾਬ ਦੌਰੇ ਦਾ ਵਿਰੋਧ ਕਰਨਾ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰ ਦੀਆਂ ਭਾਵਨਾਵਾਂ ਦਾ ਅਪਮਾਨ ਹੋਵੇਗਾ। ਕੇਜਰੀਵਾਲ ਅਤੇ ਉਨ੍ਹਾਂ ਦੀ ਪਾਰਟੀ ਨੂੰ ਪੀੜਤ ਪਰਿਵਾਰ ਦੇ ਜਜ਼ਬਾਤਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਪਰਿਵਾਰ ਵੱਲੋਂ ਪਰਵਿੰਦਰ ਸਿੰਘ ਦੀ ਮੌਤ ਦੇ ਮਾਮਲੇ ਵਿੱਚ ਸੀ.ਬੀ.ਆਈ. ਜਾਂਚ ਦੀ ਮੰਗ ਕੀਤੀ ਗਈ ਹੈ। ਭਾਜਪਾ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਇਸ ਮੰਗ ਨੂੰ ਅੱਗੇ ਵਧਾਏਗੀ। ਉਨ੍ਹਾਂ ਕਿਹਾ ਕਿ ਸ. ਭੀਮ ਸਿੰਘ ਨੇ ਸਰਹੱਦਾਂ ’ਤੇ ਦੇਸ਼ ਦੀ ਸੇਵਾ ਕੀਤੀ ਹੈ। ਉਨ੍ਹਾਂ ਦੇ ਦੁੱਖ ਅਤੇ ਇਨਸਾਫ਼ ਦੀ ਮੰਗ ਨੂੰ ਸਿਆਸੀ ਲਾਹੇ ਲਈ ਵਰਤਣ ਦੀ ਬਜਾਏ ਸਾਰੀਆਂ ਧਿਰਾਂ ਨੂੰ ਪਰਿਵਾਰ ਦੇ ਨਾਲ ਖੜ੍ਹਨਾ ਚਾਹੀਦਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਕੇਜਰੀਵਾਲ ਪਹਿਲਾਂ ਆਪਣੀ ਸਰਕਾਰ ਦੇ ਰਿਕਾਰਡ ਬਾਰੇ ਜਵਾਬ ਦੇਣ ਅਤੇ ਫਿਰ ਦੂਜਿਆਂ ਨੂੰ ਕਾਨੂੰਨ-ਵਿਵਸਥਾ ਬਾਰੇ ਨਸੀਹਤਾਂ ਦੇਣ। ਭਾਜਪਾ ਪੰਜਾਬ ਨੂੰ ਨਸ਼ਾ-ਮੁਕਤ ਅਤੇ ਗੈਂਗਸਟਰਵਾਦ ਤੋਂ ਮੁਕਤ ਬਣਾਉਣ ਅਤੇ ਨਸ਼ਿਆਂ ਵਿਰੁੱਧ ਲੜਦਿਆਂ ਆਪਣੀਆਂ ਜਾਨਾਂ ਗੁਆਉਣ ਵਾਲਿਆਂ ਦੇ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਆਪਣੀ ਲੜਾਈ ਜਾਰੀ ਰੱਖੇਗੀ।

## ਦੁਸਹਿਰੇ ਦੀ ਦਸਮੀਂ ਦੇ ਦਿਹਾੜੇ ਤੇ ਮਹਾਨ ਗੁਰਮਤਿ ਸਮਾਗਮ ਦੀਆਂ ਤਿਆਰੀਆਂ ਮੁਕੰਮਲ: ਬਾਬਾ ਕੁਲਵਿੰਦਰ ਸਿੰਘ



ਮਾਲੇਰਕੋਟਲਾ ( ਰਣਜੀਤ ਸਿੰਘ ਪੇਧਨੀ ) ਧੰਨ ਧੰਨ ਬਾਬੇ ਸਿੰਘ ਸ਼ਹੀਦ ਸੇਵਾ ਐਂਡ ਵੈਲਫੇਅਰ ਸੁਸਾਇਟੀ (ਰਜਿ:), ਨੌਜਵਾਨ ਸਭਾ ਅਤੇ ਸਮੂਹ ਨਗਰ ਨਿਵਾਸੀ ਸੰਗਤ ਦੇ ਸਹਿਯੋਗ ਦੇ ਨਾਲ ਗੁਰਦੁਆਰਾ ਧੰਨ ਧੰਨ ਬਾਬੇ ਸਿੰਘ ਸ਼ਹੀਦ (ਵੱਡਾ ਘੱਲੂਘਾਰਾ) ਦੇ ਪਵਿੱਤਰ ਅਸਥਾਨ ਅਬਦੁੱਲਾਪੁਰ ਚੁਹਾਣੇ ਵਿਖੇ ਅਕਤੂਬਰ ਮਹੀਨੇ ਦੁਸਹਿਰੇ ਦੀ ਦਸਮੀਂ ਦੇ ਦਿਹਾੜੇ ਤੇ ਮਹਾਨ ਗੁਰਮਤਿ ਸਮਾਗਮ ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਕੁਲਵਿੰਦਰ ਸਿੰਘ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। ਜਿਸ ਲੈ ਕੇ ਸਾਰੀਆਂ ਤਿਆਰੀਆਂ ਮੁਕੰਮਲ ਕੀਤੀਆਂ ਜਾ ਚੁਕੀਆਂ ਹਨ , ਇਲਾਕੇ ਦੀ ਸੰਗਤ ਵਿੱਚ ਸਮਾਗਮ ਪ੍ਰਤੀ ਭਾਰੀ ਉਤਸਾਹ ਦੇਖਣ ਨੂੰ ਮਿਲ ਰਿਹਾ ਹੈ। ਔਯਚਓ ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਬਾਬਾ ਕੁਲਵਿੰਦਰ ਸਿੰਘ ਨੇ ਕਿਹਾ ਕਿ ਮਿਤੀ 21 ਅਕਤੂਬਰ 2026 ਦਿਨ ਬੁੱਧਵਾਰ ਨੂੰ ਅਬਦੁੱਲਾਪੁਰ ਚੁਹਾਣੇ ਕਲਾਂ ਵਿਖੇ ਸਵੇਰੇ 8:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ 1:30 ਵਜੇ ਦੁਪਹਿਰ ਤੱਕ ਕੀਰਤਨ ਦੀਵਾਨ ਸਜਣਗੇ। ਜਿਸ ਵਿੱਚ ਸੰਤ ਬਾਬਾ ਰਵਿੰਦਰ ਸਿੰਘ ਜੀ ਜੋਨੀ (ਨਾਨਕਸਰ ਠਾਠ) ਵਾਲੇ ਵਿਸ਼ੇਸ਼ ਤੌਰ ’ਤੇ ਹਾਜਰੀ ਭਰਨਗੇ ਅਤੇ ਬੇਅੰਤ ਮਹਾਂਪੁਰਸ਼, ਪੰਥ ਪ੍ਰਸਿੱਧ ਕੀਰਤਨੀਏ, ਰਾਗੀ ਤੇ ਢਾਡੀ ਜੱਥੇ ਹਾਜਰੀਆਂ ਭਰਨਗੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਐਡਮਿੰਟਨ 'ਚ ਖ਼ਾਲਿਸਤਾਨ ਰੈਫਰੈਂਡਮ ਦੌਰਾਨ

# 23 ਹਜ਼ਾਰ ਤੋਂ ਵੱਧ ਵੋਟਾਂ, ਲੰਮੀਆਂ ਕਤਾਰਾਂ ਕਾਰਨ ਵਧਾਇਆ











**ਐਡਮਿੰਟਨ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਇਹ ਵੋਟਿੰਗ ਪੰਜਾਬ ਨੂੰ ਭਾਰਤ ਤੋਂ ਵੱਖ ਕਰਕੇ ਆਜ਼ਾਦ ਸਿੱਖ ਦੇਸ਼ 'ਖ਼ਾਲਿਸਤਾਨ' ਬਣਾਉਣ ਦੀ ਮੰਗ ਨੂੰ ਲੈ ਕੇ ਕਰਵਾਈ ਗਈ। ਇਸ ਦੌਰਾਨ ਵੱਡੀ ਗਿਣਤੀ ਵਿੱਚ ਸਿੱਖਾਂ ਨੇ ਸ਼ਮੂਲੀਅਤ ਕੀਤੀ। ਕੜਾਕੇ ਦੀ ਠੰਢ ਦੇ ਬਾਵਜੂਦ ਵੋਟਰ ਲੰਮੀਆਂ ਕਤਾਰਾਂ ਵਿੱਚ ਖੜ੍ਹੇ ਰਹੇ। ਨਿਰਧਾਰਤ ਸਮਾਂ ਖ਼ਤਮ ਹੋਣ ਤੋਂ ਬਾਅਦ ਵੀ ਕਈ ਵੋਟਰ ਆਪਣੀ ਵਾਰੀ ਦੀ ਉਡੀਕ ਕਰ ਰਹੇ ਸਨ। ਇਸ ਨੂੰ ਦੇਖਦਿਆਂ ਪੰਜਾਬ ਰੈਫਰੈਂਡਮ ਕਮਿਸ਼ਨ ਨੇ ਵੋਟਿੰਗ ਦਾ ਸਮਾਂ ਵਧਾ ਦਿੱਤਾ। ਇਸ ਦਾ ਮਕਸਦ ਕਤਾਰਾਂ ਵਿੱਚ ਖੜ੍ਹੇ ਸਾਰੇ ਵੋਟਰਾਂ ਨੂੰ ਵੋਟ ਪਾਉਣ ਦਾ ਮੌਕਾ ਦੇਣਾ ਸੀ।

**• ਸਿੱਖਸ ਫਾਰ ਜਸਟਿਸ ਵੱਲੋਂ ਪੰਜਵੀਂ ਪੀੜ੍ਹੀ ਦੀ ਜੰਗ (EGW) ਦੀ ਨਵੀਂ ਰਣਨੀਤੀ ਦਾ ਐਲਾਨ • ਮੋਦੀ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਲਈ CJP ਅਤੇ ਨੌਜਵਾਨਾਂ ਦੀਆਂ ਲਹਿਰਾਂ ਨੂੰ ਸਮਰਥਨ ਦੇਣ ਦਾ ਐਲਾਨ**

ਐਡਮਿੰਟਨ ਵਿੱਚ ਹਜ਼ਾਰਾਂ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂੰ ਨੇ ਜਥੇਬੰਦੀ ਦੀ ਨਵੀਂ ਪੰਜਵੀਂ ਪੀੜ੍ਹੀ ਦੀ ਜੰਗ ਦੀ ਰਣਨੀਤੀ ਦਾ ਐਲਾਨ ਕੀਤਾ ਗਿਆ। ਪੰਨੂੰ ਨੇ ਕਿਹਾ ਕਿ ਇਸ ਰਣਨੀਤੀ ਤਹਿਤ ਭਾਰਤ ਵਿੱਚ ਮੋਦੀ ਸਰਕਾਰ ਨੂੰ ਸਿਆਸੀ ਚੁਣੌਤੀ ਦੇ ਰਹੀਆਂ ਲਹਿਰਾਂ ਤੇ ਮੋਦੀ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਲਈ CJP ਅਤੇ ਨੌਜਵਾਨਾਂ ਦੀਆਂ ਜਥੇਬੰਦੀਆਂ ਨੂੰ ਵਿੱਤੀ ਸਹਾਇਤਾ ਅਤੇ ਸਮਰਥਨ ਦਿੱਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਕੈਨੇਡਾ ਵਿੱਚ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ ਦਾ ਜ਼ਿਕਰ ਕਰਦਿਆਂ ਪੰਨੂੰ ਨੇ ਭਾਰਤ ਸਰਕਾਰ ਉੱਤੇ ਖ਼ਾਲਿਸਤਾਨ ਰੈਫਰੈਂਡਮ ਨੂੰ ਰੋਕਣ ਲਈ ਹਿੰਸਕ ਤਰੀਕੇ ਵਰਤਣ ਦੇ ਦੋਸ਼ ਲਗਾਏ। ਉਨ੍ਹਾਂ ਨੇ ਇਸ ਮਾਮਲੇ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ, ਵਿਦੇਸ਼ ਮੰਤਰੀ ਐੱਸ. ਜੈਸ਼ੰਕਰ, ਅਜੀਤ ਡੋਭਾਲ ਅਤੇ ਸਾਮੰਤ ਗੋਇਲ ਦੀ ਜਵਾਬਦੇਹੀ ਦੀ ਮੰਗ ਕੀਤੀ।

ਪੰਨੂੰ ਨੇ ਪੰਜਾਬ ਦੀ ਭਾਰਤ ਤੋਂ ਆਜ਼ਾਦੀ ਦੀ ਮੰਗ ਸਬੰਧੀ ਆਪਣੀ EGW ਮੁਹਿੰਮ ਦੇ ਤਿੰਨ ਮੁੱਖ ਪੱਖਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਦੁਨੀਆ ਭਰ ਦੇ ਸਿੱਖਾਂ ਨੂੰ ਖ਼ਾਲਿਸਤਾਨ ਰੈਫਰੈਂਡਮ ਰਾਹੀਂ ਸਵੈ-ਨਿਰਣੇ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਲਾਮਬੰਦ ਕਰਨ ਤੇ ਪਹਿਲੀ ਨਵੰਬਰ, ਸਿੱਖ ਨਸਲਕੁਸ਼ੀ ਯਾਦਗਾਰੀ ਦਿਵਸ ਵਜੋਂ ਮਨਾਉਂਦੀਆਂ ਖ਼ਾਲਿਸਤਾਨ ਰੈਫਰੈਂਡਮ ਲਈ 20 ਲੱਖ ਵੋਟਰਾਂ ਦੀ ਰਜਿਸਟ੍ਰੇਸ਼ਨ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ। ਇਹ ਮੁਹਿੰਮ ਪੰਜਾਬ ਵਿਧਾਨ ਸਭਾ ਦੀ ਚੋਣ ਪ੍ਰਕਿਰਿਆ ਦੇ ਸਮਾਨਾਂਤਰ ਚੱਲੇਗੀ।

ਪੰਨੂੰ ਨੇ ਭਾਰਤੀ ਬਾਜ਼ਾਰਾਂ ਤੋਂ ਵਿਦੇਸ਼ੀ ਨਿਵੇਸ਼ ਹਟਾਉਣ ਅਤੇ ਭਾਰਤ ਨਾਲ ਆਰਥਿਕ ਸਬੰਧਾਂ ਨੂੰ ਪ੍ਰਭਾਵਿਤ ਕਰਨ ਲਈ ਮੁਹਿੰਮ ਚਲਾਉਣ ਦਾ ਐਲਾਨ ਕੀਤਾ ਗਿਆ। ਪੰਨੂੰ ਨੇ ਇਸ ਆਰਥਿਕ ਮੁਹਿੰਮ ਨੂੰ ਮੋਦੀ ਸਰਕਾਰ ਉੱਤੇ ਦਬਾਅ ਬਣਾਉਣ ਦੀ ਰਣਨੀਤੀ ਦਾ ਹਿੱਸਾ ਦੱਸਿਆ। ਪੰਨੂੰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦਸੰਬਰ ਮਹੀਨੇ ਦੌਰਾਨ ਕੈਨੇਡਾ ਅਤੇ ਅਮਰੀਕਾ ਦੇ ਪ੍ਰਸਤਾਵਿਤ ਦੌਰਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਜੇਕਰ ਇਹ ਦੌਰੇ ਹੁੰਦੇ ਹਨ ਤਾਂ ਮੋਦੀ ਨੂੰ ਦੋਵਾਂ ਦੇਸ਼ਾਂ ਵਿੱਚ ਖ਼ਾਲਿਸਤਾਨ ਦੇ ਮੁੱਦੇ ਉੱਤੇ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ।

ਇਸ ਮੌਕੇ ਪੰਨੂੰ ਨੇ ਸਿੱਖ ਹੋਮਲੈਂਡ ਸਕਿਉਰਿਟੀ ਨਾਮਕ ਪ੍ਰਸਤਾਵਿਤ ਰੱਖਿਆ ਬਲ ਦਾ ਵੀ ਜ਼ਿਕਰ ਕੀਤਾ। ਉਸ ਨੇ ਦੁਨੀਆ ਭਰ ਦੇ ਸਿੱਖ ਨੌਜਵਾਨਾਂ ਨੂੰ ਕਾਨੂੰਨੀ ਦਾਇਰੇ ਵਿੱਚ ਹਥਿਆਰਾਂ ਦੀ ਸਿਖਲਾਈ ਲੈਣ ਅਤੇ ਇਸ ਬਲ ਨਾਲ ਜੁੜਨ ਦਾ ਸੱਦਾ ਦਿੱਤਾ। ਉਨ੍ਹਾਂ ਇਸ ਦਾ ਉਦੇਸ਼ ਭਾਈਚਾਰੇ ਦੀ ਸੁਰੱਖਿਆ ਅਤੇ ਰੱਖਿਆਤਮਕ ਤਿਆਰੀ ਦੱਸਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਇਸੇ ਦੌਰਾਨ ਪੰਜਾਬ ਰੈਫਰੈਂਡਮ ਕਮਿਸ਼ਨ ਨੇ ਖ਼ਾਲਿਸਤਾਨ ਰੈਫਰੈਂਡਮ ਦੀ ਅਗਲੀ ਵੋਟਿੰਗ 21 ਮਾਰਚ 2027 ਨੂੰ ਆਸਟ੍ਰੇਲੀਆ ਵਿੱਚ ਕਰਵਾਉਣ ਦਾ ਐਲਾਨ ਕੀਤਾ।

ਜ਼ਿਕਰਯੋਗ ਹੈ ਕਿ ਭਾਰਤ ਸਰਕਾਰ ਖ਼ਾਲਿਸਤਾਨ ਦੀ ਮੰਗ ਦਾ ਲਗਾਤਾਰ ਵਿਰੋਧ ਕਰਦੀ ਆ ਰਹੀ ਹੈ ਅਤੇ ਸਿੱਖਸ ਫਾਰ ਜਸਟਿਸ ਉੱਤੇ ਭਾਰਤ ਵਿੱਚ ਪਾਬੰਦੀ ਲਗਾਈ ਹੋਈ ਹੈ। ਦੂਜੇ ਪਾਸੇ ਜਥੇਬੰਦੀ ਵਿਦੇਸ਼ਾਂ ਵਿੱਚ ਖ਼ਾਲਿਸਤਾਨ ਰੈਫਰੈਂਡਮ ਨੂੰ ਸਿੱਖਾਂ ਦੇ ਸਵੈ-ਨਿਰਣੇ ਦੇ ਅਧਿਕਾਰ ਨਾਲ ਜੋੜ ਕੇ ਆਪਣੀਆਂ ਸਰਗਰਮੀਆਂ ਜਾਰੀ ਰੱਖ ਰਹੀ ਹੈ। ਇਹ ਰੈਫਰੈਂਡਮ ਕਿਸੇ ਸਰਕਾਰ ਵੱਲੋਂ ਕਰਵਾਈ ਗਈ ਅਧਿਕਾਰਤ ਜਾਂ ਕਾਨੂੰਨੀ ਤੌਰ 'ਤੇ ਬੰਧਨਕਾਰੀ ਵੋਟਿੰਗ ਨਹੀਂ ਹੈ।

# ਕੈਂਸਰ ਨੂੰ ਪੈਰ ਪਸਾਰਨ ਤੋਂ ਰੋਕਣ ਲਈ ਪਾਣੀ ਦੇ ਸੈਂਪਲ ਚੈੱਕ ਕਰਨ ਦੀ ਕੀਤੀ ਮੰਗ

### ☛ ਸਤਨਾਮ ਸਿੰਘ ਗਿੱਲ ਨੇ ਰਾਜਪਾਲ ਪੰਜਾਬ ਨੂੰ ਲਿਖਿਆ ਪੱਤਰ ☛ ਸੂਬੇ ਦੀਆਂ 3 ਵਰਿਸਟੀਆਂ ਨੂੰ ਜਿੰਮੇਵਾਰੀ ਸੌਂਪਣ ਲਈ ਕੀਤ ਬੇਨਤੀ ☛ ਬਲਾਕ ਰਈਆ ਵੱਲ ਕੀਤਾ ਧਿਆਨ ਕੇਂਦਰਿਤ

**ਚੌਕ ਮਹਿਤਾ,19 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੈਂਸਰ ਵਰਗੀ ਨਾਮੁਰਾਦ ਬਿਮਾਰੀ ਨੂੰ ਪੈਰ ਪਸਾਰਨ ਤੋਂ ਰੋਕਣ ਲਈ ਪੀਣ ਵਾਲੇ ਪਾਣੀ ਦੇ ਸੈਂਪਲ ਚੈੱਕ ਕਰਵਾਉਂਣ ਲਈ ਸਮਾਜ ਸੈਵੀ ਸਤਨਾਮ ਸਿੰਘ ਗਿੱਲ ਨੇ ਲੋਕ ਭਵਨ ਨੂੰ ਪੱਤਰ ਲਿਖਕੇ ਤਿੰਨਾਂ ਵਰਿਸਟੀਆਂ ਦੇ ਦਖਲ਼ ਦੀ ਮੰਗ ਕੀਤੀ ਹੈ। ਰਾਜਪਾਲ ਪੰਜਾਬ ਦੇ ਨਾਮ ਨਾਮ ਘੱਟ ਗਿਣਤੀ ਲੋਕ ਭਲਾਈ ਸੰਸਥਾਂ ਦੇ ਲੈਟਰ-ਹੈਡ ਰਾਹੀਂ ਉਠਾਏ ਮੁੱਦੇ ਬਾਰੇ ਜਾਣਕਾਰੀ ਦਿੰਦੇ ਹੋਏ ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਜਿੰਨ੍ਹਾ ਪਿੰਡਾਂ 'ਚ ਛੱਪੜਾ ਦਾ ਘੇਰਾ ਸੰਘਣੀ ਵਸੋਂ ਦੇ ਘੇਰੇ ਹੇਠ ਆਂਉਂਦਾ ਹੈ ਉਨਾ ਪਿੰਡਾਂ 'ਚ ਕੈਂਸਰ ਲੋਕਾਂ ਨੂੰ ਆਪਣੀ ਪਕੜ 'ਚ ਲੈ ਸਕਦੀ ਹੈ। ਇਸ ਖਦਸ਼ੇ ਨੂੰ ਦੂਰ ਕਰਨ ਲਈ ਅਤੇ ਪਾਣੀ ਦੀ ਸ਼ੁੱਧਤਾ ਦੀ ਮਿਕਦਾਰ ਨੂੰ ਜਾਂਚ ਦੇ ਘੇਰੇ ਹੇਠ ਲਿਆਉਂਣ ਲਈ ਉਨ੍ਹਾ ਨੇ ਮਿਤੀ 19 ਅਕਤੂਬਰ 2026 ਨੂੰ ਰਾਜਪਾਲ ਪੰਜਾਬ ਨੂੰ ਪੱਤਰ ਲਿਖੇ ਕੁਝ ਦਰਸਾਏ ਪਿੰਡਾਂ ਦੇ ਪਾਣੀਆਂ ਦੇ ਸੈਂਪਲ ਚੈੱਕ ਕਰਵਾਏ ਜਾਣ ਦਾ ਮੰਗ ਦਾ ਮੁੱਦਾ ਚੁੱਕਿਆ ਹੈ। ਉਨ੍ਹਾ ਨੇ ਦੱਸਿਆ ਕਿ ਅੰਮ੍ਰਿਤਸਰ ਵੱਲਾ ਵਿਖੇ ਸਥਿਤ ਗੁਰੂ ਰਾਮਦਾਸ ਹਸਪਤਾਲ ਕੈਂਦਰ ਸਪੈਸਲਿਟੀ ਹਸਪਤਾਲ ਦੇ ਕੈਂਸਰ ਦੇ ਮਰੀਜ਼ਾਂ ਦਾ ਇਲਾਜ਼ ਕਰ ਰਹੇ ਡਾਕਟਰਾਂ ਦੇ ਪੈਨਲ ਦੀ ਰਾਇ ਨਾਲ ਪਾਣੀ ਦੇ ਸੈਂਪਲ ਚੈੱਕ ਕਰਨ ਲਈ ਖੇਤਰਾਂ ਦੀ ਨਿਸ਼ਾਨ ਦੇਹੀ ਕੀਤੀ ਜਾ ਸਕਦੀ ਹੈ। ਉਨ੍ਹਾ ਨੇ ਕਿਹਾ ਕਿ ਬਾਰਡਰ ਖੇਤਰ ਨੂੰ ਰਾਹਤ ਪੈਕਜ਼ ਅਤੇ ਪ੍ਰਗਤੀ ਅਭਿਆਨ ਦੇ ਪੱਖੋਂ ਕੇਂਦਰ ਅਤੇ ਸੂਬਾ ਸਰਕਾਰਾਂ ਨੇ ਹਮੇਸ਼ਾ ਹੀ ਨਜ਼ਰ ਕਰ ਰੱਖਿਆ ਹੈ। ਉਨ੍ਹਾ ਨੇ ਕਿਹਾ ਕਿ ਬਲਾਕ ਰਈਆ ਦੇ ਪਿੰਡ ਜੋਧੇ, ਬੱਲਸਰਾਏ, ਝਲਾੜੀ, ਭੈਣੀ ਰਾਮ ਦਿਆਲ ਅਤੇ ਬਾਬਾ ਬਕਾਲਾ ਤੋਂ ਇਲਾਵਾ ਲੱਖੂਵਾਲ ਆਦਿ ਦਾ ਧਰਤੀ ਹੇਠਲਾ ਪਾਣੀ ਜੋ ਅਸੀਂ ਪੀ ਰਹੇ ਹਾਂ, ਉਹ ਅਤੇ ਆਰ.ਓ ਤੋਂ ਇਲਾਵਾ ਸਰਕਾਰੀ ਟੈਂਕੀ ਤੋਂ ਪੀਣ ਵਾਲੇ ਪਾਣੀਦੇ ਸੈਂਪਲ ਚੈੱਕ ਕਰਾਉਂਣ ਲਈ ਮੈਂ ਰਾਜਪਾਲ ਪੰਜਾਬ ਨੂੰ ਬੇਨਤੀ ਕੀਤੀ ਹੈ ਕਿ ਉਹ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਪਾਣੀ ਦੀ ਸ਼ੁੱਧਤਾ ਦੇ ਸੈਂਪਲ ਨੂੰ ਚੈੱਕ ਕਰਨ ਦੀ ਜ਼ਿੰਮੇਵਾਰੀ ਸੌਂਪੀ ਜਾਵੇ। ਇੱਕ ਸਵਾਲ ਦੇ ਜਵਾਬ 'ਚ ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਜੇਕਰ ਲੋਕ ਭਵਨ ਨੇ ਤੁਰੰਤ ਇਸ ਪੱਤਰ ਵੱਲ ਧਿਆਨ ਨਾ ਦਿੱਤਾ ਤਾਂ ਫਿਰ ਉਹ ਲੋਕਾਂਦੀ ਸਿਹਤ ਨਾਲ ਹੋਣ ਵਾਲੇ ਸੰਭਾਵਿਤ ਖਿਲਵਾੜ ਨੂੰ ਰੋਕਣ ਲਈ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਦਾ ਦਰਵਾਜਾ ਖੜਕਾਉਂਣਗੇ।



ਆਵਾਜ਼ਿ ਕੌਮ AWAZE QAUM International Newspaper & WEB TV

## ਬ੍ਰਹਮ ਗਿਆਨੀ ਮਹਾਪੁਰਖ ਬਾਬਾ ਹਜ਼ਾਰਾ ਸਿੰਘ ਦੇ ਅਸਥਾਨ ਤੇ ਇੰਗਲੈਂਡ ਨਿਵਾਸੀ ਜਸਵਿੰਦਰ ਸਿੰਘ ਕਾਲਾ ਤੇ ਸਾਥੀਆਂ ਦਾ ਨਿੱਘਾ ਸਵਾਗਤ





ਫ਼ਿਰੋਜ਼ਪੁਰ, 19 ਅਕਤੂਬਰ (ਮਨੋਹਰ ਲਾਲ) :– ਬ੍ਰਹਮ ਗਿਆਨੀ ਮਹਾਪੁਰਖ ਬਾਬਾ ਹਜ਼ਾਰਾ ਸਿੰਘ ਜੀ ਨਿੱਕੇ ਘੁੰਮਣ ਦੇ ਅਸਥਾਨ ਤੇ ਇੰਗਲੈਂਡ ਨਿਵਾਸੀ ਜਸਵਿੰਦਰ ਸਿੰਘ ਕਾਲਾ ਤੇ ਉਨ੍ਹਾਂ ਦੇ ਸਾਥੀਆਂ ਦਾ ਪੁੱਜਣ ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਜਸਵਿੰਦਰ ਸਿੰਘ ਕਾਲੇ ਦੇ ਨਾਲ ਨਗਿੰਦਰ ਸਿੰਘ, ਸਰਬਜੀਤ ਸਿੰਘ ਜੀਤਾ ਨਿੱਝਰ, ਰਾਮ ਸਿੰਘ ਮਹਿਤਾ, ਬਲਰਾਜ ਸਿੰਘ ਲਵਲੀ, ਸਮੂਹ ਸਾਥੀ ਇੰਗਲੈਂਡ ਵਾਲੇ ਉਨ੍ਹਾਂ ਦੇ ਨਾਲ ਸਨ। ਇਸ ਮੌਕੇ ਤੇ ਬਾਬਾ ਬੁੱਧ ਸਿੰਘ ਮਹਾਪੁਰਖ ਬਾਬਾ ਹਜ਼ਾਰਾ ਸਿੰਘ ਦੇ ਪੋਤਰੇ ਅਤੇ ਪੜਪੋਤੇ ਐਡਵੋਕੇਟ ਲੋਕ ਦੀਪ ਸਿੰਘ ਨੇ ਜਸਵਿੰਦਰ ਸਿੰਘ ਕਾਲੇ ਅਤੇ ਸਾਥੀਆਂ ਦੀ ਆਉ ਭਗਤ ਕੀਤੀ। ਇਸ ਮੌਕੇ ਤੇ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਸਿੰਘ ਸਾਹਿਬ ਜਥੇਦਾਰ ਬਾਬਾ ਬਲਵੀਰ ਸਿੰਘ ਅਕਾਲੀ 96 ਕਰੋੜੀ ਬਾਬਾ ਬੁੱਢਾ ਦਲ ਮੁਖੀ ਹਾਜ਼ਰ ਸਨ। ਇਸ ਤੋਂ ਇਲਾਵਾ ਬਾਬਾ ਹਰਜੀਤ ਸਿੰਘ ਮਹਿਤਾ ਚੌਂਕ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ਼ਹੀਦ ਭਾਈ ਪਰਵਿੰਦਰ ਸਿੰਘ ਝੋਟਾ ਮਾਮਲੇ 'ਚ ਇਨਸਾਫ਼ ਦੀ ਮੰਗ ਨੂੰ ਲੈ ਕੇ

# ਅਕਾਲੀ ਦਲ ਨੇ ਵਿਧਾਇਕਾ ਮਾਣੂੰਕੇ ਦੀ ਰਿਹਾਇਸ਼ ਦੇ ਬਾਹਰ ਲਗਾਇਆ ਲਾਹਣਤ ਪੱਤਰ

### ਐੱਸ.ਆਰ. ਕਲੇਰ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਅਕਾਲੀ ਆਗੂਆਂ ਨੇ ਪੰਜਾਬ ਸਰਕਾਰ ਨੂੰ ਘੇਰਿਆ, ਨਸ਼ਿਆਂ, ਗੈਂਗਸਟਰਵਾਦ ਅਤੇ ਵਿਗੜ ਰਹੀ ਕਾਨੂੰਨ ਵਿਵਸਥਾ 'ਤੇ ਚੁੱਕੇ ਸਵਾਲ





**ਜਗਰਾਉਂ- (ਵਰਿਆਮ ਹਠੂਰ)** — ਸ਼ਹੀਦ ਭਾਈ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ 'ਪਰਵਿੰਦਰ ਸਿੰਘ ਝੋਟਾ ਐਕਸ਼ਨ ਕਮੇਟੀ' ਵੱਲੋਂ ਦਿੱਤੇ ਸੱਦੇ ਦੇ ਸਮਰਥਨ ਵਿੱਚ ਅੱਜ ਸ਼੍ਰੋਮਣੀ ਅਕਾਲੀ ਦਲ ਹਲਕਾ ਜਗਰਾਉਂ ਵੱਲੋਂ ਪਾਰਟੀ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਇੰਚਾਰਜ ਐੱਸ.ਆਰ. ਕਲੇਰ ਸਾਬਕਾ ਵਿਧਾਇਕ ਜਗਰਾਉਂ, ਦੀ ਅਗਵਾਈ ਹੇਠ ਹਲਕੇ ਦੀ ਸਮੁੱਚੀ ਲੀਡਰਸ਼ਿਪ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਹਲਕਾ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਦੀ ਰਿਹਾਇਸ਼ ਦੇ ਬਾਹਰ ਲਾਹਣਤ ਪੱਤਰ ਪੜ੍ਹ ਕੇ ਲਗਾਇਆ ਗਿਆ ਅਤੇ ਪੰਜਾਬ ਵਿੱਚ ਨਸ਼ਿਆਂ, ਗੈਂਗਸਟਰਵਾਦ ਅਤੇ ਕਾਨੂੰਨ ਵਿਵਸਥਾ ਦੇ ਮੁੱਦਿਆਂ ਨੂੰ ਲੈ ਕੇ ਸਰਕਾਰ ਵਿਰੁੱਧ ਰੋਸ ਪ੍ਰਗਟਾਇਆ ਗਿਆ। ਇਸ ਮੌਕੇ ਅਕਾਲੀ ਆਗੂਆਂ ਨੇ ਕਿਹਾ ਕਿ ਭਾਈ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਨੂੰ ਲੈ ਕੇ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਨਸਾਫ਼ ਦੀ ਆਵਾਜ਼ ਨੂੰ ਗੰਭੀਰਤਾ ਨਾਲ ਸੁਣਨਾ ਅਤੇ ਮਾਮਲੇ ਨਾਲ ਸਬੰਧਤ ਸਵਾਲਾਂ ਦਾ ਨਿਰਪੱਖ ਢੰਗ ਨਾਲ ਨਿਪਟਾਰਾ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਲੋਕ ਇਨਸਾਫ਼ ਦੀ ਮੰਗ ਨੂੰ ਲੈ ਕੇ ਸੜਕਾਂ 'ਤੇ ਧਰਨੇ-ਪ੍ਰਦਰਸ਼ਨ ਕਰ ਰਹੇ ਹਨ, ਜਿਸ ਤੋਂ ਲੋਕਾਂ ਦੀਆਂ ਚਿੰਤਾਵਾਂ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਅਕਾਲੀ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਵਧਦਾ ਪ੍ਰਕੋਪ, ਗੈਂਗਸਟਰਾਂ ਦੀਆਂ ਸਰਗਰਮੀਆਂ, ਗੋਲੀਆਂ ਚੱਲਣ ਦੀਆਂ ਘਟਨਾਵਾਂ ਅਤੇ ਲੁੱਟ-ਖੋਹ ਦੀਆਂ ਵਾਰਦਾਤਾਂ ਲੋਕਾਂ ਦੀ ਸੁਰੱਖਿਆ ਲਈ ਗੰਭੀਰ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਅਨੁਸਾਰ ਲੋਕ ਆਪਣੇ ਘਰਾਂ ਅਤੇ ਕਾਰੋਬਾਰਾਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਤ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀ ਜ਼ਿੰਮੇਵਾਰੀ ਸਿਰਫ਼ ਐਲਾਨ ਕਰਨ ਤੱਕ ਸੀਮਤ ਨਹੀਂ ਹੋਣੀ ਚਾਹੀਦੀ, ਸਗੋਂ ਜ਼ਮੀਨੀ ਪੱਧਰ 'ਤੇ ਅਪਰਾਧਾਂ ਨੂੰ ਰੋਕਣ ਅਤੇ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਲਈ ਠੋਸ ਕਦਮ ਚੁੱਕਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵਾਪਰੀਆਂ ਕਈ ਚਰਚਿਤ ਘਟਨਾਵਾਂ ਨੇ ਵੀ ਲੋਕਾਂ ਵਿੱਚ ਸੁਰੱਖਿਆ ਨੂੰ ਲੈ ਕੇ ਸਵਾਲ ਖੜ੍ਹੇ ਕੀਤੇ ਹਨ। ਇਨ੍ਹਾਂ ਵਿੱਚ ਪ੍ਰਸਿੱਧ ਅਦਾਕਾਰ ਦੀਪ ਸਿੱਧੂ ਦੀ ਸੜਕ ਹਾਦਸੇ ਵਿੱਚ ਮੌਤ, ਮਸ਼ਹੂਰ ਗਾਇਕ ਸਿੱਧੂ ਮੂਸੇਵਾਲਾ ਦਾ ਕਤਲ ਅਤੇ ਕਬੱਡੀ ਖਿਡਾਰੀ ਸੰਦੀਪ ਨੰਗਲ ਅੰਬੀਆਂ ਦਾ ਕਤਲ ਸ਼ਾਮਲ ਹਨ। ਇਨ੍ਹਾਂ ਘਟਨਾਵਾਂ ਨੇ ਪੰਜਾਬ ਦੇ ਲੋਕਾਂ ਨੂੰ ਡੂੰਘਾ ਦੁੱਖ ਪਹੁੰਚਾਇਆ ਅਤੇ ਸੂਬੇ ਵਿੱਚ ਸੁਰੱਖਿਆ ਪ੍ਰਬੰਧਾਂ ਬਾਰੇ ਬਹਿਸ ਨੂੰ ਹੋਰ ਤੇਜ਼ ਕੀਤਾ ਹੈ। ਆਗੂਆਂ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਵੀ ਸਰਕਾਰ ਦੀ ਅਹਿਮ ਜ਼ਿੰਮੇਵਾਰੀ ਹੈ। ਨਸ਼ਿਆਂ ਦੇ ਕਾਰੋਬਾਰ ਅਤੇ ਇਸ ਨਾਲ ਜੁੜੀਆਂ ਸਮਾਜਿਕ ਸਮੱਸਿਆਵਾਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲਿਆਂ ਨੂੰ ਹੌਸਲਾ ਦੇਣ ਦੀ ਲੋੜ ਹੈ। ਜੇਕਰ ਕਿਸੇ ਵਿਅਕਤੀ ਨਾਲ ਧੱਕੇਸ਼ਾਹੀ ਜਾਂ ਅਨਿਆਂ ਹੋਣ ਦੇ ਦੋਸ਼ ਸਾਹਮਣੇ ਆਉਂਦੇ ਹਨ ਤਾਂ ਉਨ੍ਹਾਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਅਤੇ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਦਲਾਅ ਦੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ, ਪਰ ਵਿਰੋਧੀ ਧਿਰ ਵਜੋਂ ਸ਼੍ਰੋਮਣੀ ਅਕਾਲੀ ਦਲ ਦਾ ਦੋਸ਼ ਹੈ ਕਿ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਸਰਕਾਰ ਦੇ ਦਾਅਵਿਆਂ ਅਤੇ ਲੋਕਾਂ ਦੇ ਤਜਰਬਿਆਂ ਵਿੱਚ ਵੱਡਾ ਫ਼ਰਕ ਨਜ਼ਰ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿਰਫ਼ ਫਲੈਕਸਾਂ, ਇਸ਼ਤਿਹਾਰਾਂ ਅਤੇ ਵੱਡੇ-ਵੱਡੇ ਦਾਅਵਿਆਂ ਨਾਲ ਸਰਕਾਰ ਨਹੀਂ ਚੱਲਦੀ, ਸਗੋਂ ਲੋਕਾਂ ਨੂੰ ਸੁਰੱਖਿਆ, ਇਨਸਾਫ਼ ਅਤੇ ਬਿਹਤਰ ਪ੍ਰਸ਼ਾਸਨ ਦੇਣਾ ਲਾਜ਼ਮੀ ਹੈ। ਅਕਾਲੀ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ, ਗੈਂਗਸਟਰਵਾਦ 'ਤੇ ਕਾਬੂ ਪਾਉਣਾ ਅਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਸੁਧਾਰਨਾ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ। ਉਨ੍ਹਾਂ ਮੁੱਖ ਮੰਤਰੀ ਅਤੇ ਡੀਜੀਪੀ ਦੀ ਜਵਾਬਦੇਹੀ ਤੈਅ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਜੇਕਰ ਸਰਕਾਰ ਸੂਬੇ ਵਿੱਚ ਲੋਕਾਂ ਦੀ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਦੇ ਮਾਮਲੇ ਵਿੱਚ ਸੁਧਾਰ ਨਹੀਂ ਕਰ ਸਕਦੀ ਤਾਂ ਉੱਚ ਪੱਧਰ 'ਤੇ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਉਨ੍ਹਾਂ ਮੁੱਖ ਮੰਤਰੀ ਅਤੇ ਡੀਜੀਪੀ ਤੋਂ ਅਸਤੀਫ਼ੇ ਦੀ ਮੰਗ ਵੀ ਕੀਤੀ। ਅੰਤ ਵਿੱਚ ਆਗੂਆਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਲੋਕਾਂ ਦੇ ਹੱਕਾਂ, ਇਨਸਾਫ਼ ਅਤੇ ਪੰਜਾਬ ਦੀ ਅਮਨ-ਸ਼ਾਂਤੀ ਨਾਲ ਜੁੜੇ ਮੁੱਦਿਆਂ 'ਤੇ ਆਪਣੀ ਆਵਾਜ਼ ਬੁਲੰਦ ਕਰਦਾ ਰਹੇਗਾ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਲੋਕਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਭਾਈ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਇਨਸਾਫ਼ ਦੀ ਮੰਗ ਵੱਲ ਗੰਭੀਰਤਾ ਨਾਲ ਧਿਆਨ ਦੇਵੇ ਅਤੇ ਸੂਬੇ ਵਿੱਚ ਨਸ਼ਿਆਂ ਤੇ ਅਪਰਾਧਾਂ ਨੂੰ ਰੋਕਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ। ਇਸ ਮੌਕੇ ਐੱਸ.ਜੀ.ਪੀ.ਸੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜਿਲਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਜੱਟ ਗਰੇਵਾਲ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਤਜਿੰਦਰ ਸਿੰਘ ਕੰਨੀਆਂ, ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਉਂ, ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ, ਗੁਰਫਤਿਹ ਸਿੰਘ ਗਰੇਵਾਲ ,ਐਸ ਸੀ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਬੀ ਸੀ ਹਲਕਾ ਪ੍ਰਧਾਨ ਪਰਮਿੰਦਰ ਸਿੰਘ ਕੰਬੋ ਹਠੂਰ, ਯੂਥ ਹਲਕਾ ਪ੍ਰਧਾਨ ਜਸਪ੍ਰੀਤ ਸਿੰਘ (ਲੱਖਾ)ਚਕਰ, ਆਈ ਟੀ ਵਿੰਗ ਹਲਕਾ ਪ੍ਰਧਾਨ ਸੁਖਦੇਵ ਸਿੰਘ ਜੱਗਾ ਸੇਖੋਂ, ਆਈ ਟੀ ਵਿੰਗ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਬੱਸੂਵਾਲ, ਵਪਾਰੀ ਵਿੰਗ ਹਲਕਾ ਪ੍ਰਧਾਨ ਹਰਦੇਵ ਸਿੰਘ ਬੌਬੀ, ਜਤਿੰਦਰ ਸਿੰਘ ਸਿੱਧਵਾਂ ਖੁਰਦ, ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ, ਨੰਬਰਦਾਰ ਜਸਵੀਰ ਸਿੰਘ ਦੇਹੜਕਾ, ਪ੍ਰਧਾਨ ਬੂਟਾ ਸਿੰਘ ਭੰਮੀਪੁਰਾ, ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲ੍ਹਾ, ਸੀਨੀਅਰ ਅਕਾਲੀ ਆਗੂ ਸਤਨਾਮ ਸਿੰਘ ਬੱਸੂਵਾਲ, ਜਸਵੰਤ ਸਿੰਘ ਪੱਤੀ ਮੁਲਤਾਨੀ, ਪ੍ਰਧਾਨ ਗੁਰਵਿੰਦਰ ਤਰਫ ਕੋਟਲੀ, ਸੀਨੀਅਰ ਅਕਾਲੀ ਆਗੂ ਜਗਰੂਪ ਸਿੰਘ ਕੋਠੇ ਅੱਠ ਚੱਕ , ਨੰਬਰਦਾਰ ਜਗਦੇਵ ਸਿੰਘ ਕਾਕਾ ਲੰਮੇ, ਭਾਵਖੰਡਨ ਸਿੰਘ ਗਿੱਦੜਵਿੰਡੀ, ਗੁਰਬਚਨ ਸਿੰਘ ਬਾਘੀਆ, ਸਾਬਕਾ ਸਰਪੰਚ ਕਰਨੈਲ ਸਿੰਘ ਜਨੇਤਪੁਰਾ, ਬਲਰਾਜ ਸਿੰਘ ਗਰੇਵਾਲ ਲੀਲਾਂ, ਸਰਬਜੀਤ ਸਿੰਘ ਕੰਨਗੋ ਸ਼ੇਰਪੁਰ ਕਲਾਂ, ਸਾਬਕਾ ਸਰਪੰਚ ਨਿਰਭੈ ਸਿੰਘ ਅਲੀਗੜ੍ਹ, ਪ੍ਰਧਾਨ ਮਨਜੀਤ ਸਿੰਘ ਬਿੱਟੂ, ਪ੍ਰਧਾਨ ਮਿੰਟੂ ਸਵੱਦੀ, ਸਾਬਕਾ ਸਰਪੰਚ ਬੂਟਾ ਸਿੰਘ ਬੁਰਜ ਕੁਲਾਰਾ, ਨਿਰਮਲ ਸਿੰਘ ਬੁਰਜ਼ ਕੁਲਾਰਾ, ਡਾਇਰੈਕਟਰ ਬਲਜੀਤ ਸਿੰਘ ਹਠੂਰ, ਬਲਵੰਤ ਸਿੰਘ ਬਾਦਲ ਹਠੂਰ, ਪ੍ਰਧਾਨ ਜਗਜੀਤ ਸਿੰਘ ਡੱਲ੍ਹਾ, ਸੀਨੀਅਰ ਅਕਾਲੀ ਆਗੂ ਬਿੱਟੂ ਸਿੱਧੂ ਡੱਲਾ, ਸਾਬਕਾ ਸਰਪੰਚ ਸੁਖਵੀਰ ਸਿੰਘ ਰਾਜੂ ਡਾਗੀਆਂ, ਜਸਵੰਤ ਸਿੰਘ ਗਰੇਵਾਲ ਗਾਲਿਬ, ਜਗਜੀਤ ਸਿੰਘ ਨੰਬਰਦਾਰ ਗਾਲਿਬ, ਭੁਪਿੰਦਰ ਸਿੰਘ ਗਿੱਲ ਗਾਲਿਬ, ਪ੍ਰਧਾਨ ਸਤਨਾਮ ਸਿੰਘ ਜਗਰਾਓਂ, ਕਮਲਦੀਪ ਸਿੰਘ ਜਗਰਾਓਂ, ਵਿੱਕੀ ਗਾਲਿਬ, ਪ੍ਰਧਾਨ ਜਤਿੰਦਰ ਸਿੰਘ ਕਲੇਰ, ਸੀਨੀਅਰ ਅਕਾਲੀ ਆਗੂ ਗੁਰਦੀਪ ਸਿੰਘ ਗਾਲਿਬ ਖੁਰਦ, ਸੀਨੀਅਰ ਅਕਾਲੀ ਆਗੂ ਦਵਿੰਦਰ ਸਿੰਘ ਖੇਲਾਂ, ਪ੍ਰਧਾਨ ਜੈਪਾਲ ਸਿੰਘ ਸ਼ੇਰਪੁਰ ਕਲਾਂ, ਪ੍ਰਧਾਨ ਸਿਮਰਨ ਬਾਵਾ, ਸਾਬਕਾ ਸਰਪੰਚ ਕਰਮਜੀਤ ਸਿੰਘ ਕੋਠੇ ਸ਼ੇਰਜੰਗ, ਜਗਤਾਰ ਸਿੰਘ ਕੋਠੇ ਅੱਠ ਚੱਕ, ਪ੍ਰਧਾਨ ਅਵਤਾਰ ਸਿੰਘ ਬਿੱਲਾ ਹਠੂਰ, ਯੂਥ ਆਗੂ ਅਰਸ਼ ਡੱਲਾ, ਸਰਵੇਸ਼ ਮਾਣੂੰਕੇ, ਸੁਖਮੰਦਰ ਮਾਣੂੰਕੇ, ਪ੍ਰਧਾਨ ਹਰਕੀਰਤ ਸਿੰਘ ਸਿੱਧਵਾਂ, ਪ੍ਰਧਾਨ ਰਿੰਕੂ ਅਮਰਗੜ੍ਹ ਕਲੇਰ, ਸਰਤਾਜ ਸਿੰਘ ਗਾਲਿਬ ਰਣ ਸਿੰਘ, ਜਸਪ੍ਰੀਤ ਸਿੰਘ ਚੀਮਾ, ਜਗਤਾਰ ਸਿੰਘ ਤਾਰੀ ਕੋਠੇ ਅੱਠ ਚੱਕ, ਪ੍ਰਿਤਪਾਲ ਸਿੰਘ ਮੱਲ੍ਹਾ, ਪ੍ਰਧਾਨ ਸੁੱਖੂ ਜਗਰਾਓਂ, ਮਨਦੀਪ ਸਿੰਘ ਸਿੱਧਵਾਂ, ਗੁਰਨਾਮ ਸਿੰਘ ਕੋਠੇ ਸ਼ੇਰਜੰਗ, ਬਲਜਿੰਦਰ ਸਿੰਘ ਅਖਾੜਾ, ਗੁਰਦੀਪ ਸਿੰਘ ਬੁਜ਼ਗਰ, ਗੁਰਵਿੰਦਰ ਜੋਜੋ, ਬੂਟਾ ਸਿੰਘ ਮਾਣੂਕੇ, ਜਸਵੰਤ ਸਿੰਘ ਡੀ.ਐੱਮ ਆਰ.ਲੰਮੇ , ਨੇਕ ਸਿੰਘ ਲੰਮੇ, ਗਮਦੂਰ ਸਿੰਘ ਲੰਮੇ ਤੇ ਹੋਰਨਾਂ ਵਿੱਚ ਜਥੇਦਾਰ ਬਾਬਾ ਸੁਖਦੇਵ ਸਿੰਘ ਲੋਪੋ ਤੇ ਨਹਿੰਗ ਸਿੰਘ ਵੀ ਹਾਜਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ

# ਦੁਸਹਿਰੇ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ



ਬਿਲਾਸਪੁਰ/ਮੋਗਾ-(ਵਰਿਆਮ ਹਠੂਰ): ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਪਵਿੱਤਰ ਤਿਉਹਾਰ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਵਿਦਿਆਰਥੀਆਂ ਨੇ ਭਗਵਾਨ ਸ੍ਰੀ ਰਾਮ ਚੰਦਰ ਜੀ ਦੇ ਜੀਵਨ ਅਤੇ ਦੁਸਹਿਰੇ ਦੇ ਮਹੱਤਵ ਨੂੰ ਦਰਸਾਉਂਦੀਆਂ ਵੱਖ-ਵੱਖ ਪੇਸ਼ਕਾਰੀਆਂ ਰਾਹੀਂ ਸਭ ਦਾ ਮਨ ਮੋਹ ਲਿਆ। ਵਿਦਿਆਰਥੀਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਸੱਚਾਈ, ਨੇਕੀ, ਮਰਿਆਦਾ ਅਤੇ ਧਰਮ ਦੇ ਮਾਰਗ 'ਤੇ ਚੱਲਣ ਦਾ ਸੁਨੇਹਾ ਦਿੱਤਾ। ਅਧਿਆਪਕਾਂ ਵੱਲੋਂ ਬੱਚਿਆਂ ਨੂੰ ਦੁਸਹਿਰੇ ਦੇ ਇਤਿਹਾਸਕ ਮਹੱਤਵ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਸਕੂਲ ਪ੍ਰਧਾਨ ਚਰਨ ਸਿੰਘ ਤੇ ਸਕੂਲ ਚੇਅਰਮੈੱਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੁਸਹਿਰਾ ਸਾਨੂੰ ਸਿਖਾਉਂਦਾ ਹੈ ਕਿ ਹੰਕਾਰ, ਝੂਠ ਅਤੇ ਬੁਰਾਈ ਦਾ ਅੰਤ ਨਿਸ਼ਚਿਤ ਹੈ, ਜਦਕਿ ਸੱਚਾਈ ਅਤੇ ਨੇਕੀ ਦੀ ਹਮੇਸ਼ਾ ਜਿੱਤ ਹੁੰਦੀ ਹੈ। ਉਨ੍ਹਾਂ ਬੱਚਿਆਂ ਨੂੰ ਆਪਣੇ ਅੰਦਰਲੀਆਂ ਬੁਰਾਈਆਂ ਨੂੰ ਦੂਰ ਕਰਕੇ ਚੰਗੇ ਸੰਸਕਾਰ ਅਪਣਾਉਣ ਅਤੇ ਸਮਾਜ ਦੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਸਕੂਲ ਪ੍ਰਿੰਸੀਪਲ ਜਸਮੇਲ ਸਿੰਘ ਵੱਲੋਂ ਸਮੂਹ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਦੁਸਹਿਰੇ ਦੀਆਂ ਹਾਰਦਿਕ ਸ਼ੁੱਭਕਾਮਨਾਵਾਂ ਦਿੱਤੀਆਂ, ਸਮਾਗਮ ਦਾ ਸਮਾਪਨ ਸੱਚਾਈ, ਏਕਤਾ ਅਤੇ ਆਪਸੀ ਭਾਈਚਾਰੇ ਦਾ ਸੁਨੇਹਾ ਦਿੰਦਿਆਂ ਨਿੱਬੜਿਆ।

### ਸ਼ਹਿਰੀ ਤੇ ਦਿਹਾਤੀ ਵਿਧਾਇਕਾਂ ਨੂੰ

# ਜਥੇਬੰਦੀਆਂ ਨੇ ਸੌਂਪੇ ਲਾਹਨਤੀ ਪੱਤਰ



ਫ਼ਿਰੋਜ਼ਪੁਰ, 19 ਅਕਤੂਬਰ (ਮਨੋਹਰ ਲਾਲ) :— ਪੰਜਾਬ ਭਰ ਵਿਚ ਵਿਧਾਇਕਾਂ ਨੂੰ ਦਿੱਤੇ ਜਾ ਰਹੇ ਲਾਹਨਤੀ ਪੱਤਰਾਂ ਦੇ ਚਲਦਿਆਂ ਫ਼ਿਰੋਜ਼ਪੁਰ ਵਿਖੇ ਵੱਡੀ ਗਿਣਤੀ ਜਥੇਬੰਦੀਆਂ ਦੇ ਆਗੂਆਂ ਨੇ ਫ਼ਿਰੋਜ਼ਪੁਰ ਸ਼ਹਿਰੀ ਤੇ ਦਿਹਾਤੀ ਵਿਧਾਇਕ ਦੇ ਘਰ ਘੇਰਦਿਆਂ ਸੌਂਪੇ ਪੱਤਰ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਫਿਰੋਜਪੁਰ, ਤੇਜਿੰਦਰ ਸਿੰਘ ਦਿਉਲ ਯੂਥ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਜਗਦੀਪ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਵਾਰਿਸ ਪੰਜਾਬ, ਬਾਬਾ ਸਤਨਾਮ ਸਿੰਘ ਵੱਲੀਆਂ ਸੀਨੀਅਰ ਆਗੂ ਇੰਟਰਨੈਸ਼ਨਲ ਪੰਥਕ ਅਕਾਲੀ ਦਲ, ਦਵਿੰਦਰ ਸਿੰਘ ਪ੍ਰਧਾਨ ਕਿਸਾਨ ਯੂਨੀਅਨ ਮਝੈਲ, ਗੁਰਸੇਵਕ ਸਿੰਘ ਧਾਰੀਵਾਲ ਸੂਬਾ ਪ੍ਰਧਾਨ ਮਝੈਲ, ਅਮਰਜੀਤ ਸਿੰਘ ਘਾਰੂ, ਗੁਰਚਰਨ ਸਿੰਘ ਸੰਗਾ, ਅਵਤਾਰ ਸਿੰਘ, ਕਰਨਵੀਰ ਸਿੰਘ ਸਾਰੇ ਵਾਰਿਸ ਪੰਜਾਬ, ਮਾਨ ਸਿੰਘ ਕਿਲੀ ਮਿਸਲ ਸਤਲੁਜ, ਹਰਨੇਕ ਸਿੰਘ ਮਹਿੰਮਾ ਜਰਨਲ ਸਕੱਤਰ ਕਿਸਾਨ ਯੂਨੀਅਨ ਡਕੋਂਦਾ, ਸਾਰਜ ਸਿੰਘ ਸਰਪੰਚ, ਰਣਜੀਤ ਸਿੰਘ, ਜੁਗਰਾਜ ਸਿੰਘ, ਹਰਜੀਤ ਸਿੰਘ ਸੰਧੂ ਸਾਰੇ ਕਿਸਾਨ ਯੂਨੀਅਨ ਮਝੈਲ, ਪਰਮਜੀਤ ਸਿੰਘ ਭੁੱਲਰ ਮੀਤ ਪ੍ਰਧਾਨ ਕਿਸਾਨ ਯੂਨੀਅਨ ਸਿਧੂਪੁਰ, ਜਗੀਰ ਸਿੰਘ ਜਿਲ੍ਹਾ ਪ੍ਰਧਾਨ ਬੀ.ਕੇ.ਯੂ ਡਕੋਂਦਾ, ਗੁਰਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਵਾਰਿਸ ਪੰਜਾਬ, ਹੀਰਾ ਸਿੰਘ ਸੂਬਾ ਮੀਤ ਪ੍ਰਧਾਨ ਮਝੈਲ, ਬੋਹੜ ਸਿੰਘ ਜਿਲ੍ਹਾ ਪ੍ਰਧਾਨ, ਬੀਬੀ ਸੰਦੀਪ ਕੌਰ, ਬੀਬੀ ਕੁਲਵਿੰਦਰ ਕੌਰ ਭਾਵੜਾ ਜਿਲ੍ਹਾ ਪ੍ਰਧਾਨ ਮਿਸਲ ਸਤਲੁਜ, ਕਰਮਪਾਲ ਸਿੰਘ ਬੈਰਕਾਂ, ਰਣਜੀਤ ਸਿੰਘ ਆਦਿ ਨੇ ਪਰਮਿੰਦਰ ਸਿੰਘ ਝੋਟੇ ਦੇ ਬਣੀ ਕਮੇਟੀ ਮੁਤਾਬਕ ਕਾਰਵਾਈ ਕਰਨ ਦੀ ਮੰਗ ਕੀਤੀ। ਆਗੂਆਂ ਨੇ ਸਪੱਸ਼ਟ ਕੀਤਾ ਕਿ ਮੌਜੂਦਾ ਦੋਵਾਂ ਵਿਧਾਇਕਾਂ ਦੇ ਘਰ ਪਹੁੰਚੀਆਂ ਜਥੇਬੰਦੀਆਂ ਤੋਂ ਘਬਰਾ ਕੇ ਵਿਧਾਇਕ ਖੁਦ ਬਾਹਰ ਆਉਣ ਦੀ ਬਜਾਏ ਆਪਣੇ ਕੁਰਿੰਦਿਆਂ ਨੂੰ ਬਾਹਰ ਭੇਜਿਆ, ਜਿਨ੍ਹਾਂ ਨੇ ਵਿਧਾਇਕ ਦੇ ਨਾਮ ਪਰ ਲਾਹਮਤੀ ਪੱਤਰ ਪ੍ਰਾਪਤ ਕੀਤੇ।

# ਪਰਵਿੰਦਰ ਸਿੰਘ ਝੋਟਾ ਨੂੰ ਇਨਸਾਫ਼ ਦਿਓ, ਸਰਕਾਰ ਦੀ ਚੁੱਪੀ 'ਤੇ ਉੱਠੇ ਸਵਾਲ





ਫ਼ਿਰੋਜ਼ਪੁਰ, 19 ਅਕਤੂਬਰ (ਮਨੋਹਰ ਲਾਲ) :— ਪਰਵਿੰਦਰ ਸਿੰਘ ਝੋਟਾ ਇਨਸਾਫ਼ ਕਮੇਟੀ ਦੇ ਸੱਦੇ 'ਤੇ ਪੰਜਾਬ ਭਰ ਵਿੱਚ ਆਪ ਵਿਧਾਇਕਾਂ ਦੇ ਘਰਾਂ ਬਾਹਰ ਲਾਹਣਤੀ ਪੱਤਰ ਲਗਾਉਣ ਦੇ ਸੱਦੇ ਤਹਿਤ ਜੀਰਾ ਹਲਕੇ ਵਿੱਚ ਵੱਖ—ਵੱਖ ਜਥੇਬੰਦੀਆਂ ਨੇ ਧਰਨੇ ਵਿੱਚ ਸ਼ਮੂਲੀਅਤ ਕਰਕੇ ਸਰਕਾਰ ਖ਼ਿਲਾਫ਼ ਰੋਸ ਪ੍ਰਗਟਾਇਆ। ਮਿਸਲ ਸਤਲੁਜ ਵੱਲੋਂ ਹਰਜਿੰਦਰ ਸਿੰਘ ਸਹੋਤਾ ਦੀ ਅਗਵਾਈ ਵਿੱਚ ਐਮ.ਐਲ.ਏ ਨਰੇਸ਼ ਕਟਾਰੀਆ ਦੇ ਘਰ ਬਾਹਰ ਲਾਹਣਤੀ ਪੱਤਰ ਲਾਇਆ ਗਿਆ। ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਕਾਰੋਬਾਰ ਜਾਰੀ ਰਹਿਣਾ ਸਰਕਾਰ ਦੇ ਦਾਅਵਿਆਂ 'ਤੇ ਸਵਾਲ ਖੜ੍ਹੇ ਕਰਦਾ ਹੈ, ਉਨ੍ਹਾਂ ਪਰਵਿੰਦਰ ਸਿੰਘ ਦੇ ਕਤਲ ਮਾਮਲੇ ਦੀ ਨਿਰਪੱਖ ਜਾਂਚ, ਪਰਿਵਾਰ ਨੂੰ ਇਨਸਾਫ਼, ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਅਤੇ ਨਸ਼ਾ ਕਾਰੋਬਾਰ ਦੀ ਸੀਬੀਆਈ ਜਾਂਚ ਦੀ ਮੰਗ ਕੀਤੀ। ਇਸ ਮੌਕੇ ਆਗੂਆਂ ਨੇ ਮੁੱਖ ਮੰਤਰੀ ਤੇ ਡੀ.ਜੀ.ਪੀ ਦੇ ਅਸਤੀਫ਼ੇ ਦੀ ਮੰਗ ਕਰਦਿਆਂ ਕਿਹਾ ਕਿ ਇਨਸਾਫ਼ ਮਿਲਣ ਤੱਕ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਦਵਿੰਦਰ ਸਿੰਘ ਸੇਖੋਂ ਹਲਕਾ ਇੰਚਾਰਜ, ਅੰਮ੍ਰਿਤਪਾਲ ਸਿੰਘ, ਤਜਿੰਦਰ ਸਿੰਘ ਕੱਸੋਆਣਾ, ਸੰਤੋਖ ਸਿੰਘ ਧੰਨਾ ਸ਼ਹੀਦ, ਬਲਜੀਤ ਸਿੰਘ ਧੰਨਾ ਸ਼ਹੀਦ, ਸਿਮਰਤਪਾਲ ਸਿੰਘ ਧੰਨਾ ਸ਼ਹੀਦ, ਜਸ਼ਨਦੀਪ ਸਿੰਘ ਖਾਲਸਾ, ਜਸਨੂਰ ਬਰਾੜ, ਰੋਮਨ ਬਰਾੜ, ਲੱਕੀ ਧੰਨਾ ਸ਼ਹੀਦ, ਗੁਰਦਿੱਤ ਸਿੰਘ, ਜਸਦੀਪ ਸਿੰਘ, ਤਵਿੰਦਰ ਸਿੰਘ ਹਾਜ਼ਰ ਸਨ।

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ 30ਵਾਂ ਮਹਾਨ ਸੰਤ ਸਮਾਗਮ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ ਸਮਾਗਮ

ਫ਼ਿਰੋਜ਼ਪੁਰ, 19 ਅਕਤੂਬਰ (ਮਨੋਹਰ ਲਾਲ) :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ 30ਵਾਂ ਮਹਾਨ ਸੰਤ ਸਮਾਗਮ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ ਬੜੇ ਹੀ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਅਤੇ ਭੰਡਾਰਾ ਸੰਤ ਮਹਿਰਾਮ ਦਾਸ ਜੀ ਦੀ ਯਾਦ ਨੂੰ ਸਮਰਪਿਤ ਮਹਾਨ ਸੰਤ ਸਮਾਗਮ ਕਰਵਾਇਆ ਜਾ ਰਿਹਾ ਹੈ, ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣ ਗਏ ਭੋਗ ਉਪਰੰਤ ਦੀਵਾਨ ਸਜਾਏ ਜਾਣਗੇ। ਇਸ ਮੌਕੇ ਤੇ ਬਾਬਾ ਜੀਵਨ ਸਿੰਘ ਬਗੀਚੀ ਵਾਲੇ, ਗਿਆਨੀ ਬਲਵਿੰਦਰ ਸਿੰਘ ਗੁਰਦੁਆਰਾ ਜਾਮਣੀ ਸਾਹਿਬ ਬਜੀਦਪੁਰ, ਭਾਈ ਨਿਰਭੈ ਸਿੰਘ ਪੰਜਗਰਾਈਂ ਵਾਲੇ ਕਥਾ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਬੋਲਦਿਆਂ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਨੇ ਦਸਿਆ ਕਿ ਸਮਾਗਮਾਂ ਦੌਰਾਨ ਭਾਰੀ ਗਿਣਤੀ ਵਿੱਚ ਸੰਤ ਮਹਾਂਪੁਰਖ ਤੋਂ ਇਲਾਵਾ ਵੱਖ—ਵੱਖ ਧਾਰਮਿਕ, ਰਾਜਨੀਤਿਕ ਸ਼ਖ਼ਸੀਅਤਾਂ ਅਤੇ ਨਿਰਮਲੇ ਸੰਪਰਦਾਵਾਂ ਵੱਲੋਂ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੇ। ਇਸ ਮੌਕੇ ਤੇ ਗੁਰੂ ਕਾ ਲੰਗਰ, ਮਾਲ੍ਹਪੂੜੇ ਅਤੇ ਖੀਰ ਦਾ ਲੰਗਰ ਤਿੰਨ ਦਿਨ ਅਤੁੱਟ ਵਰਤਾਇਆ ਜਾਵੇਗਾ। ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਸੰਗਤਾ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿੱਚ ਪੰਹਚ ਕੇ ਆਏ ਹੋਏ ਮਹਾਂਪੁਰਖਾ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫ਼ਲ ਬਨਾਉ।



# ਪੰਜਾਬ ਐਗਰੋ ਦੇ ਚੇਅਰਮੈਨ ਸ਼ਮਿੰਦਰ ਸਿੰਘ ਖਿੰਡਾ ਵੱਲੋਂ ਫ਼ਿਰੋਜ਼ਪੁਰ ਛਾਉਣੀ ਵਿੱਚ ਰਾਮ ਲੀਲਾ ਨਾਈਟਜ ਦਾ ਕੀਤਾ ਉਦਘਾਟਨ

ਫ਼ਿਰੋਜ਼ਪੁਰ, 19 ਅਕਤੂਬਰ (ਮਨੋਹਰ ਲਾਲ) :— ਪੰਜਾਬ ਐਗਰੋ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ਼ਮਿੰਦਰ ਸਿੰਘ ਖਿੰਡਾ ਨੇ ਫ਼ਿਰੋਜ਼ਪੁਰ ਛਾਉਣੀ ਵਿੱਚ ਵੱਖ—ਵੱਖ ਥਾਵਾਂ 'ਤੇ ਆਯੋਜਿਤ ਰਾਮਲੀਲਾ ਨਾਈਟ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਭਗਵਾਨ ਸ਼੍ਰੀ ਰਾਮ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਇਲਾਕੇ ਦੀ ਸੁੱਖ—ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਲਈ ਅਰਦਾਸ ਕੀਤੀ। ਦਸਣਯੋਗ ਹੈ ਕਿ ਸ੍ਰੀ ਖਿੰਡਾ ਨੇ ਸਭ ਤੋਂ ਪਹਿਲਾਂ ਸਨਾਤਨ ਧਰਮ ਮੰਦਰ ਸਭਾ ਸੂਜੀ ਬਾਜ਼ਾਰ, ਇਸ ਤੋਂ ਬਾਅਦ ਸ਼ਨੀ ਮੰਦਰ ਫ਼ਿਰੋਜ਼ਪੁਰ ਛਾਉਣੀ, ਸ਼ੀਤਲਾ ਮੰਦਰ ਘੁਮਾਰ ਮੰਡੀ ਫ਼ਿਰੋਜ਼ਪੁਰ ਛਾਉਣੀ ਅਤੇ ਫਿਰ ਡਬਲ ਸਟੋਰੀ ਬਸਤੀ ਟੈਂਕਾਂ ਵਾਲੀ ਵਿਖੇ ਕਰਵਾਏ ਗਏ ਰਾਮਲੀਲਾ ਸਮਾਗਮਾਂ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਸਮੂਹ ਪ੍ਰਬੰਧਕਾਂ ਤੇ ਰਾਮ ਲੀਲਾ ਕਮੇਟੀਆਂ ਨੂੰ ਧਾਰਮਿਕ ਅਤੇ ਸੱਭਿਆਚਾਰਕ ਪਰੰਪਰਾਵਾਂ ਨੂੰ ਸੰਭਾਲਣ ਅਤੇ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਰਾਮਲੀਲਾ ਸਿਰਫ਼ ਇੱਕ ਧਾਰਮਿਕ ਸਮਾਗਮ ਹੀ ਨਹੀਂ, ਸਗੋਂ ਭਗਵਾਨ ਸ਼੍ਰੀ ਰਾਮ ਦੇ ਜੀਵਨ, ਉਨ੍ਹਾਂ ਦੇ ਤਿਆਗ, ਮਰਿਆਦਾ, ਸਚਾਈ ਤੇ ਆਦਰਸ਼ਾਂ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਇੱਕ ਮਹੱਤਵਪੂਰਨ ਮਾਧਿਅਮ ਹੈ। ਅਜਿਹੇ ਸਮਾਗਮ ਸਮਾਜ ਵਿੱਚ ਆਪਸੀ ਭਾਈਚਾਰੇ, ਸਦਭਾਵਨਾ ਅਤੇ ਏਕਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ। ਗੱਲਬਾਤ ਕਰਦਿਆਂ ਸ਼ਮਿੰਦਰ ਸਿੰਘ ਖਿੰਡਾ ਨੇ ਸਾਰੇ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਧਾਰਮਿਕ ਅਤੇ ਸਮਾਜਿਕ ਸਮਾਗਮਾਂ ਲਈ ਉਨ੍ਹਾਂ ਵੱਲੋਂ ਹਰ ਸੰਭਵ ਸਹਿਯੋਗ ਦਿੱਤਾ ਜਾਂਦਾ ਰਹੇਗਾ। ਅੰਤ ਵਿੱਚ ਉਨ੍ਹਾਂ ਭਗਵਾਨ ਸ਼੍ਰੀ ਰਾਮ ਅੱਗੇ ਸਾਰਿਆਂ ਦੇ ਜੀਵਨ ਵਿੱਚ ਸੁੱਖ, ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਬਣਾਈ ਰੱਖਣ ਲਈ ਪ੍ਰਾਰਥਨਾ ਕੀਤੀ।

> ਭਗਵਾਨ ਸ਼੍ਰੀ ਰਾਮ ਦੇ ਆਦਰਸ਼ ਸਮਾਜ ਨੂੰ ਸੱਚਾਈ, ਮਰਿਆਦਾ ਤੇ ਮਨੁੱਖਤਾ ਦੇ ਰਾਹ 'ਤੇ ਚੱਲਣ ਦੀ ਪ੍ਰੇਰਣਾ ਦਿੰਦੇ ਹਨ—ਸ਼ਮਿੰਦਰ ਸਿੰਘ ਖਿੰਡਾ



### ਫਸਲਾਂ ਦੇ ਹੋਏ ਨੁਕਸਾਨ ਦੀ ਗਿਰਦਾਵਰੀ ਕਰਵਾ ਕੇ

# ਤੁਰੰਤ ਪੂਰਾ ਮੁਆਵਜਾ ਦਿੱਤਾ ਜਾਵੇ - ਸ ਤਲਵੰਡੀ






**ਮੁਕਤਸਰ ਸਾਹਿਬ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਯੂਥ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਸ ਗੁਰਜੀਤ ਸਿੰਘ ਤਲਵੰਡੀ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਯੂਥ ਅਕਾਲੀ ਦਲ ਦੇ ਵਫਦ ਵੱਲੋਂ ਸ੍ਰੀ ਮੁਕਤਸਰ ਸਾਹਿਬ ਦੇ ਮੀਂਹ ਤੋਂ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ। ਇਸ ਵਫਦ ਵਿੱਚ ਸ ਨਵੀਨਿੰਦਰ ਸਿੰਘ ਲੌਂਗੋਵਾਲ ਅਤੇ ਸ ਅਮਰਿੰਦਰ ਸਿੰਘ ਬੰਨੀ ਬਰਾੜ ਆਪਣੇ ਸਾਥੀਆਂ ਸਮੇਤ ਉਹਨਾਂ ਦੇ ਨਾਲ ਸਨ। ਇਸ ਦੌਰੇ ਦੌਰਾਨ ਸ ਗੁਰਜੀਤ ਸਿੰਘ ਤਲਵੰਡੀ ਨੇ 43 (ਡਿਪਟੀ ਕਮਿਸ਼ਨਰ) ਮੁਕਤਸਰ ਸਾਹਿਬ ਨਾਲ ਫ਼ੋਨ ਰਾਹੀਂ ਗੱਲਬਾਤ ਕਰਕੇ ਪ੍ਰਭਾਵਿਤ ਇਲਾਕਿਆਂ ਵਿੱਚ ਤੁਰੰਤ ਗਿਰਦਾਵਰੀ ਕਰਵਾਉਣ ਅਤੇ ਕਿਸਾਨਾਂ ਨੂੰ ਖਰਾਬ ਹੋਈਆਂ ਫ਼ਸਲਾਂ ਦਾ ਬਣਦਾ ਮੁਆਵਜ਼ਾ ਦੇਣ ਦੀ ਮੰਗ ਕੀਤੀ। ਇਹ ਵਫਦ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਧਿਗਾਣਾ, ਰੁਪਾਣਾ, ਫੂਲੇਵਾਲਾ, ਦਬੜਾ ਅਤੇ ਭੰਗਚੜੀ ਵਿੱਚ ਗੜੇਮਾਰੀ ਤੇ ਤੂਫ਼ਾਨ ਕਾਰਨ ਪ੍ਰਭਾਵਿਤ ਹੋਈਆਂ ਫ਼ਸਲਾਂ ਦਾ ਜਾਇਜ਼ਾ ਲੈਣ ਲਈ ਯੂਥ ਆਗੂ ਗੁਰਜੀਤ ਸਿੰਘ ਤਲਵੰਡੀ ਦੀ ਅਗਵਾਈ ਵਿੱਚ ਦੌਰਾ ਕਰ ਰਿਹਾ ਸੀ। ਇਸ ਦੌਰੇ ਵਿੱਚ ਪਤਾ ਲੱਗਿਆ ਕਿ ਗੜੇਮਾਰੀ ਨੇ ਕਿਸਾਨਾਂ ਦੀ ਮਿਹਨਤ 'ਤੇ ਕਿਵੇਂ ਪਾਣੀ ਫੇਰਿਆ ਅਤੇ ਕਈ ਪਰਿਵਾਰਾਂ ਦੀ ਰੋਜ਼ੀ-ਰੋਟੀ 'ਤੇ ਸੰਕਟ ਖੜਾ ਕਰ ਦਿੱਤਾ ਹੈ। ਸ ਤਲਵੰਡੀ ਨੇ ਪ੍ਰਭਾਵਿਤ ਕਿਸਾਨਾਂ ਨਾਲ ਦੁੱਖ ਸਾਂਝਾ ਕਰਦਿਆਂ ਉਹਨਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿਵਾਇਆ। ਉਹਨਾਂ ਮੰਗ ਕਰਦਿਆਂ ਕਿਹਾ ਕਿ ਕੁਦਰਤੀ ਆਫ਼ਤ ਦੀ ਇਸ ਘੜੀ ਵਿੱਚ ਕਿਸਾਨਾਂ ਨੂੰ ਸਹਾਰੇ ਅਤੇ ਸਰਕਾਰੀ ਮਦਦ ਦੀ ਸਖ਼ਤ ਲੋੜ ਹੈ। ਇਸ ਲਈ ਸਰਕਾਰ ਨੂੰ ਚਾਹੀਦਾ ਹੈ ਕਿ ਬਿਨਾਂ ਦੇਰੀ ਨੁਕਸਾਨ ਦਾ ਜਾਇਜ਼ਾ ਲੈ ਕੇ ਪੀੜਤ ਕਿਸਾਨਾਂ ਨੂੰ ਪੂਰੀ ਰਾਹਤ ਦਿੱਤੀ ਜਾਵੇ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਪਰਵਿੰਦਰ ਸਿੰਘ ਝੋਟਾ ਕਤਲ ਕਾਂਡ ਦੇ ਰੋਸ ਵਜੋਂ

# ਵਿਧਾਇਕਾ ਬਲਜਿੰਦਰ ਕੌਰ ਦੀ ਕੋਠੀ ਵੱਲ ਕੂਚ ਕਰ ਰਹੇ ਪ੍ਰਦਰਸ਼ਨਕਾਰੀਆਂ ਦੀ ਪੁਲਿਸ ਨਾਲ ਝੜਪ






ਤਲਵੰਡੀ ਸਾਬੋ, 19 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਪਰਵਿੰਦਰ ਸਿੰਘ ਝੋਟਾ ਕਤਲ ਕਾਂਡ ਦੇ ਰੋਸ ਵਜੋਂ ਇਨਸਾਫ਼ ਦੀ ਮੰਗ ਨੂੰ ਲੈ ਕੇ ਐਕਸ਼ਨ ਕਮੇਟੀ ਦੇ ਸੱਦੇ 'ਤੇ ਅੱਜ ਤਲਵੰਡੀ ਸਾਬੋ ਵਿਖੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਅਤੇ ਕਿਸਾਨ ਜਥੇਬੰਦੀਆਂ ਦੀ ਅਗਵਾਈ ਹੇਠ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਕੈਬਨਿਟ ਰੈਂਕ ਪ੍ਰਾਪਤ ਹਲਕਾ ਵਿਧਾਇਕਾ ਬੀਬਾ ਬਲਜਿੰਦਰ ਕੌਰ ਨੂੰ ਲਾਹਨਤ ਪੱਤਰ ਦੇਣ ਲਈ ਉਨ੍ਹਾਂ ਦੀ ਰਿਹਾਇਸ਼ ਵੱਲ ਜਾ ਰਹੇ ਪ੍ਰਦਰਸ਼ਨਕਾਰੀਆਂ ਦੀ ਪੁਲਿਸ ਨਾਲ ਝੜਪ ਹੋ ਗਈ। ਪ੍ਰਦਰਸ਼ਨਕਾਰੀ ਜਦੋਂ ਵਿਧਾਇਕਾ ਦੀ ਕੋਠੀ ਵੱਲ ਵਧਣ ਲੱਗੇ ਤਾਂ ਵੱਡੀ ਗਿਣਤੀ ਵਿੱਚ ਤਾਇਨਾਤ ਪੁਲਿਸ ਮੁਲਾਜ਼ਮਾਂ ਨੇ ਕੋਠੀ ਦੇ ਨੇੜੇ ਬੈਰੀਕੇਡ ਲਗਾ ਕੇ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਮਾਹੌਲ ਤਣਾਅਪੂਰਨ ਹੋ ਗਿਆ ਅਤੇ ਕੁਝ ਪ੍ਰਦਰਸ਼ਨਕਾਰੀਆਂ ਨੇ ਰੋਸ ਜ਼ਾਹਿਰ ਕਰਦਿਆਂ ਪੁਲਿਸ ਵੱਲੋਂ ਲਗਾਏ ਬੈਰੀਕੇਡ ਉਖਾੜ ਦਿੱਤੇ। ਪੁਲਿਸ ਵੱਲੋਂ ਪ੍ਰਦਰਸ਼ਨਕਾਰੀਆਂ ਨੂੰ ਅੱਗੇ ਵਧਣ ਤੋਂ ਰੋਕਣ ਦੀ ਕੋਸ਼ਿਸ਼ ਦੌਰਾਨ ਧੱਕਾ ਮੁੱਕੀ ਵੀ ਹੋਈ। ਇਸੇ ਦੌਰਾਨ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਆਗੂ ਬੂਟਾ ਸਿੰਘ ਮਲਕਾਣਾ ਗੰਭੀਰ ਜ਼ਖ਼ਮੀ ਹੋ ਗਏ। ਉਨ੍ਹਾਂ ਨੂੰ ਇਲਾਜ ਲਈ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਕਿਸਾਨ ਆਗੂ ਦੇ ਜ਼ਖ਼ਮੀ ਹੋਣ ਕਾਰਨ ਪ੍ਰਦਰਸ਼ਨਕਾਰੀਆਂ ਵਿੱਚ ਰੋਸ ਹੋਰ ਵਧ ਗਿਆ। ਬੇਸ਼ਕ ਜਖਮੀ ਕਿਸਾਨ ਆਗੂ ਨੂੰ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਦਾਖਲ ਕਰਵਾਇਆ ਗਿਆ ਪ੍ਰੰਤੂ ਪ੍ਰਦਰਸ਼ਨਕਾਰੀਆਂ ਵਲੋਂ ਵਿਧਾਇਕਾ ਬੀਬਾ ਬਲਜਿੰਦਰ ਕੌਰ ਦੀ ਕੋਠੀ ਅੱਗੇ ਧਰਨਾ ਦੇ ਕੇ ਆਪਣਾ ਰੋਸ ਪ੍ਰਗਟ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਵੱਲੋਂ ਪਰਵਿੰਦਰ ਸਿੰਘ ਝੋਟਾ ਕਤਲ ਕਾਂਡ ਵਿੱਚ ਇਨਸਾਫ਼ ਦੀ ਮੰਗ ਉਠਾਈ ਗਈ। ਘਟਨਾ ਸਥਾਨ 'ਤੇ ਪੁਲਿਸ ਦੀ ਤਾਇਨਾਤੀ ਦੌਰਾਨ ਸਥਿਤੀ ਤਣਾਅਪੂਰਨ ਉਦੋਂ ਬਣ ਗਈ ਜਦੋਂ ਪ੍ਰਦਰਸ਼ਨਕਾਰੀ ਲਾਹਨਤ ਪੱਤਰ ਦੇਣ ਲਈ ਹਲਕਾ ਵਿਧਾਇਕਾ ਦੇ ਰਿਹਾਇਸ਼ ਵੱਲ ਵਧੇ। ਇਸ ਮੌਕੇ ਜਿੱਥੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ ਪਹੁੰਚੇ ਉਥੇ ਕਿਸਾਨ ਜਥੇਬੰਦੀਆਂ, ਮਜ਼ਦੂਰ ਜਥੇਬੰਦੀਆਂ ਦੇ ਆਗੂਆਂ ਨੇ ਵੀ ਸ਼ਮੂਲੀਅਤ ਕੀਤੀ। ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਤਲਵੰਡੀ ਸਾਬੋ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ, ਕਾਮਰੇਡ ਮੱਖਣ ਸਿੰਘ ਆਦਿ ਵੱਡੀ ਗਿਣਤੀ ਵਿੱਚ ਪਹੁੰਚੇ।

ਆਵਾਜ਼ਿ ਕੌਮ AWAZE QAUM International Newspaper & WEB TV

**ਬੈਰੀਕੇਡ ਤੋੜਨ ਦੌਰਾਨ ਕਿਸਾਨ ਆਗੂ ਬੂਟਾ ਸਿੰਘ ਮਲਕਾਣਾ ਗੰਭੀਰ ਜ਼ਖ਼ਮੀ, ਹਸਪਤਾਲ ਵਿੱਚ ਕਰਵਾਇਆ ਦਾਖ਼ਲ**

# ਕੌਮੀ ਸ਼ਹੀਦ ਭਾਈ ਪਰਵਿੰਦਰ ਸਿੰਘ ਝੋਟਾ ਇਨਸਾਫ ਮੋਰਚੇ ਵਿੱਚ ਬਾਬਾ ਬਲਬੀਰ ਸਿੰਘ ਬੁੱਢਾ ਦਲ ਦੇ ਨਿਹੰਗ ਸਿੰਘ ਪਹੁੰਚੇ



ਤਲਵੰਡੀ ਸਾਬੋ, 19 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਰਾਜ ਵਿੱਚ ਵਿੱਕ ਰਹੇ ਮੈਡੀਕਲ ਤੇ ਹੋਰ ਗੈਰ ਨਸ਼ਿਆ ਖਿਲਾਫ ਆਪਣੀ ਅਵਾਜ ਉਠਾਉਣ ਵਾਲੇ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਕੌਮੀ ਸ਼ਹੀਦ ਦਾ ਮਾਣ ਪ੍ਰਾਪਤ ਕਰਨ ਵਾਲੇ ਭਾਈ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਮਾਨਸਾ ਵਿਖੇ ਮੋਰਚਾ ਲੱਗਾ ਹੋਇਆ ਹੈ। ਜਿਸ ਵਿੱਚ ਰੋਜ਼ਾਨਾ ਹੀ ਪੰਜਾਬ ਦੇ ਨੌਜਵਾਨਾਂ ਲਈ ਦਰਦ ਰੱਖਣ ਵਾਲੇ ਇਨਸਾਫ ਪਸੰਦ ਲੋਕ ਤੇ ਜੱਥੇਬੰਦੀਆਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰ ਰਹੇ ਹਨ। ਅੱਜ ਇਸ ਚੱਲ ਮੋਰਚੇ ਵਿੱਚ ਸ੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਨਿਹੰਗ ਸਿੰਘਾਂ ਦੇ ਮੌਜੂਦਾ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ ਛਿਆਨਵੇਂ ਕ੍ਰੋੜੀ ਦੇ ਦਿਸ਼ਾ ਨਿਰਦੇਸ਼ਾ ਤੇ ਬਾਬਾ ਜੱਸਾ ਸਿੰਘ ਦਮਦਮਾ ਸਾਹਿਬ ਨਿਹੰਗ ਸਿੰਘ ਫੌਜਾਂ ਸਮੇਤ ਹਾਜ਼ਰ ਹੋਏ। ਸ਼ਹੀਦ ਭਾਈ ਪਰਵਿੰਦਰ ਸਿੰਘ ਝੋਟਾ ਇਨਸਾਫ ਸੰਘਰਸ਼ ਕਮੇਟੀ ਵੱਲੋਂ ਬਾਬਾ ਜੱਸਾ ਸਿੰਘ ਬੁੱਢਾ ਦਲ ਨਿਹੰਗ ਸਿੰਘ ਫ਼ੌਜਾਂ ਦਾ ਸਵਾਗਤ ਕੀਤਾ ਗਿਆ। ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ ਛਿਆਨਵੇਂ ਕ੍ਰੋੜੀ ਬੁੱਢਾ ਦਲ ਦੀ ਤਰਫੋਂ ਭਾਈ ਮਾਨ ਸਿੰਘ ਲਿਖਾਰੀ ਨੇ ਕਿਹਾ ਕਿ ਸ਼ਹੀਦ ਭਾਈ ਪਰਵਿੰਦਰ ਸਿੰਘ ਝੋਟਾ ਦੀ ਹੋਈ ਸ਼ਹਾਦਤ ਤੇ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਬੁੱਢਾ ਦਲ, ਤਰਨਾਦਲ ਤੇ ਹੋਰ ਨਿਹੰਗ ਸਿੰਘ ਜਥੇਬੰਦੀਆ ਨਾਲ ਹਨ। ਸਾਨੂੰ ਪੰਜਾਬੀਆਂ ਨੂੰ ਸੰਘਰਸ਼ ਕਰਨਾ ਆਉਂਦਾ ਹੈ, ਪਹਿਲਾਂ ਅਸੀ ਆਪਣੀਆਂ ਫਸਲਾਂ ਨੂੰ ਬਚਾਉਣ ਲਈ ਸੰਘਰਸ਼ ਕੀਤਾ ਹੁਣ ਗੱਲ ਸਾਡੀਆ ਨਸਲਾਂ ਤੱਕ ਪਹੁੰਚ ਗਈ ਹੈ। ਆਪਣੇ ਬੱਚਿਆ, ਨੌਜਵਾਨਾਂ ਤੇ ਧੀਆਂ ਨੂੰ ਬਚਾਉਣ ਲਈ ਭਾਈ ਪਰਵਿੰਦਰ ਸਿੰਘ ਝੋਟੇ ਵੱਲੋਂ ਵਿੱਢੇ ਇਸ ਸੰਘਰਸ਼ ਨੂੰ ਅੰਜਾਮ ਤੱਕ ਪਹੁੰਚਾਉਣਾ ਪਵੇਗਾ। ਜਿਸ ਲਈ ਅਸੀ ਸਾਰੇ ਰਲ ਮਿਲ ਨਸ਼ਿਆਂ ਖਿਲਾਫ ਆਪਣੀ ਅਵਾਜ ਬੁਲੰਦ ਕਰੀਏ। ਉਨਾਂ ਸਾਰੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਭਾਈ ਪਰਵਿੰਦਰ ਸਿੰਘ ਝੋਟਾ ਦੇ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਪਿੰਡਾਂ ਵਿੱਚੋਂ ਵੱਡੀ ਗਿਣਤੀ ਵਿੱਚ ਮੋਰਚੇ ਵਿੱਚ ਹਾਜਰੀਆਂ ਭਰੀਏ। ਇਸ ਮੌਕੇ ਭਾਈ ਗੁਰਪ੍ਰੀਤ ਸਿੰਘ ਝੱਬਰ, ਭਾਈ ਪਰਮਿੰਦਰ ਸਿੰਘ ਬਾਲਿਆਂਵਲੀ, ਗੁਰਦੀਪ ਸਿੰਘ ਤੂਰ ਤੇ ਭਾਈ ਸਰਬਜੀਤ ਸਿੰਘ ਕਟਾਰਸਰ ਆਦਿ ਨਿਹੰਗ ਸਿੰਘ ਫ਼ੌਜਾਂ ਹਾਜਰ ਸਨ।

# ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਵਿਖੇ ਪਹਿਲੇ ਟਰਮ ਦਾ ਐਲਾਨਿਆ ਨਤੀਜਾ ਅਤੇ ਲਗਾਈ ਸਾਇੰਸ ਪ੍ਰਦਰਸ਼ਨੀ




ਤਲਵੰਡੀ ਸਾਬੋ, 19 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਵਿਖੇ ਪਹਿਲੇ ਟਰਮ ਦੀਆਂ ਪ੍ਰੀਖਿਆਵਾਂ ਦਾ ਨਤੀਜਾ ਐਲਾਨਿਆ ਗਿਆ। ਇਸ ਮੌਕੇ ਮਾਪੇ-ਅਧਿਆਪਕ ਮਿਲਣੀ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਮਾਪਿਆਂ ਨੂੰ ਬੱਚਿਆਂ ਦੀ ਪੜ੍ਹਾਈ ਅਤੇ ਅਕਾਦਮਿਕ ਪ੍ਰਗਤੀ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸਕੂਲ ਵਿੱਚ ਸਾਇੰਸ ਪ੍ਰਦਰਸ਼ਨੀ ਵੀ ਲਗਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਵੱਖ-ਵੱਖ ਵਿਗਿਆਨਕ ਮਾਡਲਾਂ ਰਾਹੀਂ ਆਪਣੀ ਰਚਨਾਤਮਕਤਾ, ਵਿਗਿਆਨਕ ਸੋਚ ਅਤੇ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਆਪਣੇ ਮਾਡਲਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਵਿਗਿਆਨ ਦੇ ਸਿਧਾਂਤਾਂ ਨੂੰ ਵਿਹਾਰਕ ਰੂਪ ਵਿੱਚ ਪੇਸ਼ ਕੀਤਾ। ਇਸ ਪ੍ਰਦਰਸ਼ਨੀ ਦਾ ਉਦੇਸ਼ ਵਿਦਿਆਰਥੀਆਂ ਵਿੱਚ ਵਿਗਿਆਨ ਪ੍ਰਤੀ ਰੁਚੀ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਨਵੀਆਂ ਖੋਜਾਂ ਕਰਨ ਲਈ ਉਤਸ਼ਾਹਿਤ ਕਰਨਾ ਸੀ। ਮਾਪੇ-ਅਧਿਆਪਕ ਮਿਲਣੀ ਦੌਰਾਨ ਅਧਿਆਪਕਾਂ ਨੇ ਮਾਪਿਆਂ ਨਾਲ ਬੱਚਿਆਂ ਦੀਆਂ ਪ੍ਰਾਪਤੀਆਂ ਅਤੇ ਪੜ੍ਹਾਈ ਵਿੱਚ ਸੁਧਾਰ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਮਾਪਿਆਂ ਨੇ ਵੀ ਬੱਚਿਆਂ ਦੀ ਕਾਰਗੁਜ਼ਾਰੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਅਤੇ ਸਕੂਲ ਦੀਆਂ ਗਤੀਵਿਧੀਆਂ ਵਿੱਚ ਦਿਲਚਸਪੀ ਦਿਖਾਈ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਮਧੂ ਬਾਂਸਲ ਨੇ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਪ੍ਰਯੋਗਾਤਮਕ ਸਿੱਖਿਆ ਅਤੇ ਰਚਨਾਤਮਕ ਗਤੀਵਿਧੀਆਂ ਵਿਦਿਆਰਥੀਆਂ ਦੇ ਗਿਆਨ ਅਤੇ ਆਤਮ ਵਿਸ਼ਵਾਸ ਵਿੱਚ ਵਾਧਾ ਕਰਦੀਆਂ ਹਨ ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਗਈ ਅਤੇ ਮਾਪਿਆਂ ਦਾ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਭਾਈ ਪਰਮਿੰਦਰ ਸਿੰਘ ਝੋਟਾ ਦੇ ਕਾਤਲਾਂ ਨੂੰ ਸਖ਼ਤ ਸਜ਼ਾਵਾਂ ਦੇ ਕੇ

# ਪੀੜਤ ਪਰਿਵਾਰ ਨੂੰ ਤੁਰੰਤ ਇਨਸਾਫ਼ ਦੇਵੇ ਪੰਜਾਬ ਸਰਕਾਰ – ਜਥੇਦਾਰ ਬਲਜੀਤ ਸਿੰਘ ਦਾਦੂਵਾਲ

## ਮਾਨਸਾ ਵਿਖੇ ਇਨਸਾਫ਼ ਲਈ ਚੱਲ ਰਹੇ ਧਰਨੇ ਵਿੱਚ ਸਾਥੀਆਂ ਸਮੇਤ ਕੀਤੀ ਸ਼ਮੂਲੀਅਤ, ਪਿਤਾ ਭੀਮ ਸਿੰਘ ਨਾਲ ਮੁਲਾਕਾਤ ਕਰਕੇ ਹਰ ਤਰ੍ਹਾਂ ਦੇ ਸਹਿਯੋਗ ਦਾ ਦਿੱਤਾ ਭਰੋਸਾ









**ਮਾਨਸਾ :** ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਨੌਜਵਾਨ ਆਗੂ ਭਾਈ ਪਰਮਿੰਦਰ ਸਿੰਘ ਝੋਟਾ ਦੇ ਹੋਏ ਦਰਦਨਾਕ ਕਤਲ ਦੇ ਰੋਸ ਵਜੋਂ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਪਰਿਵਾਰਕ ਮੈਂਬਰਾਂ ਅਤੇ ਐਕਸ਼ਨ ਕਮੇਟੀ ਵੱਲੋਂ ਮਾਨਸਾ ਵਿਖੇ ਲਗਾਏ ਗਏ ਧਰਨੇ ਵਿੱਚ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਆਪਣੇ ਸਾਥੀਆਂ ਸਮੇਤ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਜਥੇਦਾਰ ਦਾਦੂਵਾਲ ਨੇ ਧਰਨੇ ਨੂੰ ਸੰਬੋਧਨ ਕਰਦਿਆਂ ਭਾਈ ਪਰਮਿੰਦਰ ਸਿੰਘ ਝੋਟਾ ਦੇ ਕਤਲ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਅਤੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਆਵਾਜ਼ ਉਠਾਉਣ ਵਾਲੇ ਨੌਜਵਾਨ ਦਾ ਇਸ ਤਰ੍ਹਾਂ ਕਤਲ ਹੋਣਾ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਘਟਨਾ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਲੜਨ ਵਾਲੇ ਨੌਜਵਾਨ ਸਮਾਜ ਦੇ ਅਸਲ ਰਾਖੇ ਹਨ ਅਤੇ ਅਜਿਹੇ ਨੌਜਵਾਨਾਂ ਦੀ ਸੁਰੱਖਿਆ ਕਰਨਾ ਸਰਕਾਰ ਅਤੇ ਪ੍ਰਸ਼ਾਸਨ ਦੀ ਮੁੱਢਲੀ ਜ਼ਿੰਮੇਵਾਰੀ ਹੈ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਪੰਜਾਬ ਪਹਿਲਾਂ ਹੀ ਨਸ਼ਿਆਂ ਦੀ ਗੰਭੀਰ ਸਮੱਸਿਆ ਨਾਲ ਜੂਝ ਰਿਹਾ ਹੈ। ਅਜਿਹੇ ਹਾਲਾਤ ਵਿੱਚ ਜੇਕਰ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਨੂੰ ਹੀ ਨਿਸ਼ਾਨਾ ਬਣਾਇਆ ਜਾਵੇਗਾ ਤਾਂ ਇਹ ਸਮੁੱਚੇ ਸਮਾਜ ਲਈ ਬਹੁਤ ਵੱਡੀ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਭਾਈ ਪਰਮਿੰਦਰ ਸਿੰਘ ਝੋਟਾ ਦੀ ਕੁਰਬਾਨੀ ਨੂੰ ਅਜਾਈਂ ਨਹੀਂ ਜਾਣ ਦਿੱਤਾ ਜਾਵੇਗਾ ਅਤੇ ਇਨਸਾਫ਼ ਦੀ ਇਸ ਲੜਾਈ ਵਿੱਚ ਪੀੜਤ ਪਰਿਵਾਰ ਨੂੰ ਇਕੱਲਾ ਨਹੀਂ ਛੱਡਿਆ ਜਾਵੇਗਾ। ਇਸ ਮੌਕੇ ਜਥੇਦਾਰ ਦਾਦੂਵਾਲ ਨੇ ਮ੍ਰਿਤਕ ਨੌਜਵਾਨ ਦੇ ਪਿਤਾ ਭਾਈ ਭੀਮ ਸਿੰਘ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਹਰ ਤਰ੍ਹਾਂ ਦੇ ਨੈਤਿਕ, ਸਮਾਜਿਕ ਅਤੇ ਲੋੜੀਂਦੇ ਸਹਿਯੋਗ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਇੱਕ ਮਾਤਾ ਪਿਤਾ ਲਈ ਆਪਣੇ ਜਵਾਨ ਪੁੱਤਰ,ਪਤਨੀ ਨੂੰ ਪਤੀ ਅਤੇ ਬੱਚਿਆਂ ਨੂੰ ਬਾਪ ਗੁਆਉਣ ਦਾ ਦੁੱਖ ਅਸਹਿ ਹੈ ਅਤੇ ਇਸ ਦੁੱਖ ਦੀ ਘੜੀ ਵਿੱਚ ਸਮੁੱਚੇ ਸਮਾਜ ਨੂੰ ਪੀੜਤ ਪਰਿਵਾਰ ਦੇ ਨਾਲ ਖੜ੍ਹਨਾ ਚਾਹੀਦਾ ਹੈ। ਜਥੇਦਾਰ ਦਾਦੂਵਾਲ ਨੇ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਸਖ਼ਤ ਤਾਕੀਦ ਕਰਦਿਆਂ ਕਿਹਾ ਕਿ ਭਾਈ ਪਰਮਿੰਦਰ ਸਿੰਘ ਝੋਟਾ ਦੇ ਕਤਲ ਵਿੱਚ ਸ਼ਾਮਲ ਦੋਸ਼ੀਆਂ ਅਤੇ ਸਾਜ਼ਿਸ਼ਕਾਰਾਂ ਦੀ ਪਛਾਣ ਕਰਕੇ ਉਨ੍ਹਾਂ ਵਿਰੁੱਧ ਤੁਰੰਤ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਅਦਾਲਤੀ ਪ੍ਰਕਿਰਿਆ ਰਾਹੀਂ ਮਿਸਾਲੀ ਸਜ਼ਾਵਾਂ ਯਕੀਨੀ ਬਣਾਈਆਂ ਜਾਣ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਪੀੜਤ ਪਰਿਵਾਰ ਨੂੰ ਜਲਦੀ ਤੋਂ ਜਲਦੀ ਇਨਸਾਫ਼ ਮਿਲ ਸਕੇ। ਉਨ੍ਹਾਂ ਅੱਗੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਕਿਸੇ ਇੱਕ ਵਿਅਕਤੀ, ਪਰਿਵਾਰ ਜਾਂ ਜਥੇਬੰਦੀ ਦੀ ਨਹੀਂ, ਸਗੋਂ ਸਮੁੱਚੇ ਪੰਜਾਬ ਦੀ ਸਾਂਝੀ ਲੜਾਈ ਹੈ। ਇਸ ਲਈ ਧਾਰਮਿਕ, ਸਮਾਜਿਕ ਅਤੇ ਇਨਸਾਫ਼ਪਸੰਦ ਜਥੇਬੰਦੀਆਂ ਨੂੰ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਨਸ਼ਿਆਂ ਦੇ ਖ਼ਾਤਮੇ ਲਈ ਇਕਜੁੱਟ ਹੋਣਾ ਚਾਹੀਦਾ ਹੈ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਪੰਜਾਬ ਦੀ ਧਰਤੀ ਗੁਰੂਆਂ, ਪੀਰਾਂ, ਸ਼ਹੀਦਾਂ ਅਤੇ ਸੂਰਬੀਰਾਂ ਦੀ ਧਰਤੀ ਹੈ। ਇਸ ਧਰਤੀ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣਾ ਸਾਡਾ ਸਾਰਿਆਂ ਦਾ ਸਾਂਝਾ ਫ਼ਰਜ਼ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਾਲ-ਨਾਲ ਨਸ਼ਿਆਂ ਦਾ ਵਿਰੋਧ ਕਰਨ ਵਾਲੇ ਸਮਾਜ ਸੇਵੀਆਂ ਅਤੇ ਨੌਜਵਾਨ ਆਗੂਆਂ ਦੀ ਸੁਰੱਖਿਆ ਵੀ ਯਕੀਨੀ ਬਣਾਈ ਜਾਵੇ। ਅੰਤ ਵਿੱਚ ਜਥੇਦਾਰ ਦਾਦੂਵਾਲ ਜੀ ਨੇ ਭਾਈ ਪਰਮਿੰਦਰ ਸਿੰਘ ਝੋਟਾ ਦੇ ਪਰਿਵਾਰ ਅਤੇ ਐਕਸ਼ਨ ਕਮੇਟੀ ਵੱਲੋਂ ਇਨਸਾਫ਼ ਲਈ ਕੀਤੇ ਜਾ ਰਹੇ ਸੰਘਰਸ਼ ਦਾ ਪੂਰਨ ਸਮਰਥਨ ਕਰਦਿਆਂ ਕਿਹਾ ਕਿ ਜਦੋਂ ਤੱਕ ਪੀੜਤ ਪਰਿਵਾਰ ਨੂੰ ਇਨਸਾਫ਼ ਨਹੀਂ ਮਿਲਦਾ, ਉਦੋਂ ਤੱਕ ਉਹ ਪਰਿਵਾਰ ਦੇ ਨਾਲ ਡਟ ਕੇ ਖੜ੍ਹੇ ਰਹਿਣਗੇ। ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਇਨਸਾਫ਼ ਦੀ ਇਸ ਲੜਾਈ ਵਿੱਚ ਸ਼ਾਂਤਮਈ ਅਤੇ ਲੋਕਤੰਤਰੀ ਢੰਗ ਨਾਲ ਆਪਣਾ ਸਹਿਯੋਗ ਦੇਣ। ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਰਦਾਰ ਗੁਰਪਾਲ ਸਿੰਘ ਗੋਰਾ ਐਲਨਾਬਾਦ, ਐਡਵੋਕੇਟ ਗੁਰਤੇਜ ਸਿੰਘ ਅੰਬਾਲਾ ਮੈਂਬਰ,ਸਰਪੰਚ ਭੁਪਿੰਦਰ ਸਿੰਘ ਲਾਡੀ ਸੌਂਕੜਾ ਮੈਂਬਰ ਪ੍ਰਤੀਨਿਧ ਨੀਲੋਖੇੜੀ,ਬਾਬਾ ਪ੍ਰਦੀਪ ਸਿੰਘ ਕੋਟ ਸ਼ਮੀਰ ਪੰਥਕ ਸੇਵਾ ਲਹਿਰ ਦਾਦੂ ਸਾਹਿਬ,ਭਾਈ ਗੁਰਸੇਵਕ ਸਿੰਘ ਰੰਗੀਲਾ, ਭਾਈ ਅਰਵਿੰਦਰ ਸਿੰਘ ਬਿੱਟੂ ਸੋਢੀ ਵੀ ਉਨਾਂ ਦੇ ਨਾਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਫੀਨਿਕਸ ਪਾਰਕ ਵਿਖੇ ਸ਼ਹੀਦ ਪਰਮਿੰਦਰ ਸਿੰਘ ਝੋਟਾ ਨੂੰ ਭਾਵਭਿੰਨੀ ਸ਼ਰਧਾਂਜਲੀ

# ਨਸ਼ਾ ਮੁਕਤ ਪੰਜਾਬ ਲਈ ਲੋਕ ਲਹਿਰ ਦਾ ਐਲਾਨ

**ਪੰਜਾਬ ਦੀ ਧਰਤੀ ਤੇ ਨਸ਼ਿਆਂ ਖਿਲਾਫ ਲੜਦਿਆਂ ਸ਼ਹਾਦਤ ਪਾਉਣ ਵਾਲੇ ਨੌਜਵਾਨ ਭਾਈ ਪਰਮਿੰਦਰ ਸਿੰਘ ਝੋਟਾ ਨੂੰ ਸ਼ਰਧਾਂਜਲੀ ਦੇਣ ਲਈ ਇੰਗਲੈਂਡ ਦੀ ਧਰਤੀ ਤੇ ਫੀਨਿਕਸ ਪਾਰਕ, ਵੁਲਵਰਹੈਂਪਟਨ ਵਿਖੇ ਵਿਸ਼ਾਲ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ**



















**ਵੁਲਵਰਹੈਂਪਟਨ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੀ ਧਰਤੀ ਤੇ ਨਸ਼ਿਆਂ ਖਿਲਾਫ ਲੜਦਿਆਂ ਸ਼ਹਾਦਤ ਪਾਉਣ ਵਾਲੇ ਨੌਜਵਾਨ ਭਾਈ ਪਰਮਿੰਦਰ ਸਿੰਘ ਝੋਟਾ ਨੂੰ ਸ਼ਰਧਾਂਜਲੀ ਦੇਣ ਲਈ ਇੰਗਲੈਂਡ ਦੀ ਧਰਤੀ ਤੇ ਫੀਨਿਕਸ ਪਾਰਕ, ਵੁਲਵਰਹੈਂਪਟਨ ਵਿਖੇ ਵਿਸ਼ਾਲ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ।

ਸਮਾਗਮ ਦੀ ਸ਼ੁਰੂਆਤ ਬਾਬਾ ਬਘੇਲ ਸਿੰਘ ਜੀ ਨੇ ਕੀਤੀ। ਉਨ੍ਹਾਂ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ: "ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ। ਗੁਰੂ ਪਿਆਰੇ ਖਾਲਸਾ ਸਾਧ ਸੰਗਤ ਜੀ ਜਿਸ ਤਰ੍ਹਾਂ ਆਪ ਜੀ ਸਾਰੇ ਵੀਰ ਭੈਣਾਂ ਨੌਜਵਾਨ ਬਜ਼ੁਰਗ ਚੰਗੀ ਤਰ੍ਹਾਂ ਜਾਣਦੇ ਹੋ ਕਿ ਪੰਜਾਬ ਦੀ ਧਰਤੀ ਤੇ ਪਿਛਲੇ ਲੰਬੇ ਸਮੇਂ ਤੋਂ ਨਸ਼ਿਆਂ ਦੇ ਨਾਲ ਪੀੜਿਤ ਨੌਜਵਾਨਾਂ ਨੂੰ ਤੇ ਅੱਜ ਦੇ ਸਮੇਂ ਚ ਬੀਬੀਆਂ ਸਾਡੀਆਂ ਭੈਣਾਂ ਨੂੰ ਵੀ ਇਸ ਨਸ਼ੇ ਦੀ ਲੱਤ ਦੇ ਨਾਲ ਇਨਾ ਗੰਭੀਰ ਤੌਰ ਤੇ ਜਕੜ ਲਿਆ ਗਿਆ ਹੈ ਕਿ ਘਰਾਂ ਦੇ ਘਰ ਪਰਿਵਾਰਾਂ ਦੇ ਪਰਿਵਾਰ ਇਸ ਨਸ਼ੇ ਦੀ ਮਾਰ ਹੇਠ ਆ ਚੁੱਕੇ ਹਨ। ਸਮੇਂ ਸਮੇਂ ਦੀਆਂ ਸਰਕਾਰਾਂ ਨੇ ਗੁਟਕਾ ਸਾਹਿਬ ਜੀ ਦੀਆਂ ਸੌਹਾਂ ਖਾ ਕੇ ਵੀ ਦਾਅਵੇ ਕੀਤੇ ਕਿ ਅਸੀਂ ਪੰਜਾਬ ਨੂੰ ਨਸ਼ਾ ਮੁਕਤ ਬਣਾ ਦਿਆਂਗੇ ਪਰ ਹਾਲਾਤ ਦਿਨ ਪ੍ਰਤੀ ਦਿਨ ਹੋਰ ਵਿਗੜਦੇ ਜਾ ਰਹੇ ਹਨ। ਭਾਈ ਪਰਮਿੰਦਰ ਸਿੰਘ ਝੋਟਾ ਜਿਹੜੇ ਇਸ ਨਸ਼ੇ ਨੂੰ ਵੇਚਣ ਵਾਲਿਆਂ ਨੂੰ ਰੋਕਣ ਵਾਸਤੇ ਤਤਪਰ ਸਨ, ਮਾਨਸਾ

ਆਵਾਜ਼ਿ ਕੌਮ AWAZE QAUM
International Newspaper & WEB TV

ਜ਼ਿਲ੍ਹੇ ਵਿੱਚ ਪ੍ਰਸ਼ਾਸਨ ਨੂੰ ਨਾਲ ਲੈ ਕੇ ਸੂਚਨਾ ਦਿੰਦੇ ਸਨ ਕਿ ਆਉਣ ਵਾਲੀਆਂ ਨਸਲਾਂ ਦਾ ਘਾਣ ਹੋ ਰਿਹਾ ਹੈ। ਉਸ ਨੌਜਵਾਨ ਨੂੰ ਇਸ ਲੜਾਈ ਦਾ ਮੁੱਲ ਇਹ ਮਿਲਿਆ ਕਿ ਸ਼ਰੇਆਮ ਦਿਨ ਦਿਹਾੜੇ ਨਸ਼ਾ ਵੇਚਣ ਵਾਲਿਆਂ ਨੇ ਗੋਲੀਆਂ ਮਾਰ ਕੇ ਸ਼ਹੀਦ ਕਰ ਦਿੱਤਾ। ਅੱਜ ਪੰਜਾਬ ਦੀ ਧਰਤੀ ਤੇ ਵੀ ਉਸ ਨੌਜਵਾਨ ਦੇ ਹੱਕ ਵਿੱਚ ਵੱਖੋ ਵੱਖਰੀਆਂ ਜਥੇਬੰਦੀਆਂ ਤੇ ਆਮ ਲੋਕਾਂ ਨੇ ਇਕੱਠ ਕਰਕੇ ਦੱਸ ਦਿੱਤਾ ਕਿ ਉਹ ਇਕੱਲਾ ਨਹੀਂ। ਉਸ ਨੂੰ ਸ਼ਰਧਾਂਜਲੀ ਦੇਣ ਲਈ ਇੰਗਲੈਂਡ ਦੀ ਧਰਤੀ ਤੇ ਬੁਲਬੁਲ ਹੈਮਟਨ ਦੇ ਫੀਨਿਕਸ ਪਾਰਕ ਵਿੱਚ ਪ੍ਰੋਗਰਾਮ ਉਲੀਕਿਆ ਹੈ ਤਾਂ ਜੋ ਧਰਮ ਤੋਂ ਜਥੇਬੰਦੀਆਂ ਤੋਂ ਉੱਪਰ ਉੱਠ ਕੇ ਇਨਸਾਨੀਅਤ ਦੇ ਨਾਂ ਤੇ ਆਉਣ ਵਾਲੀਆਂ ਨਸਲਾਂ ਨੂੰ ਬਚਾਉਣ ਵਾਸਤੇ ਅਸੀਂ ਉਹਨਾਂ ਦੀ ਆਵਾਜ਼ ਬਣੀਏ।"

ਸੁਖਵਿੰਦਰ ਸਿੰਘ ਬਰਾੜ (ਲੇਖਕ) ਨੇ ਕਿਹਾ: "ਅੱਜ ਤੁਸੀਂ ਇੱਥੇ ਮੋਮਬੱਤੀਆਂ ਜਗਾਉਣ ਲਈ ਆਏ ਹੋ, ਦਾਸ ਨੂੰ ਵੀ ਮੌਕਾ ਮਿਲਿਆ, ਮੈਂ ਵੀ ਗੁਰਦੁਆਰੇ ਪਾਰ ਕਰਕੇ ਤੁਰ ਕੇ ਆਇਆ। ਉਹਨਾਂ ਦੀ ਰੂਹ ਨੂੰ ਸ਼ਾਂਤੀ ਤਾਂ ਹੀ ਹੋਵੇਗੀ ਜੇ ਅਸੀਂ ਸਾਰੇ ਇਕੱਠੇ ਹੋ ਕੇ ਨਸ਼ੇ ਦੇ ਤਸਕਰ ਨੂੰ ਰੋਕਣ ਦੀ ਕੋਸ਼ਿਸ਼ ਕਰੀਏ।"

ਅੰਮ੍ਰਿਤਪਾਲ ਸਿੰਘ ਤੂਰ ਨੇ ਕਿਹਾ: "ਇੰਗਲੈਂਡ ਉਹ ਕੰਟਰੀ ਆ ਜਿੱਥੇ ਸਾਰ ਨਾਲੋਂ ਵੱਧ ਪੰਜਾਬੀ ਵਸਦੇ ਆ। ਗੱਲ ਕੱਲੀ ਝੋਟੇ ਦੀ ਨਹੀਂ, ਸਰਕਾਰ ਨੇ ਹੁਣ ਤੱਕ ਜਿਹੜੇ ਵੀ ਨੌਜਵਾਨਾਂ ਦਾ ਕਤਲ ਕਰਾਇਆ ਉਹ 6-6 ਸਾਢੇ 6 ਫੁੱਟੇ ਕੱਦ ਦੇ, ਚਾਰਾਂ-ਪੰਜਾਂ ਬੰਦਿਆਂ ਨਾਲ ਲੜਨ ਯੋਗ ਤਗੜੇ ਸਰੀਰ ਵਾਲੇ ਸਨ। ਟਾਰਗੇਟ ਉਹਨਾਂ ਨੂੰ ਹੀ ਕੀਤਾ ਜਾਂਦਾ ਹੈ ਜਿਨ੍ਹਾਂ ਨੂੰ ਨੌਜਵਾਨ ਸੁਣਦੇ ਨੇ। ਉਸ ਤੋਂ ਬਾਅਦ ਕੁਝ ਲੋਕ ਸਿਆਸੀ ਰੋਟੀਆਂ ਸੇਕਣ ਲੱਗ ਜਾਂਦੇ ਨੇ। ਉਹ ਸਾਡਾ ਵੀਰ ਕਿਸੇ ਜਾਇਦਾਦ ਲਈ ਨਹੀਂ, ਸਿਰਫ ਇਸ ਲਈ ਲੜਦਾ ਸੀ ਕਿ ਸਾਡੀ ਨੌਜਵਾਨੀ ਨਸ਼ਿਆਂ ਨਾਲ ਮਰ ਰਹੀ ਹੈ।"

ਡਾਕਟਰ ਸਾਧੂ ਸਿੰਘ ਜੀ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ: "ਸੂਰਾ ਸੋ ਪਹਿਚਾਨੀਐ ਜੋ ਲਰੈ ਦੀਨ ਕੇ ਹੇਤ, ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤ। ਤੁਹਾਡੇ ਸਾਹਮਣੇ ਇਗਜ਼ਾਮਪਲ ਹੈ ਉਸ ਨੌਜਵਾਨ ਦੀ ਜਿਹਨੇ ਆਪਣਾ ਘਰ ਨਹੀਂ ਸਮਝਿਆ, ਦੂਸਰਿਆਂ ਨੂੰ ਬਚਾਉਣ ਵਾਸਤੇ ਕੁਰਬਾਨੀ ਦੇ ਦਿੱਤੀ। ਅੱਜ ਅਸੀਂ ਬੜੇ ਹੀ ਨਾਜੁਕ ਦੌਰ ਵਿੱਚ ਹਾਂ, ਸਾਡੀ ਆਪਣੀ ਪਾਰਟੀ ਅਕਾਲੀ ਦਲ ਨੇ ਵੀ ਗੁਰੂ ਗੋਬਿੰਦ ਸਿੰਘ ਨਿਵਾਸ ਤੇ ਗੁਰੂ ਅਰਜਨ ਦੇਵ ਨਿਵਾਸ ਦੇ ਨਾਂ ਤੇ ਘਪਲੇ ਕੀਤੇ। ਹੁਣ ਤੁਸੀਂ ਆਪਣੇ ਪੈਰੀਂ ਆਪ ਖੜੇ ਹੋਣਾ ਹੈ। ਮੈਂ ਹੱਥ ਜੋੜ ਕੇ ਬੇਨਤੀ ਕਰਦਾ ਹਾਂ ਨੌਜਵਾਨਾਂ ਨੂੰ, ਇਹ ਡਡਲੀ ਰੋਡ ਹੈ, ਮੈਂ ਦੇਖਦਾ

(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

### ਫੀਨਿਕਸ ਪਾਰਕ ਵਿਖੇ ਸ਼ਹੀਦ ਪਰਮਿੰਦਰ ਸਿੰਘ ਝੋਟਾ ਨੂੰ ਭਾਵਭਿੰਨੀ ਸ਼ਰਧਾਂਜਲੀ

# ਨਸ਼ਾ ਮੁਕਤ ਪੰਜਾਬ ਲਈ ਲੋਕ ਲਹਿਰ ਦਾ ਐਲਾਨ

## ਬਹੁਤ ਘੱਟ ਲੋਕ ਹੁੰਦੇ ਨੇ ਜਿਹੜੇ ਕਿਸੇ ਵਾਸਤੇ ਕੁਰਬਾਨੀ ਕਰਦੇ ਨੇ। ਜਿਹੜਾ ਆਪਣੇ ਲਈ ਮਰਦਾ ਹੈ ਉਹ ਸ਼ਹੀਦ ਨਹੀਂ, ਜਿਹੜਾ ਸਮਾਜ ਦੇ ਭਲੇ ਲਈ ਮਰਦਾ ਹੈ ਉਹ ਸ਼ਹੀਦ ਹੁੰਦਾ ਹੈ : ਭਾਈ ਕਪਤਾਨ ਸਿੰਘ


















ਹਾਂ ਇੱਥੇ ਵੀ ਨਸ਼ਾ ਚੱਲਦਾ ਹੈ, ਇਸ ਤੋਂ ਬਚ ਕੇ ਰਹੋ।"

ਭਾਈ ਅਵਤਾਰ ਸਿੰਘ ਜੀ ਪੱਤਰਕਾਰ ਨੇ ਵਿਸਥਾਰ ਵਿੱਚ ਕਿਹਾ: "ਪੰਜਾਬ ਦੇ ਮਾਪਿਆਂ ਨੂੰ ਆਪਣੇ ਪੁੱਤਰਾਂ ਦੀਆਂ ਲਾਸ਼ਾਂ ਚੁੱਕਣ ਦਾ ਇਤਿਹਾਸਿਕ ਵਰਤਾਰਾ ਪਿਛਲੇ 40 ਸਾਲਾਂ ਤੋਂ ਚੱਲ ਰਿਹਾ ਹੈ। ਬਹੁਤ ਸਾਰੇ ਅਭਾਗੇ ਮਾਂ-ਬਾਪ ਨੂੰ ਤਾਂ ਲਾਸ਼ਾਂ ਵੀ ਨਹੀਂ ਮਿਲੀਆਂ, ਟੁਕੜੇ ਟੁਕੜੇ ਕਰਕੇ ਨਹਿਰਾਂ ਦਰਿਆਵਾਂ ਵਿੱਚ ਸੁੱਟ ਦਿੱਤਾ ਗਿਆ। ਅੱਜ ਵੀਰ ਪਰਮਿੰਦਰ ਸਿੰਘ ਉਸੇ ਲੜੀ ਦਾ ਸ਼ਹੀਦ ਹੈ। ਇਹ ਸਾਡੀ ਸੈਕਿੰਡ ਜੈਨੋਸਾਈਡ ਹੈ।ਪਹਿਲਾ ਜੈਨੋਸਾਈਡ 1984 ਤੋਂ ਬਾਅਦ ਹਥਿਆਰਾਂ ਨਾਲ ਹੋਇਆ, ਦੂਸਰਾ ਹੁਣ ਨਸ਼ਿਆਂ ਰਾਹੀਂ। ਜਦੋਂ ਹਥਿਆਰਾਂ ਨਾਲ ਮਾਰਨ ਨਾਲ ਬਗਾਵਤ ਦਾ ਡਰ ਹੋਇਆ ਤਾਂ ਨਸ਼ਿਆਂ ਦਾ ਰਾਹ ਅਪਣਾ ਲਿਆ। ਦੁਨੀਆਂ ਵਿੱਚ ਕਿਤੇ ਵੀ ਨਸ਼ਾ ਸਰਕਾਰਾਂ ਤੇ ਇੰਟੈਲੀਜੈਂਸ ਏਜੰਸੀਆਂ ਦੀ ਸ਼ਮੂਲੀਅਤ ਤੋਂ ਬਿਨਾਂ ਨਹੀਂ ਵਿਕਦਾ। ਇਹ 1960-70 ਵਿੱਚ ਅਮਰੀਕਾ ਵਿੱਚ ਅਫਰੀਕਨ ਲੋਕਾਂ ਦੀ ਬਗਾਵਤ ਦਬਾਉਣ ਲਈ ਵਰਤਿਆ ਗਿਆ ਸੀ। ਮਾਨਸਾ ਮੋਰਚੇ ਵਿੱਚ ਇੱਕ ਪੀਐਚਡੀ ਦੀ ਬੱਚੀ ਨੇ ਦੱਸਿਆ ਕਿ ਉਸਦੇ ਪਿੰਡ ਵਿੱਚ 25 ਸਾਲ ਤੋਂ ਘੱਟ ਉਮਰ ਦੇ 25 ਨੌਜਵਾਨ ਮਰ ਗਏ, ਜਦਕਿ ਖਾੜਕੂ ਲਹਿਰ ਵਿੱਚ ਵੀ ਇੱਕ

ਆਵਾਜ਼ਿ ਕੌਮ AWAZE QAUM
International Newspaper & WEB TV



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਫੀਨਿਕਸ ਪਾਰਕ ਵਿਖੇ ਸ਼ਹੀਦ ਪਰਮਿੰਦਰ ਸਿੰਘ ਝੋਟਾ ਨੂੰ ਭਾਵਭਿੰਨੀ ਸ਼ਰਧਾਂਜਲੀ**

# ਨਸ਼ਾ ਮੁਕਤ ਪੰਜਾਬ ਲਈ ਲੋਕ ਲਹਿਰ ਦਾ ਐਲਾਨ

## ਤੁਸੀਂ ਇੰਗਲੈਂਡ ਦੀ ਧਰਤੀ ਤੇ ਪੰਜਾਬ ਨਾਲੋਂ ਵੀ ਵੱਡਾ ਇਕੱਠ ਕੀਤਾ, ਵਾਹਿਗੁਰੂ ਤੁਹਾਨੂੰ ਚੜ੍ਹਦੀ ਕਲਾ ਵਿੱਚ ਰੱਖੇ : ਬਾਪੂ ਭੀਮ ਸਿੰਘ ਜੀ (ਸ਼ਹੀਦ ਦੇ ਪਿਤਾ)
















ਪਿੰਡ ਤੋਂ 70 ਨਹੀਂ ਮਰੇ ਸਨ। ਇੱਕੋ ਪਿੰਡ ਮੁਕਤਸਰ ਵਿੱਚੋਂ 25 ਨੌਜਵਾਨ ਨਸ਼ੇ ਨਾਲ ਮਰ ਗਏ। ਇਹ ਹੋਂਦ ਦੀ ਲੜਾਈ ਹੈ, ਵੋਟਾਂ ਦੀ ਨਹੀਂ। ਸਾਨੂੰ ਧੜੇਬਾਜ਼ੀਆਂ ਤੋਂ ਉੱਪਰ ਉੱਠ ਕੇ ਗੁਰੂ ਗੋਬਿੰਦ ਸਿੰਘ ਦੇ ਪੁੱਤਰਾਂ ਵਜੋਂ ਸੋਚਣਾ ਪਵੇਗਾ।"

ਭਾਈ ਸਰਬਜੀਤ ਸਿੰਘ ਜੀ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ (ਯੂਕੇ) ਨੇ ਕਿਹਾ: "ਮੈਂ ਝੋਟਾ ਲਫਜ਼ ਵਰਤਣਾ ਨਹੀਂ ਚਾਹੁੰਦਾ, ਸਿੰਘ ਲਫਜ਼ ਬੱਬਰ ਸ਼ੇਰ ਦਾ ਗੁਰੂ ਸਾਹਿਬ ਨੇ ਦਿੱਤਾ, ਮੈਂ ਖਾਲਸਾਈ ਸੰਬੋਧਨ ਕਰਦਾ ਹਾਂ। ਬਹੁਤ ਅਫਸੋਸ ਕਿ ਛੋਟੇ ਬੱਚੇ ਜਵਾਨੀ ਬਚਾਉਣ ਲਈ ਕੁਰਬਾਨ ਹੋ ਗਏ। ਇਹ ਪਹਿਲੀ ਘਟਨਾ ਨਹੀਂ, ਪਹਿਲਾਂ ਵੀ ਹੱਥ ਵੱਢੇ ਗਏ, 7 ਸਾਲ ਪਹਿਲਾਂ ਇੰਸਪੈਕਟਰ ਨੇਹਾ ਸੋਰੀ ਨੂੰ ਡਰੱਗ ਸਮਗਲਰ ਨੇ ਮਾਰਿਆ। ਅੰਤਰਰਾਸ਼ਟਰੀ ਪੱਧਰ ਤੇ ਡਰੱਗ ਡੀਲਰਾਂ ਲਈ ਆਮ ਲੋਕ ਮੰਡੀ ਹਨ। ਭਾਰਤ ਵਿੱਚ ਲੋਕ ਸਭਾ ਤੋਂ ਪੰਚਾਇਤ ਤੱਕ ਚੋਣਾਂ ਵਿੱਚ ਮਹੀਨਾ-ਮਹੀਨਾ ਮੁਫਤ ਨਸ਼ਾ ਵੰਡਿਆ ਜਾਂਦਾ ਹੈ, ਜਿਸਨੇ ਕਦੇ ਨਹੀਂ ਕੀਤਾ ਉਹ ਵੀ ਆਦੀ ਹੋ ਜਾਂਦਾ ਹੈ। ਸਮਗਲਰ ਲੀਡਰਾਂ ਨੂੰ ਫੰਡ ਦਿੰਦੇ ਹਨ ਤੇ ਲੀਡਰ ਜਿੱਤ ਕੇ ਉਹਨਾਂ ਦੇ ਹੱਕ ਵਿੱਚ ਫੈਸਲੇ ਕਰਦੇ ਹਨ। ਅਸੀਂ ਸ਼ਰਾਬ ਅਫੀਮ ਨੂੰ ਨਸ਼ਾ ਮੰਨਦੇ ਹੀ ਨਹੀਂ, ਸਰਕਾਰਾਂ ਨੂੰ ਸ਼ਰਾਬ ਤੋਂ ਕਮਾਈ ਹੁੰਦੀ ਹੈ। ਪੁਲਿਸ ਭਰਤੀ ਤੇ ਕਮਾਈ ਵਾਲੇ ਥਾਣਿਆਂ ਦੀ ਬਦਲੀ ਲਈ ਰਿਸ਼ਵਤ ਚੱਲਦੀ ਹੈ, ਸਮਗਲਰਾਂ ਤੋਂ ਮਹੀਨਾ ਲੈ ਕੇ ਪੂਰੀ ਕੀਤੀ ਜਾਂਦੀ ਹੈ। ਸ਼੍ਰੋਮਣੀ ਕਮੇਟੀ ਤੇ ਇੰਗਲੈਂਡ ਦੇ ਗੁਰਦੁਆਰਿਆਂ ਦੀਆਂ ਚੋਣਾਂ ਵਿੱਚ ਵੀ ਨਸ਼ਾ ਵਰਤਾਇਆ ਜਾਂਦਾ ਹੈ, ਜਿੱਤ ਕੇ ਪੱਬਾਂ ਕਲੱਬਾਂ ਵਿੱਚ ਪਾਰਟੀਆਂ ਹੁੰਦੀਆਂ ਹਨ। ਆਓ ਅੱਜ ਪ੍ਰਣ ਕਰੀਏ ਕਿ ਅਸੀਂ ਨਸ਼ਾ ਤਿਆਗਾਂਗੇ।"

ਨੌਜਵਾਨ ਕਵਲਜੀਤ ਸਿੰਘ ਨੇ ਕਿਹਾ: "ਜੇ ਕੋਈ ਕਲਾਕਾਰ ਆਵੇ ਤਾਂ ਪੈਰ ਰੱਖਣ ਨੂੰ ਜਗ੍ਹਾ ਨਹੀਂ ਮਿਲਦੀ ਤੇ ਕੌਮ ਲਈ ਸ਼ਹੀਦ ਲਈ ਗਿਣਤੀ ਘੱਟ ਹੈ। ਮੈਂ ਰੋਜ਼ ਇੰਸਟਾਗਰਾਮ ਤੇ ਰੀਲਾਂ ਦੇਖਦਾ, ਪੰਜਾਬ ਵਿੱਚ ਰੋਜ਼ ਕਤਲ ਵੱਧ ਰਹੇ ਹਨ, ਕੋਈ ਸੇਫ ਨਹੀਂ। ਛੋਟੇ ਜਵਾਕਾਂ ਦੇ ਸਿਰ ਤੋਂ ਪਿਓ ਦਾ ਸਾਇਆ ਉੱਠ ਜਾਣਾ ਦੇਖ ਕੇ ਦਿਲ ਭਰ ਆਉਂਦਾ ਹੈ।"

ਭਾਈ ਸਰਬਜੀਤ ਸਿੰਘ ਵਿਲਨਹਾਲ ਤੋਂ ਨੇ ਕਿਹਾ: "ਸੂਰਾ ਸੋ ਪਹਿਚਾਨੀਐ...ਦਾ ਹਵਾਲਾ ਦਿੰਦਿਆਂ ਕਹਿਣਾ ਪੈ ਰਿਹਾ ਹੈ ਕਿ ਸਰਕਾਰਾਂ ਸਾਡੀ ਸੋਚ ਤੇ ਕਾਬਜ਼ ਹੋਣਾ ਚਾਹੁੰਦੀਆਂ ਹਨ। ਜਿਵੇਂ ਦੀਪ ਸਿੰਘ ਸਿੱਧੂ ਤੇ ਮੂਸੇਵਾਲੇ ਦੀ ਸੋਚ ਬਦਲ ਗਈ ਸੀ ਕੌਮ ਪ੍ਰਤੀ, ਉਵੇਂ ਹੀ ਪਰਮਿੰਦਰ ਸਿੰਘ ਦੀ ਆਵਾਜ਼ ਦਬਾਉਣ ਲਈ ਉਸਨੂੰ ਸ਼ਹੀਦ ਕਰ ਦਿੱਤਾ। ਉਹ ਲਾਈਵ ਕਹਿ ਰਿਹਾ ਸੀ - ਤੂੰ ਮੇਰੇ ਤੇ ਗੋਲੀ ਚਲਾ ਦੇ, ਮੈਂ ਤੈਨੂੰ ਕੁਝ ਨਹੀਂ ਕਹਾਂਗਾ। ਐਡਾ ਦਲੇਰ ਬੰਦਾ ਜਿਸਨੇ ਧੀਆਂ ਪੁੱਤਰਾਂ ਨੂੰ ਬਚਾਉਣ ਲਈ ਕਿੰਨੀ ਵਾਰੀ ਪਰਚੇ ਕਰਵਾਏ, ਥਾਣਿਆਂ ਵਿੱਚ ਮਾਰ ਖਾਧੀ, ਜੇਲਾਂ ਗਿਆ, ਪਰ ਮਕਸਦ ਤੋਂ ਪਿੱਛੇ ਨਹੀਂ ਹਟਿਆ। ਉਸਦੇ ਪਿਤਾ ਭੀਮ ਸਿੰਘ ਸਾਬਕਾ ਫੌਜੀ ਹਨ, ਇੱਕ ਪਾਸੇ ਪੁੱਤ ਦੀ ਲਾਸ਼ ਹਸਪਤਾਲ ਵਿੱਚ, ਦੂਜੇ ਪਾਸੇ ਕੌਮ ਨਾਲ ਖੜ੍ਹੇ ਨੇ, ਕਹਿੰਦੇ ਨੇ ਭਾਵੇਂ 6 ਮਹੀਨੇ ਸਸਕਾਰ ਨਾ ਹੋਵੇ, ਜਿੰਨਾ ਚਿਰ ਜੜ੍ਹਾਂ ਨਹੀਂ ਪੁੱਟੀਆਂ ਜਾਂਦੀਆਂ ਅਸੀਂ ਸਸਕਾਰ ਨਹੀਂ ਕਰਾਂਗੇ।"

ਭਾਈ ਪਰਮਜੀਤ ਸਿੰਘ ਢਾਡੀ ਨੇ ਕਿਹਾ: "ਸਾਡਾ ਵਿਚਾਰ ਸੀ ਪ੍ਰੋਗਰਾਮ ਗੁਰਦੁਆਰੇ ਵਿੱਚ ਕਰੀਏ, ਪਰ ਸੋਚ ਕੇ ਪਾਰਕ ਵਿੱਚ ਰੱਖਿਆ ਕਿਉਂਕਿ ਪਰਮਿੰਦਰ ਸਿੰਘ ਦੀ ਸੋਚ ਸਿਰਫ ਸਿੱਖੀ ਵਾਸਤੇ ਨਹੀਂ, ਮਨੁੱਖਤਾ ਵਾਸਤੇ ਸੀ। ਉੱਥੇ ਹਿੰਦੂ, ਸਿੱਖ, ਗਰੀਬ, ਮੁਸਲਮਾਨ, ਇਸਾਈ ਸਭ ਦੇ ਬੱਚੇ ਨਸ਼ਾ ਕਰਦੇ ਹਨ। ਏਕ ਪਿਤਾ ਏਕਸ ਕੇ ਹਮ ਬਾਰਿਕ - ਸਾਡਾ ਪਿਤਾ ਗੁਰੂ ਗੋਬਿੰਦ ਸਿੰਘ ਹੈ।"

ਭਾਈ ਕਪਤਾਨ ਸਿੰਘ ਜੀ ਨੇ ਕਿਹਾ: "ਬਹੁਤ ਘੱਟ ਲੋਕ ਹੁੰਦੇ ਨੇ ਜਿਹੜੇ ਕਿਸੇ ਵਾਸਤੇ ਕੁਰਬਾਨੀ ਕਰਦੇ ਨੇ। ਜਿਹੜਾ ਆਪਣੇ ਲਈ ਮਰਦਾ ਹੈ ਉਹ ਸ਼ਹੀਦ ਨਹੀਂ, ਜਿਹੜਾ ਸਮਾਜ ਦੇ ਭਲੇ ਲਈ ਮਰਦਾ ਹੈ ਉਹ ਸ਼ਹੀਦ ਹੁੰਦਾ ਹੈ। ਤੁਸੀਂ ਜਿੰਨੀ ਵੀ ਗਿਣਤੀ ਵਿੱਚ ਪਹੁੰਚੇ ਜਗ ਦੀਆਂ ਜਮੀਰਾਂ ਦੀ ਮਿਸਾਲ ਹੈ। ਨਸ਼ਾ 1997 ਤੋਂ ਅਕਾਲੀ-ਭਾਜਪਾ ਸਰਕਾਰ ਤੋਂ ਪੈਰ ਪਸਾਰਿਆ, ਅੱਜ ਹਾਲਾਤ ਇਹ ਹਨ ਕਿ ਰਿਸ਼ਤਾ ਕਰਨ ਵੇਲੇ ਜ਼ਮੀਨ ਨਹੀਂ, ਪੁੱਛਿਆ ਜਾਂਦਾ ਹੈ ਮੁੰਡਾ ਨਸ਼ੇ ਕਿੰਨੇ ਕਰਦਾ ਹੈ। ਬੱਦੀ ਦੀਆਂ ਫੈਕਟਰੀਆਂ ਦੀਆਂ ਕੈਮੀਕਲ ਗੋਲੀਆਂ ਲੋਕਾਂ ਨੂੰ ਮਾਰ ਰਹੀਆਂ ਹਨ। ਸਾਰੇ ਮੈਡੀਕਲ ਸਟੋਰਾਂ ਤੇ ਨਸ਼ਾ ਸੌਦੇ ਵਾਂਗ ਵਿਕਦਾ ਹੈ। ਪਰਮਿੰਦਰ ਸਿੰਘ ਆਪਣੇ ਬੱਚੇ ਯਤੀਮ ਕਰ ਗਿਆ ਦੂਜਿਆਂ ਦੇ ਬੱਚੇ ਬਚਾਉਣ ਵਾਸਤੇ। ਸਾਨੂੰ ਘੱਲੂਘਾਰਿਆਂ ਵਿੱਚ ਮਾਰਿਆ, ਅਸੀਂ ਖਤਮ ਨਹੀਂ ਹੋਏ, ਹੁਣ ਨਸ਼ਿਆਂ ਦੀ ਵਾਰ ਚਲਾ ਦਿੱਤੀ ਗਈ ਹੈ। ਸਾਨੂੰ ਲੋਕ ਲਹਿਰ ਬਣਾਉਣੀ ਪਵੇਗੀ। ਅਸੀਂ ਆਉਣ ਵਾਲੇ ਸਮੇਂ ਵਿੱਚ ਸਾਂਝਾ ਫਰੰਟ ਬਣਾਵਾਂਗੇ।"

ਬਾਪੂ ਭੀਮ ਸਿੰਘ ਜੀ (ਸ਼ਹੀਦ ਦੇ ਪਿਤਾ) ਪੰਜਾਬ ਤੋਂ ਫੋਨ ਤੇ ਜੁੜੇ ਅਤੇ ਕਿਹਾ: "ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ। ਅਸੀਂ ਠੀਕ ਠਾਕ ਹਾਂ, ਤੁਹਾਡਾ ਬਹੁਤ ਬਹੁਤ ਧੰਨਵਾਦ। ਤੁਸੀਂ ਇੰਗਲੈਂਡ ਦੀ ਧਰਤੀ ਤੇ ਪੰਜਾਬ ਨਾਲੋਂ ਵੀ ਵੱਡਾ ਇਕੱਠ ਕੀਤਾ, ਵਾਹਿਗੁਰੂ ਤੁਹਾਨੂੰ ਚੜ੍ਹਦੀ ਕਲਾ ਵਿੱਚ ਰੱਖੇ।"

ਹਾਜ਼ਰ ਸ਼ਖਸ਼ੀਅਤਾਂ: ਅੰਮ੍ਰਿਤਪਾਲ ਸਿੰਘ ਤੂਰ, ਡਾ. ਸਾਧੂ ਸਿੰਘ, ਅਵਤਾਰ ਸਿੰਘ ਪੱਤਰਕਾਰ, ਸੁਖਮੰਦਰ ਸਿੰਘ ਬਰਾੜ, ਜਗਜੀਤ ਸਿੰਘ ਮਾਨ, ਸਰਬਜੀਤ ਸਿੰਘ ਵਿਲਨਹਾਲ, ਕਵਲਜੀਤ ਸਿੰਘ, ਪਰਮਜੀਤ ਸਿੰਘ ਢਾਡੀ, ਕਪਤਾਨ ਸਿੰਘ, ਭਾਈ ਰਣਵੀਰ ਸਿੰਘ, ਜੱਸਾ ਸਿੰਘ ਮਾਨਸਾ, ਬਾਪੂ ਭੀਮਾ ਸਿੰਘ, ਸਰਬਜੀਤ ਸਿੰਘ SADM (UK), ਅਮਨਦੀਪ ਸਿੰਘ ਅਕਾਲ ਚੈਨਲ, ਭਾਈ ਗੁਰਵਿੰਦਰ ਸਿੰਘ ਬਾਜਵਾ (ਕੋਵੈਂਟਰੀ), ਜਸਬੀਰ ਸਿੰਘ (ਡਰਬੀ), ਗੁਰਦੁਆਰਾ ਗੁਰੂ ਹਰਰਾਏ ਸਾਹਿਬ ਵੈਸਟ ਬਰੋਮਿਚ, ਗੁਰਦੁਆਰਾ ਗੁਰੂ ਨਾਨਕ ਵਿਲਨਹਾਲ, ਬਾਬਾ ਬਲਦੇਵ ਸਿੰਘ, ਪ੍ਰਦੀਪ ਸਿੰਘ ਅਤੇ ਸੈਂਕੜੇ ਨੌਜਵਾਨ ਵੀਰ ਭੈਣਾਂ। ਅੰਤ ਵਿੱਚ ਸਾਰਿਆਂ ਨੇ ਸ਼ਹੀਦ ਦੀ ਤਸਵੀਰ ਅੱਗੇ ਸਾਂਝੀ ਫੋਟੋ ਖਿਚਵਾ ਕੇ ਸ਼ਾਂਤਮਈ ਸੰਘਰਸ਼ ਜਾਰੀ ਰੱਖਣ ਅਤੇ ਮਾਨਸਾ ਮੋਰਚੇ ਦਾ ਸਮਰਥਨ ਕਰਨ ਦਾ ਪ੍ਰਣ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**20 ਅਕਤੂਬਰ ਨੂੰ ਬਰਸੀ 'ਤੇ ਵਿਸ਼ੇਸ਼**

# 18ਵੀਂ ਸਦੀ ਦਾ ਸਿਦਕੀ ਸਿੱਖ ਯੋਧਾ, ਬੁੱਢਾ ਦਲ ਦਾ ਮੁਖੀ ਸੁਲਤਾਨਉੱਲ ਕੌਮ ਬਾਬਾ ਜੱਸਾ ਸਿੰਘ ਆਹਲੂਵਾਲੀਆ



ਸਰਬੰਸਦਾਨੀ ਪਿਤਾ, ਕਲਗੀਧਰ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਮਹਿਲ ਮਾਤਾ ਸੁੰਦਰ ਕੌਰ ਜੀ ਹੱਥੀਂ ਪ੍ਰਵਾਨ ਚੜ੍ਹੇ, ਬੁੱਢਾ ਦਲ ਦੇ ਮੁਖੀ ਅਤੇ ਦਲ ਖ਼ਾਲਸਾ ਦੇ ਜਰਨੈਲ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੂੰ ਯੁੱਧਵੀਰ ਅਤੇ ਧਰਮਵੀਰ ਵਜੋਂ ਸਿੱਖ ਇਤਿਹਾਸ ਵਿੱਚ ਵੱਡਾ ਮਾਣ ਪ੍ਰਾਪਤ ਹੋਇਆ ਹੈ । ਬਾਬਾ ਜੱਸਾ ਸਿੰਘ ਦੀ ਅਗਵਾਈ ਵਿੱਚ ਬਾਬਾ ਬਘੇਲ ਸਿੰਘ ਨੇ ਜਦੋਂ ਦਿੱਲੀ ਵਿਖੇ ਲਾਲ ਕਿਲ੍ਹਾ ਫ਼ਤਹਿ ਕੀਤਾ, ਤਾਂ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੂੰ ਸਿੱਖ ਕੌਮ ਵੱਲੋਂ ਸੁਲਤਾਨਉੱਲ ਕੌਮ ਵਜੋਂ ਨਿਵਾਜਿਆ ਗਿਆ । ਦਸਮ ਪਾਤਸ਼ਾਹ ਜੀ ਦੇ ਜੋਤੀ-ਜੋਤਿ ਸਮਾਉਣ ਤੋਂ ਤਕਰੀਬਨ ਦੱਸ ਸਾਲ ਬਾਅਦ ਇਸ ਜਰਨੈਲ ਦਾ ਜਨਮ ਲਾਹੌਰ ਦੇ ਨੇੜੇ ਪਿੰਡ ਆਹਲੂ ਵਿਖੇ ਸ। ਬਦਰ ਸਿੰਘ ਦੇ ਗ੍ਰਿਹਿ ਵਿਖੇ 1718 ਈ: ਵਿੱਚ ਹੋਇਆ । ਬਾਬਾ ਜੱਸਾ ਸਿੰਘ ਅਜੇ ਪੰਜ ਸਾਲ ਦੇ ਹੀ ਸਨ ਕਿ ਪਿਤਾ ਜੀ ਅਕਾਲ ਚਲਾਣਾ ਕਰ ਗਏ । ਇਨ੍ਹਾਂ ਦੀ ਸਿੱਖ ਧਰਮ ਅਤੇ ਗੁਰੂ ਘਰ ਨਾਲ ਸ਼ਰਧਾ ਰੱਖਣ ਵਾਲੀ ਧਰਮੀ ਮਾਂ ਨੂੰ ਆਪਣੇ ਸਕੇ ਭਾਈ ਸ। ਭਾਗ ਸਿੰਘ ਦੀ ਸਹਾਇਤਾ ਨਾਲ ਆਪਣੇ ਬੱਚੇ ਸ। ਜੱਸਾ ਸਿੰਘ ਨੂੰ ਬਚਪਨ ਵਿੱਚ ਹੀ ਦਿੱਲੀ ਵਿਖੇ ਮਾਤਾ ਸੁੰਦਰ ਕੌਰ ਦੀ ਸੇਵਾ ਵਿੱਚ ਭੇਜ ਦਿੱਤਾ । ਸਿੱਖ ਇਤਿਹਾਸ ਦੇ ਪੰਨੇ ਇਸ ਗੱਲ ਦੀ ਗਵਾਹੀ ਭਰਦੇ ਹਨ ਕਿ ਬਾਬਾ ਜੱਸਾ ਸਿੰਘ ਦੀ ਸਾਂਭ ਸੰਭਾਲ ਅਤੇ ਪਾਲਣ-ਪੋਸ਼ਣ ਮਾਤਾ ਸੁੰਦਰ ਕੌਰ ਜੀ ਨੇ ਆਪਣੇ ਪੁੱਤਰਾਂ ਵਾਂਗ ਹੀ ਕੀਤਾ । ਉਸ ਸਮੇਂ ਦੀ ਦੁਨਿਆਵੀ ਵਿੱਦਿਆ ਅਰਬੀ-ਫਾਰਸੀ ਅਤੇ ਸ਼ਸਤਰ ਚਲਾਉਣ ਦੀ ਮੁਹਾਰਤ ਸ। ਜੱਸਾ ਸਿੰਘ ਨੇ ਮਾਤਾ ਜੀ ਦੀ ਅਗਵਾਈ ਵਿੱਚ ਪ੍ਰਾਪਤ ਕੀਤੀ । ਇਨ੍ਹਾਂ ਨੇ ਤਕਰੀਬਨ ਸੱਤ ਸਾਲ ਦਾ ਸਮਾਂ ਦਿੱਲੀ ਵਿੱਚ ਹੀ ਬਿਤਾਇਆ । ਇਸ ਦੌਰਾਨ ਬਾਬਾ ਜੱਸਾ ਸਿੰਘ ਨੇ ਉਸ ਸਮੇਂ ਦੇ ਮੁਖੀ ਸਿੱਖਾਂ ਵਿੱਚ ਚੰਗੀ ਜਾਣ-ਪਛਾਣ ਬਣਾਈ । ਜਦੋਂ ਮਾਤਾ ਜੀ ਤੋਂ ਵਿਦਾਇਗੀ ਪ੍ਰਾਪਤ ਕੀਤੀ, ਉਸ ਵਕਤ ਮਾਤਾ ਜੀ ਨੇ ਬਾਬਾ ਜੱਸਾ ਸਿੰਘ ਦੇ ਕਰਮ ਯੋਗੀ ਤੇ ਧਰਮੀ ਜੀਵਨ ਭਾਂਪਦਿਆਂ ਭਵਿੱਖ ਵਿੱਚ ਸਿੱਖ ਜਗਤ ਦੀ ਯੋਗ ਅਗਵਾਈ ਕਰਨ ਲਈ ਇਸ ਸਿਦਕੀ ਸਿੱਖ ਯੋਧੇ ਨੂੰ ਇਕ ਕ੍ਰਿਪਾਨ, ਇਕ ਗੁਰਜ, ਇਕ ਢਾਲ, ਇਕ ਕਮਾਨ, ਇਕ ਤੀਰਾਂ ਦਾ ਭੱਥਾ, ਇਕ ਖਿਲਅਤ ਅਤੇ ਇਕ ਚਾਂਦੀ ਦੀ ਚੌਬ ਬਖ਼ਿਸ਼ਸ਼ ਵਜੋਂ ਦੇ ਕੇ ਨਿਵਾਜਿਆ ਗਿਆ । ਜਦੋਂ ਬਾਬਾ ਜੱਸਾ ਸਿੰਘ ਪੰਜਾਬ ਪੁੱਜੇ, ਆਉਂਦਿਆਂ ਹੀ ਸੇਵਾ ਸਿਮਰਨ ਦੇ ਮੁਜੱਸਮੇ ਮਹਾਨ ਜਰਨੈਲ ਨਵਾਬ ਕਪੂਰ ਸਿੰਘ ਦੇ ਜਥੇ ਵਿੱਚ ਸ਼ਾਮਿਲ ਹੋ ਗਏ ।

ਆਪਣੀ ਦਲੇਰੀ, ਸੁਭਾਅ ਅਤੇ ਤੀਖਣ ਬੁੱਧੀ ਵਰਗੇ ਗੁਣਾਂ ਸਦਕਾ ਨਵਾਬ ਕਪੂਰ ਸਿੰਘ ਵਰਗੇ ਜਰਨੈਲ ਦੀ ਨੇੜਤਾ ਹਾਸਲ ਕਰ ਲਈ । ਨਵਾਬ ਕਪੂਰ ਸਿੰਘ ਨੇ ਵੀ ਇਨ੍ਹਾਂ ਨੂੰ ਪੁੱਤਰਾਂ ਵਾਂਗ ਪਾਲਿਆ । 1748 ਈ: ਵਿੱਚ ਨਵਾਬ ਕਪੂਰ ਸਿੰਘ ਦੀ ਬਹਾਦਰ ਸਿੱਖ ਸੈਨਾ ਦੇ ਬਹਾਦਰ ਸੂਰਬੀਰਾਂ ਨੇ ਬਾਬਾ ਜੱਸਾ ਸਿੰਘ ਨਾਲ ਮਿਲ ਕੇ ਅਹਿਮਦ ਸ਼ਾਹ ਅਬਦਾਲੀ ਦੇ ਵੱਡੇ ਲਸ਼ਕਰ ਨੂੰ ਨੂਰ ਦੀਨ ਦੀ ਸਰਾਂ ਅਤੇ ਵੈਰੋਵਾਲ ਨੇੜੇ ਘੇਰ ਕੇ ਗੁਰੀਲੇ ਢੰਗ ਦੇ ਹਮਲੇ ਕਰਕੇ ਭਾਜੜਾਂ ਪਾ ਦਿੱਤੀਆਂ । ਅੰਮ੍ਰਿਤਸਰ ਦੇ ਮੁਗਲ ਹਾਕਮ ਸਲਾਬਤ ਖ਼ਾਨ ਨੂੰ ਹਰਾ ਕੇ ਵੱਖ-ਵੱਖ ਜਥਿਆਂ ਵਿੱਚ ਵੰਡੇ ਸਿੱਖਾਂ ਦੀ ਨਜ਼ਰ ਵਿੱਚ ਇਕ ਸੁਲਝੇ ਹੋਏ ਸਿੱਖ ਜਰਨੈਲ ਵਜੋਂ ਸਤਿਕਾਰ ਪ੍ਰਾਪਤ ਕੀਤਾ । ਇਸ ਸਾਲ ਨਵਾਬ ਕਪੂਰ ਸਿੰਘ ਨਾਲ ਮਿਲ ਕੇ ਵਿਸਾਖੀ ਦੇ ਪਾਵਨ ਅਵਸਰ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਸਰਬੱਤ ਖ਼ਾਲਸੇ ਦੇ ਜੁੜੇ ਇਕੱਠ ਵਿੱਚ ਸਿੱਖਾਂ ਦੇ 65 ਜਥਿਆਂ ਨੂੰ ਇਕੱਠੇ ਕਰਕੇ 11 ਮਿਸਲਾਂ (12ਵੀਂ ਮਿਸਲ ਫੂਲਕੀਆ ਤੋਂ ਬਿਨਾਂ) ਵਿੱਚ ਵੰਡ ਕੇ ਦਲ ਖ਼ਾਲਸਾ ਦੀ ਸਥਾਪਨਾ ਕੀਤੀ । ਦਲ ਖ਼ਾਲਸਾ ਦੇ ਪਹਿਲੇ ਜਰਨੈਲ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੂੰ ਥਾਪਿਆ ਗਿਆ । ਇਸ ਤੋਂ ਇਲਾਵਾ ਆਪ ਆਹਲੂਵਾਲੀਆ ਮਿਸਲ ਦੇ ਸੰਸਥਾਪਕ ਵੀ ਸਨ । 7 ਅਕਤੂਬਰ 1753 ਈ: ਨੂੰ ਨਵਾਬ ਕਪੂਰ ਸਿੰਘ ਦੇ ਅਕਾਲ ਚਲਾਣੇ ਤੋਂ ਪਿੱਛੋਂ ਬਾਬਾ ਜੱਸਾ ਸਿੰਘ ਸਿੱਖ ਕੌਮ ਦੀ ਸੈਨਿਕ ਸ਼ਕਤੀ ਅਤੇ ਦਲ-ਪੰਥ ਬੁੱਢਾ ਦਲ ਦੇ ਮੁਖੀ ਵਜੋਂ ਸ਼੍ਰੋਮਣੀ ਜਰਨੈਲ ਬਣੇ । ਇਸ ਤੋਂ ਇਕ ਮਹੀਨੇ ਬਾਅਦ ਲਾਹੌਰ ਦੇ ਸੂਬੇਦਾਰ ਮੀਰ ਮੰਨੂ ਦੀ ਮੌਤ ਤੋਂ ਪਿੱਛੋਂ ਇਨ੍ਹਾਂ ਮੱਧ ਪੰਜਾਬ ਵਿੱਚ ਆਪਣਾ ਦਬਦਬਾ ਕਾਇਮ ਕਰ ਲਿਆ । ਪਰਜਾ ਤੋਂ ਟੈਕਸ ਵਸੂਲੀ ਸ਼ੁਰੂ ਕਰ ਦਿੱਤੀ, ਇਸ ਲਗਾਨ ਵਿੱਚ ਪਰਜਾ ਦੀ ਰੱਖਿਆ ਲਈ ਟੈਕਸ ਅਤੇ ਨਜ਼ਰਾਨਾ ਸ਼ਾਮਿਲ ਸਨ ।

ਬਾਬਾ ਜੱਸਾ ਸਿੰਘ ਆਹਲੂਵਾਲੀਆ ਦੇ ਇਨ੍ਹਾਂ ਯਤਨਾਂ ਨਾਲ ਸਿੱਖ ਕੌਮ ਦੀ ਆਰਥਿਕ ਦਸ਼ਾ ਵਿੱਚ ਸੁਧਾਰ ਹੋਇਆ । 1757 ਈ: ਵਿੱਚ ਅਹਿਮਦ ਸ਼ਾਹ ਦੁਰਾਨੀ ਵੱਲੋਂ ਲਾਹੌਰ ਦੇ ਸੂਬੇਦਾਰ ਤੈਮੂਰ ਦੀ ਫੌਜ ਉੱਤੇ ਹਮਲਾ ਕਰਕੇ ਕਰਤਾਰਪੁਰ ਤੋਂ ਲੁੱਟ ਦਾ ਸਮਾਨ ਲੈ ਕੇ ਜਾਂਦੇ ਨੂੰ ਘੇਰ ਕੇ ਸਾਰਾ ਕੀਮਤੀ ਸਮਾਨ ਧਨ-ਦੌਲਤ ਖੋਹ ਲਿਆ, ਹੁਣ ਜਦੋਂ ਦੁਰਾਨੀ ਮੁੜ ਹਿੰਦੁਸਤਾਨ 'ਤੇ ਪੰਜਵਾਂ ਹਮਲਾ ਕਰਕੇ 1761 ਈ: ਵਿੱਚ ਮਰਹੱਟਿਆਂ ਨੂੰ ਹਰਾ ਕੇ ਵਾਪਸ ਅੰਮ੍ਰਿਤਸਰ ਦੇ ਕੋਲੋਂ ਲੰਘ ਰਿਹਾ ਸੀ ਤਾਂ ਦੁਰਾਨੀਆਂ ਦੀ ਫੌਜ ਉੱਪਰ ਬਾਬਾ ਜੱਸਾ ਸਿੰਘ ਨੇ ਭਾਰੀ ਸਿੱਖ ਲਸ਼ਕਰ ਨਾਲ ਹਮਲਾ ਕਰਕੇ 2200 ਜਵਾਨ ਲੜਕੀਆਂ ਅਤੇ ਔਰਤਾਂ ਜੋ ਉਹ ਹਿੰਦੁਸਤਾਨ ਤੋਂ ਲਿਜਾ ਰਿਹਾ ਸੀ, ਨੂੰ ਛੁਡਵਾ ਕੇ ਘਰੋ-ਘਰ ਪਹੁੰਚਾਇਆ । 1761 ਈ: ਵਿੱਚ ਹੀ ਸ਼ੁਕਰਚਕੀਆ, ਕਨ੍ਹਈਆ ਅਤੇ ਭੰਗੀ ਮਿਸਲਾਂ ਦੇ ਸਿੱਖ ਸੂਰਬੀਰਾਂ ਨੂੰ ਲਾਹੌਰ ਦੇ ਅਫ਼ਗਾਨ ਸੂਬੇਦਾਰ ਖਵਾਜ਼ਾ ਉਬੇਦ ਖਾਨ ਨੂੰ ਗੁਜਰਾਂਵਾਲੇ ਨੇੜੇ ਲੱਕ-ਤੋੜਵੀਂ ਹਾਰ ਦੇ ਕੇ ਲਾਹੌਰ ਤੱਕ ਉਸ ਦਾ ਪਿੱਛਾ ਕੀਤਾ ਅਤੇ ਕਿਲ੍ਹੇ ਉੱਤੇ ਕਬਜ਼ਾ ਕਰ ਲਿਆ । ਇਸ ਤੋਂ ਬਾਅਦ ਬਾਬਾ ਜੱਸਾ ਸਿੰਘ ਲਗਾਤਾਰ ਫਤਹਿ ਪ੍ਰਾਪਤ ਕੀਤੀ ।

ਇਸ ਤੋਂ ਪਿੱਛੋਂ ਜਦੋਂ ਦੁਰਾਨੀ ਨੇ 1762 ਈ: ਵਿੱਚ ਜਦੋਂ ਵੱਡੀ ਫੌਜੀ ਤਾਕਤ ਨਾਲ ਹਿੰਦੁਸਤਾਨ 'ਤੇ ਹਮਲਾ ਕੀਤਾ । ਉਸ ਸਮੇਂ ਦਲ ਖ਼ਾਲਸਾ ਦੇ ਸਰਦਾਰ ਆਪਣੀ ਸੈਨਿਕ ਸ਼ਕਤੀ ਅਤੇ ਪਰਿਵਾਰਾਂ ਸਮੇਤ ਮਾਲੇਰਕੋਟਲਾ ਨੇੜੇ ਕੁੱਪ-ਰਹੀੜਾ ਦੇ ਆਸ-ਪਾਸ ਠਹਿਰੇ ਹੋਏ ਸਨ । ਦੁਰਾਨੀ ਨੇ ਵੱਡੀ ਫੌਜੀ ਤਾਕਤ ਨਾਲ ਲਾਹੌਰ ਤੋਂ ਲਗਪਗ 36 ਘੰਟਿਆਂ ਵਿੱਚ ਢਾਈ ਸੌ ਕਿਲੋਮੀਟਰ ਦਾ ਸਫਰ ਤੈਅ ਕਰਕੇ ਸਿੱਖਾਂ ਉੱਤੇ ਹਮਲਾ ਕੀਤਾ । ਆਪਣੇ ਜਰਨੈਲ ਬਾਬਾ ਜੱਸਾ ਸਿੰਘ ਆਹਲੂਵਾਲੀਆ ਦੀ ਅਗਵਾਈ ਵਿੱਚ ਸਿੰਘ ਜਾਨ-ਹੂਲ ਕੇ ਲੜਦੇ-ਲੜਦੇ ਆਪਣੇ ਪਰਿਵਾਰਾਂ ਨੂੰ ਬਰਨਾਲੇ ਵੱਲ ਲੈ ਜਾ ਸਕੇ ਸਨ । ਦੁਰਾਨੀ ਨੇ ਇਸ ਹਮਲੇ ਦੌਰਾਨ 21,000 ਤੋਂ 35,000 ਲਗਪਗ ਸਿੰਘਾਂ, ਔਰਤਾਂ, ਬਜ਼ੁਰਗਾਂ ਅਤੇ ਬੱਚਿਆਂ ਨੂੰ ਸ਼ਹੀਦ ਕੀਤਾ । ਇਸ ਘਟਨਾ ਨੂੰ ਸਿੱਖ ਇਤਿਹਾਸ ਵਿੱਚ ਵੱਡੇ ਘੱਲੂਘਾਰੇ ਵਜੋਂ ਯਾਦ ਕੀਤਾ ਜਾਂਦਾ ਹੈ । ਅੱਜ ਕੱਲ੍ਹ ਇਸ ਅਸਥਾਨ 'ਤੇ ਵੱਡੇ ਘੱਲੂਘਾਰੇ ਦੀ ਯਾਦ ਵਿੱਚ ਯਾਦਗਾਰੀ ਇਮਾਰਤ ਦੀ ਉਸਾਰੀ ਕੀਤੀ ਗਈ ਹੈ । ਇਤਿਹਾਸ ਮੁਤਾਬਿਕ ਇਸ ਘੱਲੂਘਾਰੇ ਦੌਰਾਨ ਬਾਬਾ ਜੱਸਾ ਸਿੰਘ ਦੇ ਸਰੀਰ ਉੱਤੇ 22 ਵੱਡੇ ਫੱਟ ਲੱਗੇ ਸਨ । ਇਸ ਤੋਂ ਪਿੱਛੋਂ ਦੁਰਾਨੀ (ਅਹਿਮਦਸ਼ਾਹ ਅਬਦਾਲੀ) ਨੇ ਵਾਪਸ ਮੁੜਦਿਆਂ ਅੰਮ੍ਰਿਤਸਰ ਸ਼ਹਿਰ ਉੱਤੇ ਹਮਲਾ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਬਾਰੂਦ ਨਾਲ ਉਡਾ ਦਿੱਤਾ । ਬਾਬਾ ਜੱਸਾ ਸਿੰਘ ਨੇ ਸਿਆਣਪ ਅਤੇ ਮੁਖੀ ਸਿੱਖ ਆਗੂ ਵਜੋਂ ਦਲ ਖ਼ਾਲਸਾ ਮੁੜ ਸੁਰਜੀਤ ਕੀਤਾ ਅਤੇ ਵੱਡੇ ਘੱਲੂਘਾਰੇ ਤੋਂ ਦੋ ਸਾਲ ਬਾਅਦ 1764 ਈ: ਵਿੱਚ ਸਰਹੰਦ ਉੱਤੇ ਹਮਲਾ ਕਰਕੇ ਅਫ਼ਗਾਨ ਫੌਜਦਾਰ ਜੈਨ ਖਾਂ ਨੂੰ ਮਾਰ ਕੇ ਸਾਰਾ ਸ਼ਹਿਰ ਨੇਸਤੋ ਨਾਬੂਦ ਕਰ ਦਿੱਤਾ ।

ਹੁਣ ਬਾਬਾ ਜੱਸਾ ਸਿੰਘ ਦੀ ਅਗਵਾਈ ਵਿੱਚ ਦਲ ਖ਼ਾਲਸਾ ਨੇ ਜਮਨਾ ਪਾਰ ਦੇ ਇਲਾਕਿਆਂ ਉੱਤੇ ਸਖ਼ਤ ਹਮਲੇ ਕਰਕੇ ਦਿੱਲੀ ਤੱਕ ਮੁੜ ਸਿੱਖ ਸ਼ਕਤੀ ਦੀ ਧਾਂਕ ਜਮਾਈ । ਜਦੋਂ ਮੁੜ ਦੁਰਾਨੀ 1765 ਈ: ਵਿੱਚ ਹਿੰਦੁਸਤਾਨ 'ਤੇ ਚੜ੍ਹਕੇ ਆਇਆ, ਤਾਂ ਉਹ ਸਿੱਖ ਸ਼ਕਤੀ ਤੋਂ ਘਬਰਾਉਂਦਾ ਸੀ, ਉਸ ਨੇ ਸਿੱਖਾਂ ਨਾਲ ਸਮਝੌਤਾ ਕਰਕੇ ਸ਼ਾਂਤੀ ਕਾਇਮ ਕਰਨ ਦਾ ਯਤਨ ਕੀਤਾ, ਪਰ ਮਹਾਨ ਜਰਨੈਲ ਬਾਬਾ ਜੱਸਾ ਸਿੰਘ ਨੇ ਉਸ ਦੀ ਇਸ ਸਲਾਹ ਨੂੰ ਪੂਰੀ ਤਰ੍ਹਾਂ ਠੁਕਰਾ ਦਿੱਤਾ । ਬਾਬਾ ਜੱਸਾ ਸਿੰਘ ਨੇ ਦੁਆਬੇ ਦਾ ਬਹੁਤ ਸਾਰਾ ਇਲਾਕਾ ਫ਼ਤਹਿ ਕਰਕੇ 1774 ਈ: ਵਿੱਚ ਕਪੂਰਥਲਾ ਨੂੰ ਰਾਜਧਾਨੀ ਬਣਾ ਕੇ ਰਿਆਸਤ ਕਾਇਮ ਕੀਤੀ । 1779 ਈ: ਵਿੱਚ ਦਿੱਲੀ ਦੇ ਸੂਬੇਦਾਰ ਅਬਦੁਲ ਅਹਿਮਦ ਖਾਨ ਨੇ ਪਟਿਆਲੇ ਦੇ ਰਾਜੇ ਸ। ਅਮਰ ਸਿੰਘ ਉਤੇ ਹਮਲਾ ਕੀਤਾ ਤਾਂ ਬਾਬਾ ਜੱਸਾ ਸਿੰਘ ਫੌਜ ਸਮੇਤ ਸ। ਅਮਰ ਸਿੰਘ ਦੀ ਸਹਾਇਤਾ ਲਈ ਆਇਆ । ਮੁਗਲ ਫੌਜਾਂ ਨੂੰ ਪਟਿਆਲੇ ਤੋਂ ਵਾਪਸ ਭੇਜ ਕੇ 7 ਲੱਖ ਹਰਜਾਨੇ ਵਜੋਂ ਪ੍ਰਾਪਤ ਕੀਤੇ । ਬਾਬਾ ਜੱਸਾ ਸਿੰਘ ਨੇ ਪੂਰੇ ਉੱਤਰੀ ਭਾਰਤ ਵਿੱਚ ਇਕ ਬਹਾਦਰ, ਅਣਖੀ ਅਤੇ ਦਲੇਰ ਜਰਨੈਲ ਵਜੋਂ ਮੁਗਲ ਅਤੇ ਅਫ਼ਗਾਨ ਸ਼ਕਤੀ ਨੂੰ ਵੰਗਾਰ ਕੇ ਸਿੱਖਾਂ ਦੀ ਅਜ਼ਾਦ ਹੋਂਦ ਨੂੰ ਕਾਇਮ ਕੀਤਾ । ਦਿੱਲੀ ਦੇ ਲਾਲ ਕਿਲ੍ਹੇ ਉੱਪਰ ਕੇਸਰੀ ਪਰਚੰਮ ਲਹਿਰਾਇਆ । 18ਵੀਂ ਸਦੀ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਤੋਂ ਬਾਅਦ ਜੇ ਕਿਸੇ ਸਿੱਖ ਜਰਨੈਲ ਨੂੰ ਸੁਨਹਿਰੀ ਹਰਫਾਂ ਵਿੱਚ ਯਾਦ ਕੀਤਾ ਜਾਂਦਾ ਹੈ, ਤਾਂ ਇਹ ਮਾਣ ਬਾਬਾ ਜੱਸਾ ਸਿੰਘ ਆਹਲੂਵਾਲੀਆ ਨੂੰ ਮਿਲਦਾ ਹੈ । ਜਦੋਂ ਪੰਜ ਪਿਆਰਿਆਂ ਵਿੱਚ ਅੰਮ੍ਰਿਤ ਛਕਾਉਣ ਲਈ ਬਾਬਾ ਜੱਸਾ ਸਿੰਘ ਸ਼ਾਮਿਲ ਹੁੰਦੇ ਸਨ ਤਾਂ ਵਹੀਰਾਂ ਘੱਤ ਕੇ ਸੰਗਤ ਅੰਮ੍ਰਿਤਪਾਨ ਕਰਦੀ ਸੀ । ਪਟਿਆਲੇ ਦੇ ਰਾਜੇ ਅਮਰ ਸਿੰਘ ਨੇ ਇਨ੍ਹਾਂ ਦੇ ਹੱਥੋਂ ਖੰਡੇ ਦੀ ਪਾਹੁਲ ਲਈ ਸੀ । ਇਹ ਮਹਾਨ ਜਰਨੈਲ 20 ਅਕਤੂਬਰ 1783 ਈ: ਵਿੱਚ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਆਖ ਗਿਆ । ਉਸ ਸਮੇਂ ਦੇ ਮੁਖੀ ਸਿੱਖਾਂ ਨੇ ਇਨ੍ਹਾਂ ਦੀ ਸਮਾਧ ਗੁ: ਬਾਬਾ ਅਟੱਲ ਰਾਇ ਦੇ ਨਜ਼ਦੀਕ ਅੰਮ੍ਰਿਤਸਰ ਵਿਖੇ ਬਣਵਾਈ । ਬਾਬਾ ਜੱਸਾ ਸਿੰਘ ਦੀ ਯਾਦ ਬੁੱਢਾ ਦਲ ਦੇ ਮੌਜੂਦਾ ਮੁਖੀ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਵਿੱਚ ਹਰ ਸਾਲ ਮਨਾਈ ਜਾਂਦੀ ਹੈ । ਇਸ ਮਹਾਨ ਜਰਨੈਲ ਨੂੰ ਸਾਡਾ ਪ੍ਰਣਾਮ ।


-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040




## ਸ ਗੁਰਵੀਰ ਸਿੰਘ ਬਰਾੜ ਸਿੱਖ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਚੁਣੇ ਜਾਣ ਨਾਲ, ਸੁਸਾਇਟੀ ਵਿਦਿਆ ਦੇ ਖੇਤਰ ਵਿਚ ਵਧੇਰੇ ਪ੍ਰਭਾਵਸ਼ਾਲੀ ਭੂਮਿਕਾ ਨਿਭਾਏਗੀ : ਤਰਲੋਚਨ ਸਿੰਘ ਵਾਰੀਆ



ਇੰਜਨੀਅਰ ਸ ਗੁਰਵੀਰ ਸਿੰਘ ਬਰਾੜ ਉੱਘੇ ਸਿੱਖ ਵਿਦਵਾਨ ਜੋ ਇਸ ਵਕਤ' ਸਿੱਖ ਹਿਊਮਨ ਡਿਵੈਲਪਮੈਂਟ ਫਾਉਂਡੇਸ਼ਨ ਦੇ ਕਾਰਜਕਾਰੀ ਡਾਇਰੈਕਟਰ' ਵਜੋਂ ਸ਼ਲਾਘਾਯੋਗ ਸੇਵਾਵਾਂ ਨਿਭਾ ਰਹੇ ਸਨ ਦਾ ਸਿੱਖ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਚੁਣੇ ਜਾਣ ਨਾਲ, ਸੁਸਾਇਟੀ ਵਿਦਿਆ ਦੇ ਖੇਤਰ ਵਿਚ ਪ੍ਰਭਾਵਸ਼ਾਲੀ ਅਤੇ ਉਸਾਰੂ ਭੂਮਿਕਾ ਨਿਭਾਉਣ ਹਿਤ ਮੀਲ ਪੱਥਰ ਸਾਬਤ ਹੋਵੇਗੀ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ ਤਰਲੋਚਨ ਸਿੰਘ ਵਾਰੀਆ ਸੀਨੀਅਰ ਉਪ ਚੇਅਰਮੈਨ, ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਅਤੇ ਸਿੱਖ ਨੈਸ਼ਨਲ ਕਾਲਜ ਬੰਗਾ, ਜਿਲਾ ਸ਼ਹੀਦ ਭਗਤ ਸਿੰਘ ਨਗਰ ਦੀ ਲੋਕਲ ਮੈਨੇਜਿੰਗ ਕਮੇਟੀ ਦੇ ਮੈਂਬਰ ਨੇ ਸੰਸਥਾ ਦੀ ਇਕ ਮਹੱਤਵਪੂਰਨ ਮੀਟਿੰਗ ਵਿਚ ਜਾਣਕਾਰੀ ਸਾਂਝੀ ਕਰਦਿਆਂ ਕੀਤਾ। ਸ ਵਾਰੀਆ ਨੇ ਆਖਿਆ ਕਿ ਸ ਗੁਰਵੀਰ ਸਿੰਘ ਬਰਾੜ ਦੇ ਸਤਿਕਾਰ ਯੋਗ ਪਿਤਾ ਸ ਗੁਰਦੇਵ ਸਿੰਘ ਬਰਾੜ ਸਾਬਕਾ ਆਈ ਏ ਐਸ ਪਿਛਲੇ ਲੰਮੇ ਸਮੇਂ ਤੋਂ ਸੁਸਾਇਟੀ ਦੇ ਪ੍ਰਧਾਨ ਚਲੇ ਆ ਰਹੇ ਸਨ, ਅਤੇ ਇਕ ਮਹੀਨਾ ਪਹਿਲਾਂ ਹੀ ਉਨ੍ਹਾਂ ਦੇ ਅਕਾਲ ਚਲਾਣੇ ਨਾਲ ਇਹ ਅਹੁਦਾ ਖਾਲੀ ਹੋ ਗਿਆ ਸੀ। ਇਸ ਅਵਸਰ ਤੇ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਜਥੇਦਾਰ ਸਵਰਨਜੀਤ ਸਿੰਘ ਪਠਲਾਵਾ ਮੁਖੀ ਧਾਰਮਿਕ ਵਿੰਗ,ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ, ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ, ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ,ਸੰਸਥਾ ਦੇ ਵਿੱਤ ਸਕੱਤਰ ਅਤੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ, ਸੰਦੀਪ ਕੁਮਾਰ ਗੌੜ, ਡਾ ਪਰਮਿੰਦਰ ਸਿੰਘ ਵਾਰੀਆ,ਅਮਰਜੀਤ ਸਿੰਘ ਸੂਰਾਪੁਰ,ਡਾ ਸੰਜੀਵ ਕੁਮਾਰ ਐਮਾਂ ਜਟਾਂ ਅਤੇ ਹਰਪ੍ਰੀਤ ਸਿੰਘ ਖਾਲਸਾ ਸਮੂਹ ਅਹੁਦੇਦਾਰ ਅਤੇ ਮੈਂਬਰਾਨ ਸਮੇਤ ਇਸਤਰੀ ਵਿੰਗ ਵਲੋਂ ਸ ਗੁਰਵੀਰ ਸਿੰਘ ਬਰਾੜ ਨੂੰ ਸੁਸਾਇਟੀ ਦੇ ਬਤੌਰ ਅਗਲੇ ਚਾਰ ਸਾਲਾਂ ਲਈ ਪ੍ਰਧਾਨ ਚੁਣੇ ਜਾਣ ਤੇ ਬੁਹਤ ਬੁਹਤ ਵਧਾਈਆਂ ਪ੍ਰਵਾਨ ਹੋਵਣ ਜੀ। ਉਹਨਾਂ ਨੇ ਆਖਿਆ ਕਿ ਆਉਣ ਵਾਲੇ ਸਮੇਂ ਵਿਚ ਸਿੱਖ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਬੰਧਾਂ ਹੇਠ ਚਲਣ ਵਾਲੀਆਂ ਸਿੱਖ ਵਿਦਿਅਕ ਸੰਸਥਾਵਾਂ ਦਿਨ ਦੁੱਗਣੀ ਰਾਤ ਚੌਗਣੀ ਤਰੱਕੀ ਕਰਨਗੀਆ। ਗੌਰਤਲਬ ਹੈ ਕਿ ਸ ਗੁਰਵੀਰ ਸਿੰਘ ਬਰਾੜ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਬੁਹਤ ਹੀ ਸ਼ੁਭਚਿੰਤਕ, ਸ ਵਾਰੀਆ ਬ੍ਰਦਰਜ਼ ਅਤੇ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ ਦੇ ਬੜੇ ਨਜ਼ਦੀਕੀ ਹਨ। ਹੋਰਨਾਂ ਤੋਂ ਇਲਾਵਾ ਬਰਾੜ ਸਾਹਿਬ ਨੂੰ ਵਧਾਈਆਂ ਦੇਣ ਵਾਲਿਆਂ ਵਿੱਚ ਸਤੀਸ਼ ਕੁਮਾਰ ਐਮਾਂ ਜਟਾਂ, ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਪ੍ਰੋ ਚਰਨਜੀਤ ਸਿੰਘ ਪੋਸੀ, ਮਾਸਟਰ ਰਮੇਸ਼ ਕੁਮਾਰ ਪਠਲਾਵਾ, ਡਾਕਟਰ ਕੁਲਦੀਪ ਰਾਜ ਬੰਗਾ, ਪਰਵਿੰਦਰ ਸਿੰਘ ਪੋਸੀ , ਕੈਪਟਨ ਸ ਜੋਗਾ ਸਿੰਘ ਪਠਲਾਵਾ, ਸੇਵਾ ਸਿੰਘ ਪਠਲਾਵਾ, ਜਤਿੰਦਰਪਾਲ ਸਿੰਘ ਸੂਰਾਪੁਰ, ਆਤਮਾ ਸਿੰਘ ਸੂਰਾਪੁਰ ਸ਼ਾਮਲ ਸਨ

**ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

## ਐਮ.ਟੀ.ਐੱਸ. ਬਰਨਾਲਾ ਵਿਖੇ ਦੁਸਹਿਰੇ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ

**ਬਰਨਾਲਾ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ )**-ਐਮ.ਟੀ.ਐੱਸ. ਬਰਨਾਲਾ ਵਿਖੇ ਦੁਸਹਿਰੇ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਸਮਾਗਮ ਦੌਰਾਨ ਦਿਨ ਦੇ ਵਿਚਾਰ, ਵਿਦਿਆਰਥੀ ਵੱਲੋਂ ਪ੍ਰੇਰਨਾਦਾਇਕ ਭਾਸ਼ਣ, ਮਨਮੋਹਕ ਨਾਚ-ਪੇਸ਼ਕਾਰੀਆਂ, ਮਹਿਸ਼ਾਸੁਰ ਵਧ ਅਤੇ ਵਿਦਿਆਰਥੀਆਂ ਵੱਲੋਂ ਰਾਮਾਇਣ ਦੀ ਸੁੰਦਰ ਪੇਸ਼ਕਾਰੀ ਨੇ ਸਭ ਦਾ ਮਨ ਮੋਹ ਲਿਆ। ਵਿਦਿਆਰਥੀਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਭਾਰਤੀ ਸੱਭਿਆਚਾਰ ਅਤੇ ਪਰੰਪਰਾਵਾਂ ਦੀ ਅਮੀਰ ਵਿਰਾਸਤ ਨੂੰ ਦਰਸਾਉਂਦਿਆਂ ਸੱਚਾਈ, ਧਰਮ ਅਤੇ ਨੇਕੀ ਦੀ ਜਿੱਤ ਦਾ ਸੰਦੇਸ਼ ਦਿੱਤਾ। ਇਸ ਸਮਾਗਮ ਨੇ ਇਹ ਪ੍ਰੇਰਣਾ ਦਿੱਤੀ ਕਿ ਦੁਸਹਿਰਾ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਹੈ। ਸਮਾਗਮ ਦੀ ਸਮਾਪਤੀ ਰਵਾਇਤੀ ਰਾਵਣ ਦਹਨ ਨਾਲ ਹੋਈ, ਜਿਸ ਨੇ ਹੰਕਾਰ ਅਤੇ ਬੁਰਾਈ ਉੱਤੇ ਨੇਕੀ ਦੀ ਜਿੱਤ ਦਾ ਸੰਦੇਸ਼ ਦਿੰਦਿਆਂ ਸਾਰਿਆਂ ਨੂੰ ਚੰਗੇ ਨੈਤਿਕ ਮੁੱਲ ਅਪਣਾਉਣ ਲਈ ਪ੍ਰੇਰਿਤ ਕੀਤਾ।

## ਸੂਰਿਆ ਸਿਟੀ ਸਨੀ ਇਨਕਲੇਵ ਵਿਖੇ ਕੀਰਤਨ ਅਤੇ ਡਾਂਡੀਆ ਨਾਈਟ ਦਾ ਸ਼ਾਨਦਾਰ ਆਯੋਜਨ



**ਖਰੜ, 19 ਅਕਤੂਬਰ (ਆਵਾਜ਼ਿ ਕੌਮ ਬਿਊਰੋ )**-- ਸੂਰਿਆ ਸਿਟੀ ਸਨੀ ਇਨਕਲੇਵ ਵਿਖੇ ਸੂਰਿਆ ਸਿਟੀ ਰੈਜ਼ੀਡੈਂਟਸ ਵੈਲਫੇਅਰ ਐਸੋਸੀਏਸ਼ਨ (RWA) ਵੱਲੋਂ 'ਉਤਸਵ ਗਰੁੱਪ ਆਫ਼ ਲੇਡੀਜ਼' ਦੇ ਸਹਿਯੋਗ ਨਾਲ ਕੀਰਤਨ ਅਤੇ ਡਾਂਡੀਆ ਨਾਈਟ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਧਾਰਮਿਕ ਅਤੇ ਸੱਭਿਆਚਾਰਕ ਸਮਾਗਮ ਦਾ ਆਯੋਜਨ ਸ਼੍ਰੀਮਤੀ ਈਸ਼ਾ ਖੇੜਾ, ਸ਼੍ਰੀਮਤੀ ਮਮਤਾ, ਸ਼੍ਰੀ ਬਹਾਦਰ ਸਿੰਘ ਭੱਟੀ ਅਤੇ ਸ਼੍ਰੀ ਅਰਵਿੰਦ ਚੰਦੇਲ ਦੀ ਅਗਵਾਈ ਹੇਠ ਕੀਤਾ ਗਿਆ ।ਸਮਾਗਮ ਦੌਰਾਨ ਚੰਡੀਗੜ੍ਹ ਤੋਂ ਪਹੁੰਚੇ ਅਰਜੁਨ ਅਤੇ ਦੀਪਾ ਵੱਲੋਂ ਭਜਨ-ਕੀਰਤਨ ਰਾਹੀਂ ਮਾਤਾ ਰਾਣੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਇਸ ਮੌਕੇ ਮਾਤਾ ਰਾਣੀ ਦੀਆਂ ਮਨਮੋਹਕ ਝਾਕੀਆਂ ਵੀ ਪੇਸ਼ ਕੀਤੀਆਂ ਗਈਆਂ। ਸ਼ਰਧਾਲੂਆਂ ਲਈ ਲੰਗਰ ਅਤੇ ਪ੍ਰਸ਼ਾਦ ਦਾ ਪ੍ਰਬੰਧ ਕੀਤਾ ਗਿਆ। ਇਸ ਤੋਂ ਬਾਅਦ ਆਯੋਜਿਤ ਡਾਂਡੀਆ ਨਾਈਟ ਵਿੱਚ ਇਲਾਕੇ ਦੇ ਵਸਨੀਕਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਰਵਾਇਤੀ ਡਾਂਡੀਆ ਨਾਚ ਰਾਹੀਂ ਸਮਾਗਮ ਨੂੰ ਯਾਦਗਾਰੀ ਬਣਾਇਆ ।ਇਸ ਸ਼ੁਭ ਮੌਕੇ 'ਤੇ ਸੂਰਿਆ ਸਿਟੀ RWA ਦੇ ਪ੍ਰਧਾਨ ਵਰਿੰਦਰ ਕੁਮਾਰ ਅਤੇ ਕੋਰ ਕਮੇਟੀ ਦੇ ਮੈਂਬਰਾਂ ਨੇ ਸਮਾਗਮ ਦੇ ਸਫ਼ਲ ਆਯੋਜਨ ਲਈ ਸ਼੍ਰੀਮਤੀ ਈਸ਼ਾ ਖੇੜਾ, ਸ਼੍ਰੀਮਤੀ ਮਮਤਾ, ਸ਼੍ਰੀ ਬਹਾਦਰ ਸਿੰਘ ਭੱਟੀ, ਸ਼੍ਰੀ ਅਰਵਿੰਦ ਚੰਦੇਲ ਅਤੇ ਗਲੀ ਨੰਬਰ 5 ਦੇ ਸਮੂਹ ਨਿਵਾਸੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਅਤੇ ਸੱਭਿਆਚਾਰਕ ਸਮਾਗਮ ਸਮਾਜ ਵਿੱਚ ਆਪਸੀ ਪਿਆਰ, ਭਾਈਚਾਰਕ ਸਾਂਝ ਅਤੇ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243